ਸਾਂਝੀ ਸੋਚ

SANJHI SOCH

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

VOL-13 ISSUE 2488 | 7 June, 2026 Sunday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260



ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ

ਅੰਮ੍ਰਿਤਸਰ +91 81463 20009

ਪਟਿਆਲਾ +91 79735 07533

DOWNLOAD THE APP

NOW AVAILABLE ON

24x7 LIVE STREAMING

ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ


# ਅਮਰੀਕਾ ਦੇ ਓਹੀਓ 'ਚ ਸਟ੍ਰੀਟ ਫੈਸਟੀਵਲ ਦੌਰਾਨ ਹੋਈ ਫਾਇਰਿੰਗ

**ਓਹੀਓ ਸਾਂਝੀ ਸੋਚ ਬਿਊਰੋ**

ਸ਼ਨੀਵਾਰ ਨੂੰ ਓਹੀਓ ਦੇ ਟੋਲੇਡੋ ਵਿੱਚ ਇੱਕ ਸਟ੍ਰੀਟ ਫੈਸਟੀਵਲ ਦੌਰਾਨ ਫਾਇਰਿੰਗ ਹੋਣ ਦੀ ਖਬਰ ਸਾਹਮਣੇ ਆਈ ਹੈ। ਇਸ ਫਾਇਰਿੰਗ 'ਚ ਕਈ ਲੋਕ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਨੇੜਲੇ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ ਹੈ, ਜਦੋਂ ਕਿ ਫਾਇਰਿੰਗ ਕਰਨ ਵਾਲੇ ਸ਼ੱਕੀਆਂ ਦੀ ਭਾਲ ਜਾਰੀ ਹੈ।ਇਸ ਘਟਨਾ ਬਾਰੇ ਪੁਲਿਸ ਦਾ ਕਹਿਣਾ ਹੈ ਕਿ ਉਹ ਇਸ ਘਟਨਾ ਵਿੱਚ ਸ਼ਾਮਲ ਸ਼ੱਕੀਆਂ ਦੀ ਭਾਲ ਕਰ ਰਹੀ ਹੈ। ਇਸ ਹਮਲੇ 'ਚ ਇੱਕ ਜਾਂ ਇੱਕ ਤੋਂ ਵੱਧ ਹਮਲਾਵਰ ਸ਼ਾਮਿਲ ਹੋ ਸਕਦੇ ਹਨ। ਟੋਲੇਡੋ ਪੁਲਿਸ ਦੇ ਅਨੁਸਾਰ, ਗੋਲੀਬਾਰੀ ਸਥਾਨਕ ਸਮੇਂ ਅਨੁਸਾਰ ਸ਼ਾਮ 5:37 ਵਜੇ ਦੇ ਕਰੀਬ ਓਲਡ ਵੈਸਟ ਐਂਡ ਫੈਸਟੀਵਲ ਨੇੜੇ ਹੋਈ। ਮੁੱਢਲੀ ਜਾਣਕਾਰੀ ਅਨੁਸਾਰ ਅੱਠ ਲੋਕਾਂ ਨੂੰ ਗੋਲੀ ਲੱਗੀ ਹੈ, ਜਿਨ੍ਹਾਂ ਸਾਰਿਆਂ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ ਅਤੇ ਸਾਰਿਆਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।ਘਟਨਾ ਦਾ ਇੱਕ ਵੀਡੀਓ ਸਾਹਮਣੇ ਆਇਆ ਹੈ, ਜਿਸ ਵਿੱਚ ਲਗਾਤਾਰ ਗੋਲੀਬਾਰੀ ਹੁੰਦੀ ਦਿਖਾਈ ਦੇ ਰਹੀ ਹੈ। ਲੋਕ ਬਚਣ ਲਈ ਭੱਜ ਰਹੇ ਸਨ ਅਤੇ ਚੀਕ ਰਹੇ ਸਨ।



# ਵੈਭਵ ਸੂਰਿਆਵੰਸ਼ੀ ਭਾਰਤੀ ਟੀਮ 'ਚ ਸ਼ਾਮਲ ਤੋੜਿਆ ਸਚਿਨ ਤੇਂਦੁਲਕਰ ਦਾ ਰਿਕਾਰਡ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਆਗਾਮੀ ਟੀ-20 ਸੀਰੀਜ਼ ਅਤੇ ਏਸ਼ੀਅਨ ਗੇਮਜ਼ ਲਈ ਭਾਰਤੀ ਟੀਮ ਦਾ ਐਲਾਨ ਕਰਦਿਆਂ ਇੱਕ ਨਵਾਂ ਇਤਿਹਾਸ ਰਚ ਦਿੱਤਾ ਹੈ। ਮਹਿਜ਼ 15 ਸਾਲ 71 ਦਿਨਾਂ ਦੇ ਹੈਰਾਨੀਜਨਕ ਬੱਲੇਬਾਜ਼ ਵੈਭਵ ਸੂਰਿਆਵੰਸ਼ੀ ਨੂੰ ਪਹਿਲੀ ਵਾਰ ਸੀਨੀਅਰ ਭਾਰਤੀ ਟੀਮ 'ਚ ਜਗ੍ਹਾ ਮਿਲੀ ਹੈ। ਵੈਭਵ ਭਾਰਤ ਵੱਲੋਂ ਕੌਮਾਂਤਰੀ ਕ੍ਰਿਕਟ ਟੀਮ ਵਿਚ ਚੁਣੇ ਜਾਣ ਵਾਲੇ ਹੁਣ ਤੱਕ ਦੇ ਸਭ ਤੋਂ ਘੱਟ ਉਮਰ ਦੇ ਖਿਡਾਰੀ ਬਣ ਗਏ ਹਨ। ਉਨ੍ਹਾਂ ਨੂੰ ਜੂਨ-ਜੁਲਾਈ ਵਿਚ ਆਇਰਲੈਂਡ ਤੇ ਇੰਗਲੈਂਡ ਖ਼ਿਲਾਫ਼ ਟੀ-20 ਸੀਰੀਜ਼ ਅਤੇ ਸਤੰਬਰ ਵਿਚ ਹੋਣ ਵਾਲੀਆਂ ਏਸ਼ੀਅਨ ਗੇਮਜ਼ ਲਈ ਚੁਣਿਆ ਗਿਆ ਹੈ।

ਇਸ ਦੇ ਨਾਲ ਹੀ ਬੋਰਡ ਨੇ ਕਪਤਾਨੀ ਨੂੰ ਲੈ ਕੇ ਵੀ ਬੇਹੱਦ ਹੈਰਾਨੀਜਨਕ ਫ਼ੈਸਲਾ ਲਿਆ ਹੈ। ਟੀ-20 ਵਿਸ਼ਵ ਕੱਪ ਜੇਤੂ ਸਟਾਰ ਬੱਲੇਬਾਜ਼ ਸੂਰਿਆਕੁਮਾਰ ਯਾਦਵ ਤੋਂ ਕਪਤਾਨੀ ਖੋਹ ਲਈ ਗਈ ਹੈ ਅਤੇ ਖ਼ਰਾਬ ਫਾਰਮ ਕਾਰਨ ਉਨ੍ਹਾਂ ਨੂੰ ਟੀਮ ਵਿਚੋਂ ਵੀ ਬਾਹਰ ਕਰ ਦਿੱਤਾ ਗਿਆ ਹੈ। ਉਨ੍ਹਾਂ ਦੀ ਜਗ੍ਹਾ ਸ਼੍ਰੇਅਸ ਅਈਅਰ ਨੂੰ ਟੀ-20 ਫਾਰਮੈਟ ਦਾ ਨਵਾਂ ਕਪਤਾਨ ਨਿਯੁਕਤ ਕੀਤਾ ਗਿਆ ਹੈ, ਜਦਕਿ ਨੌਜਵਾਨ ਬੱਲੇਬਾਜ਼ ਤਿਲਕ ਵਰਮਾ ਟੀਮ ਦੇ ਉਪ-ਕਪਤਾਨ ਹੋਣਗੇ।ਵੈਭਵ (15 ਸਾਲ, 71 ਦਿਨ) ਨੇ ਮਹਿਲਾ ਕ੍ਰਿਕਟਰ ਸ਼ੇਫਾਲੀ ਵਰਮਾ (15 ਸਾਲ, 220 ਦਿਨ) ਅਤੇ ਸਚਿਨ ਤੇਂਦੁਲਕਰ (16 ਸਾਲ, 194 ਦਿਨ) ਦਾ ਸਭ ਤੋਂ ਘੱਟ ਉਮਰ ਵਿਚ ਚੁਣੇ ਜਾਣ ਦਾ ਰਿਕਾਰਡ ਤੋੜ ਦਿੱਤਾ ਹੈ। ਜੇਕਰ ਵੈਭਵ ਨੂੰ ਇਸ ਦੌਰੇ ਜਾਂ ਏਸ਼ੀਅਨ ਗੇਮਜ਼ ਵਿਚ ਇੱਕ ਵੀ ਮੈਚ ਖੇਡਣ ਦਾ ਮੌਕਾ ਮਿਲਦਾ ਹੈ, ਤਾਂ ਉਹ ਸ਼ੇਫਾਲੀ (15 ਸਾਲ 239 ਦਿਨ) ਅਤੇ ਸਚਿਨ (16 ਸਾਲ 205 ਦਿਨ) ਨੂੰ ਪਿੱਛੇ ਛੱਡ ਕੇ ਭਾਰਤ ਲਈ ਖੇਡਣ ਵਾਲੇ ਸਭ ਤੋਂ ਨੌਜਵਾਨ ਖਿਡਾਰੀ ਬਣ ਜਾਣਗੇ। ਢਾਈ



ਸਾਲ ਬਾਅਦ ਟੀ-20 ਟੀਮ ਵਿਚ ਪਰਤ ਰਹੇ ਸ਼੍ਰੇਅਸ ਅਈਅਰ ਨੂੰ ਸਿੱਧਾ ਟੀਮ ਦੀ ਕਪਤਾਨੀ ਸੌਂਪੀ ਗਈ ਹੈ।ਵੈਭਵ ਸੂਰਿਆਵੰਸ਼ੀ ਨੂੰ ਟੀਮ ਵਿਚ ਸ਼ਾਮਲ ਕਰਨ ਦਾ ਸਭ ਤੋਂ ਵੱਡਾ ਕਾਰਨ ਆਈ.ਪੀ.ਐੱਲ ਦਾ ਬੀਤਿਆ ਸੀਜ਼ਨ ਰਿਹਾ। ਆਈ.ਪੀ.ਐੱਲ 2026 ਵਿਚ ਇਸ 15 ਸਾਲਾ ਖਿਡਾਰੀ ਨੇ ਸਭ ਤੋਂ ਵੱਧ 776 ਰਨ ਬਣਾਏ ਅਤੇ 'ਓਰੇਂਜ ਕੈਪ' 'ਤੇ ਕਬਜ਼ਾ ਕੀਤਾ। ਵੈਭਵ ਨੇ ਇਸ ਸੀਜ਼ਨ 'ਚ ਮਹਿਜ਼ 36 ਗੇਂਦਾਂ ਵਿਚ ਸੈਂਕੜਾ ਠੋਕਣ ਦਾ ਕਾਰਨਾਮਾ ਵੀ ਕੀਤਾ ਸੀ। ਉਨ੍ਹਾਂ ਨੇ ਮੋਸਟ ਵੈਲਯੂਏਬਲ ਪਲੇਅਰ, ਇਮਰਜਿੰਗ ਪਲੇਅਰ ਆਫ਼ ਦਿ ਈਅਰ, ਸੁਪਰ ਸਟ੍ਰਾਈਕਰ ਅਤੇ ਸਭ ਤੋਂ ਵੱਧ ਛੱਕੇ ਮਾਰਨ ਦਾ ਐਵਾਰਡ ਵੀ ਜਿੱਤਿਆ।ਨਵੇਂ ਕਪਤਾਨ ਸ਼੍ਰੇਅਸ ਅਈਅਰ ਨੇ ਆਪਣਾ ਆਖਰੀ ਟੀ-20 ਕੌਮਾਂਤਰੀ ਮੈਚ ਦਸੰਬਰ 2023 'ਚ ਖੇਡਿਆ ਸੀ। ਆਈ.ਪੀ.ਐੱਲ. 2026 'ਚ ਪੰਜਾਬ ਕਿੰਗਜ਼ ਲਈ 168.81 ਦੇ ਤੂਫ਼ਾਨੀ ਸਟ੍ਰਾਈਕ ਰੇਟ ਨਾਲ 498 ਰਨ ਬਣਾਉਣ ਅਤੇ ਲਖਨਊ ਖ਼ਿਲਾਫ਼ ਪਹਿਲਾ ਆਈ.ਪੀ.ਐੱਲ. ਸੈਂਕੜਾ ਜੜਨ ਦਾ ਇਨਾਮ ਉਨ੍ਹਾਂ ਨੂੰ ਕਪਤਾਨ ਵਜੋਂ ਮਿਲਿਆ ਹੈ। ਸ਼੍ਰੇਅਸ ਨੇ 2024 ਵਿਚ ਕੇ.ਕੇ.ਆਰ ਨੂੰ ਚੈਂਪੀਅਨ ਬਣਾਇਆ ਸੀ ਅਤੇ 2025 'ਚ ਪੰਜਾਬ ਨੂੰ ਫਾਈਨਲ ਤੱਕ ਲੈ ਕੇ ਗਏ ਸਨ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Ph: (414) 551-0530
Simranveer Singh
Realtor
The JRP Group
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
OPEN
NOW HIRING
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH
DAILY NEWSPAPER
2601 Oakdale Road,
Suite H2-167 Modesto,
CA 95355 USA
Cell: (209) 303-1260
Email: info@sanjhisoch.com
Visit at: www.sanjhisoch.com

# ਮੈਂ ਕੈਂਸਰ ਸਰਵਾਈਵਰ ਹਾਂ (ਨੈਸ਼ਨਲ ਕੈਂਸਰ ਸਰਵਾਈਵਰ ਡੇ 'ਤੇ ਵਿਸ਼ੇਸ਼)




ਰੋਗ ਤਾਂ ਕੋਈ ਵੀ ਹੋਵੇ ਮਾੜਾ ਹੀ ਹੁੰਦਾ ਹੈ ਪਰ ਜੇ ਕਿਸੇ ਵੀ ਰੋਗੀ ਨੂੰ ਦਿਲਾਸਾ ਦੇ ਕੇ ਉਸ ਨਾਲ ਹਮਦਰਦੀ ਦੇ ਨਾਲ ਨਾਲ ਉਸਾਰੂ ਵਿਚਾਰਾਂ ਦੀ ਚਰਚਾ ਕੀਤੀ ਜਾਵੇ ਤਾਂ ਉਸ ਦਾ ਦੁੱਖ ਘਟ ਕੇ ਅੱਧਾ ਰਹਿ ਜਾਂਦਾ ਹੈ ਪਰ ਜੇ ਕੋਈ ਉਸ ਦੇ ਰੋਗ ਨਾਲ ਸਬੰਧਤ ਦਿਲ ਢਾਹੁਣ ਵਾਲੀ ਚਰਚਾ ਕਰਕੇ ਚਲਿਆ ਜਾਵੇ ਤਾਂ ਰੋਗੀ ਦਾ ਰੋਗ ਦੁੱਗਣਾ ਹੋ ਜਾਂਦਾ ਹੈ ਕਿਉਂਕਿ ਉਸ ਦੇ ਮਨ ਵਿੱਚ ਹਮਦਰਦੀ ਜਤਾਉਣ ਆਏ ਲੋਕਾਂ ਦੇ ਵਿਚਾਰ ਬਹੁਤ ਦੇਰ ਤੱਕ ਘੁੰਮਦੇ ਰਹਿੰਦੇ ਹਨ ਤੇ ਉਹ ਮੰਜੇ ਤੇ ਪਿਆ ਚਰਚਾ ਕੀਤੀਆਂ ਗਈਆਂ ਘਟਨਾਵਾਂ ਨੂੰ ਆਪਣੇ ਨਾਲ ਜੋੜ ਕੇ ਘੰਟਿਆਂ ਬੱਧੀ ਸੋਚਦਾ ਰਹਿੰਦਾ ਹੈ। ਮੈਂ ਵੀ ਲਾਇੰਫੋਮਾ ਦੀ ਚੌਥੀ ਸਟੇਜ ਦੀ ਇੱਕ ਕੈਂਸਰ ਸਰਵਾਈਵਰ ਹਾਂ। ਦੋ ਸਾਲ ਪਹਿਲਾਂ ਲੰਬੇ ਬੁਖਾਰ ਤੋਂ ਬਾਅਦ ਡਾਕਟਰਾਂ ਵੱਲੋਂ ਜਦ ਮੇਰੇ ਅੰਦਰ ਕੈਂਸਰ ਹੋਣ ਦਾ ਖਦਸ਼ਾ, ਫਿਰ ਟੈਸਟ, ਬਾਇਓਪਸੀ ਕਰਵਾਇਆ ਜਾ ਰਿਹਾ ਸੀ ਤਾਂ ਘਰ ਦੇ ਚਾਹੇ ਮੇਰੇ ਤੋਂ ਕਈ ਗੱਲਾਂ ਛੁਪਾ ਰਹੇ ਸਨ ਪਰ ਮੈਨੂੰ ਸਭ ਕੁਝ ਸਮਝ ਆ ਰਿਹਾ ਸੀ। ਹਰ ਇੱਕ ਪਲ ਮੇਰੇ ਲਈ ਅਸਹਿ ਸੀ। ਮੈਂ ਆਪਣੀਆਂ ਰਿਪੋਰਟਾਂ ਖ਼ੁਦ ਪੜ੍ਹਦੀ ਸੀ , ਜਿਨ੍ਹਾਂ ਤੋਂ ਮੈਨੂੰ ਬੀਮਾਰੀ ਬਾਰੇ ਸਭ ਕੁਝ ਪਤਾ ਲੱਗ ਰਿਹਾ ਸੀ।

ਮੈਂ ਕੀਮੋਥੈਰੇਪੀ ਤੋਂ ਬਹੁਤ ਡਰਦੀ ਸੀ ਕਿਉਂਕਿ ਸੁਣਿਆ ਹੋਇਆ ਸੀ ਕਿ ਇਹ ਇਲਾਜ ਬਹੁਤ ਦੁਖਦਾਇਕ ਹੁੰਦਾ ਹੈ,ਇਸ ਨਾਲ ਸਿਰ ਦੇ ਸਾਰੇ ਵਾਲ ਉਤਰ ਜਾਂਦੇ ਹਨ ਤੇ ਸਰੀਰ ਵਿੱਚ ਹੋਰ ਕਈ ਤਰ੍ਹਾਂ ਦੀਆਂ ਤਬਦੀਲੀਆਂ ਆਉਂਦੀਆਂ ਹਨ। ਹਰੇਕ ਔਰਤ ਲਈ ਉਸ ਦੇ ਵਾਲ਼ ਸਭ ਤੋਂ ਪਿਆਰੀ ਚੀਜ਼ ਹੁੰਦੀ ਹੈ ਕਿਉਂਕਿ ਉਹਨਾਂ ਨਾਲ਼ ਹੀ ਔਰਤ ਦੀ ਸੁੰਦਰਤਾ ਨੂੰ ਚਾਰ ਚੰਨ ਲੱਗਦੇ ਹਨ।

ਜਿਸ ਦਿਨ ਔਨਕੋਲੋਜਿਸਟ ਕੋਲੋਂ ਇਲਾਜ ਸ਼ੁਰੂ ਹੋਣਾ ਸੀ, ਡਾਕਟਰ ਦੇ ਸਾਹਮਣੇ ਬੈਠੀ ਮੈਂ ਸਿਰਫ਼ ਪਰਮਾਤਮਾ ਦਾ ਲੜ ਫੜੀ ਬੈਠੀ ਸੀ, ਡਾਕਟਰ ਨੇ ਜਦ ਕਿਹਾ ਕਿ ਤੁਹਾਨੂੰ ਬਾਰਾਂ ਕੀਮੋ ਇੰਜੈਕਸ਼ਨ ਲੱਗਣਗੇ, ਛੇਤੀ ਤੋਂ ਛੇਤੀ ਇਲਾਜ ਸ਼ੁਰੂ ਕਰੋ। ਪਰਮਾਤਮਾ ਦਾ ਲੜ ਛੁੱਟ ਕੇ ਦਿਮਾਗ਼ ਵਿੱਚ ਕੀਮੋ,ਕੀਮੋ ਗੂੰਜਣ ਲੱਗੀ ,ਬਾਹਰ ਨਿਕਲ਼ੇ ਤਾਂ ਮੇਰੇ ਪਤੀ ਆਖਣ ਲੱਗੇ,"ਲੈ..... ਤੂੰ ਤਾਂ ਐਵੇਂ ਘਬਰਾਈ ਜਾਂਦੀ ਸੀ..... ਸਿਰਫ਼ ਬਾਰਾਂ ਇੰਜੈਕਸ਼ਨ ਲੱਗਣੇ ਨੇ....!" ਮੈਂ ਨਾਲ਼ ਤੁਰੀ ਜਾਂਦੀ ਅੱਖਾਂ ਵਿੱਚੋਂ ਪਾਣੀ ਦੀਆਂ ਧਾਰਾਂ ਵਹਿਣ ਤੋਂ ਰੋਕ ਰਹੀ ਸੀ ਤੇ ਗਲੇਡੂ ਭਰੇ ਹੋਣ ਕਾਰਨ ਕੁਝ ਬੋਲਿਆ ਵੀ ਨਹੀਂ ਜਾ ਰਿਹਾ ਸੀ। ਮੈਂ ਕਾਰ ਵਿੱਚ ਬੈਠ ਕੇ ਫੁੱਟ ਫੁੱਟ ਕੇ ਰੋਈ ਤਾਂ ਮੇਰੇ ਪਤੀ ਨੇ ਫ਼ਿਰ ਮੈਨੂੰ ਕਿਹਾ," ਤੂੰ ਸੋਚ..... ਆਪਾਂ ਕਿੰਨੇ ਲੱਕੀ ਹਾਂ..... ਜਿਹਨਾਂ ਨੂੰ ਸਮੇਂ ਤੇ ਪਤਾ ਲੱਗ ਗਿਆ.... ਜੇ ਬੁਖਾਰ ਠੀਕ ਕਰਕੇ ਹੀ ਛੁੱਟੀ ਕਰ ਦਿੰਦੇ....?"

ਮੈਂ ਕਿਹਾ," ਨਹੀਂ.... ਮੈਂ ਡਰ ਕੇ ਨਹੀਂ ਰੋ ਰਹੀ.... ਮੈਂ ਆਪਣੇ ਆਪ ਦੇ ਅੰਦਰੋਂ ਗੁਬਾਰ ਬਾਹਰ ਕੱਢ ਕੇ...... ਜ਼ਿੰਦਗੀ ਦੀ ਅਗਲੀ ਜੰਗ ਲੜਨ ਲਈ ਤਿਆਰ ਹੋ ਰਹੀ ਹਾਂ....।"

ਕੀਮੋਥੈਰੇਪੀ ਸ਼ੁਰੂ ਹੋ ਗਈ ਸੀ, ਪਹਿਲਾਂ ਦੋ ਤਿੰਨ ਮਹੀਨੇ ਤੋਂ ਚੱਲ ਰਹੇ ਲੰਬੇ ਬੁਖਾਰ ਕਾਰਨ ਬਹੁਤ ਕਮਜ਼ੋਰੀ ਹੋ ਗਈ ਸੀ ਤੇ ਪਹਿਲੀ ਕੀਮੋ ਤੋਂ ਬਾਅਦ ਮੇਰੀ ਸਿਹਤ ਵਿੱਚ ਬਹੁਤ ਗਿਰਾਵਟ ਆਈ ਦੂਜੀ ਤੇ ਤੀਜੀ ਕੀਮੋ ਤੋਂ ਬਾਅਦ ਤਾਂ ਸਿਹਤ ਕੁਝ ਵੀ ਕਰਨ ਨੂੰ ਇਜਾਜ਼ਤ ਨਹੀਂ ਦੇ ਰਹੀ ਸੀ। ਮੇਰਾ ਵੀਹ ਕਿੱਲੋ ਤੋਂ ਵੀ ਜ਼ਿਆਦਾ ਭਾਰ ਘਟ ਗਿਆ ਸੀ । ਮੇਰੇ ਪਤੀ ਮੈਨੂੰ ਇੱਕ ਬੱਚੇ ਵਾਂਗ ਸੰਭਾਲਦੇ ਸਨ। ਉਹਨਾਂ ਨੇ ਇੱਕ ਚੰਗੀ ਨਰਸ ਵਾਂਗ ਦਵਾਈਆਂ ਮੇਰੀਆਂ ਦਵਾਈਆਂ ਦਾ ਧਿਆਨ ਰੱਖਣਾ ਤੇ ਆਪ ਮੈਨੂੰ ਸਮੇਂ ਸਮੇਂ ਤੇ ਦੇਣੀਆਂ। ਇੱਕ ਮਾਂ ਵਾਂਗ ਮੇਰੀ ਖੁਰਾਕ ਦਾ ਧਿਆਨ ਰੱਖਣਾ। ਮੇਰਾ ਬੇਟਾ ਬਹੂ ਅਮਰੀਕਾ ਤੋਂ ਮੈਨੂੰ ਰੋਜ਼ ਫੋਨ ਕਰਕੇ ਬਹੁਤ ਹੌਸਲਾ ਤੇ ਦਿਲਾਸਾ ਦੇ ਰਹੇ ਸਨ ਜੋ ਮੇਰੇ ਲਈ ਕਿਸੇ ਟੌਨਿਕ ਤੋਂ ਘੱਟ ਨਹੀਂ ਸੀ। ਇੱਕ ਕੈਂਸਰ ਦੇ ਮਰੀਜ਼ ਲਈ ਦਵਾਈ ਦੇ ਨਾਲ ਨਾਲ ਆਪਣਿਆਂ ਦਾ ਪਿਆਰ ਅਤੇ ਹਮਦਰਦੀ ਵੀ ਰੋਗੀ ਨੂੰ ਠੀਕ ਹੋਣ ਵਿੱਚ ਮਦਦਗਾਰ ਸਾਬਤ ਹੁੰਦੀ ਹੈ।

ਪਹਿਲਾਂ ਮੇਰੇ ਰਿਸ਼ਤੇਦਾਰਾਂ ਅਤੇ ਆਲ਼ੇ ਦੁਆਲ਼ੇ ਦੇ ਲੋਕਾਂ ਨੂੰ ਸਿਰਫ਼ ਬੁਖ਼ਾਰ ਵਾਲੀ ਕਹਾਣੀ ਹੀ ਪਤਾ ਸੀ , ਮੈਂ ਕੈਂਸਰ ਬਾਰੇ ਸਭ ਨੂੰ ਆਪ ਦੱਸਿਆ ਕਿਉਂ ਕਿ ਮੈਨੂੰ ਨਹੀਂ ਲੱਗਦਾ ਸੀ ਕਿ ਇਸ ਵਿੱਚ ਕੋਈ ਛੁਪਾਉਣ ਵਾਲ਼ੀ ਗੱਲ ਸੀ। ਕੁਝ ਸਮੇਂ ਬਾਅਦ ਰਿਸ਼ਤੇਦਾਰਾਂ ਅਤੇ ਜਾਣ ਪਛਾਣ ਵਾਲਿਆਂ ਵਿੱਚ ਇਹ ਗੱਲ ਜੰਗਲ ਦੀ ਅੱਗ ਵਾਂਗ ਫੈਲ ਗਈ। ਰਿਸ਼ਤੇਦਾਰਾਂ ਦੇ ਫੋਨ ਆਉਣ ਲੱਗੇ। ਮੇਰੀਆਂ ਦੋ ਸਹੇਲੀਆਂ ਨੂੰ ਮੈਂ ਆਪ ਹੀ ਦੱਸ ਦਿੱਤਾ ਸੀ। ਉਹਨਾਂ ਨੇ ਮੈਨੂੰ ਬਹੁਤ ਹੌਸਲਾ ਦੇਣਾ ਵਧੀਆ ਵਧੀਆ ਗੱਲਾਂ ਕਰਕੇ ਦੱਸਣਾ ਕਿ ਮੈਡਮ ਤੁਸੀਂ ਬਹੁਤ ਹੌਸਲੇ ਵਾਲੇ ਹੋ,ਤੁਹਾਡੇ ਲਈ ਕੋਈ ਖਾਸ ਗੱਲ ਨਹੀਂ, ਸਭ ਠੀਕ ਹੋ ਜਾਣਾ। ਉਹਨਾਂ ਨੇ ਮੈਨੂੰ ਚੰਗੀ ਖੁਰਾਕ ਖਾਣ ਲਈ ਨਸੀਹਤ ਦਿੰਦੇ ਰਹਿਣਾ ਤੇ ਕੁਝ ਸਮਾਂ ਫ਼ੋਨ ਕਰਕੇ ਮੇਰਾ ਧਿਆਨ ਬੀਮਾਰੀ ਤੋਂ ਵੀ ਹਟਾਉਣਾ ਜੋ ਉਸ ਸਮੇਂ ਮੇਰੇ ਲਈ ਬਹੁਤ ਜ਼ਰੂਰੀ ਸੀ।

ਮੈਨੂੰ ਮੇਰੇ ਰਿਸ਼ਤੇਦਾਰ ਔਰਤ ਦਾ ਫ਼ੋਨ ਆਇਆ,"ਹੈਲੋ .....ਕੀ ਹੋਇਆ....ਲੈ ਮੈਨੂੰ ਤਾਂ ਕੱਲ੍ਹ ਹੀ ਪਤਾ ਲੱਗਿਆ..... ਫ਼ਲਾਣੇ (ਕਿਸੇ ਦਾ ਨਾਂ ਲੈ ਕੇ) ਨੇ ਦੱਸਿਆ ਕਿ ਤੈਨੂੰ ਤਾਂ ਉਹ ਬੀਮਾਰੀ ਹੋ ਗਈ ਹੈ ਜੀਹਦਾ ਨਾਂ ਵੀ ਨੀ ਲਈਦਾ...... ਆਪਣੀ ਫਲਾਣੀ (ਨਾਂ)ਦੀ ਮਾਂ ਸੀ,ਜਵਾਨ ਪਈ ਸੀ.....ਇਸੇ ਬਿਮਾਰੀ ਨਾਲ ਮਰੀ ਸੀ...... ਮੇਰੇ ਭਰਾ ਦਾ ਸਹੁਰਾ ਵੀ ਇਸੇ ਬੀਮਾਰੀ ਨਾਲ਼ ਮਰਿਆ ਸੀ..... ਤੇਰੇ ਸਿਰ ਦੇ ਵਾਲ ਝੜ ਗਏ...? ਉਹਨਾਂ ਦੇ ਤਾਂ ਝੜ ਗਏ ਸੀ.....!"

"ਸਤਿ ਸ੍ਰੀ ਆਕਾਲ ਜੀ....!" ਕਹਿਕੇ ਮੈਂ ਫੋਨ ਕੱਟ ਦਿੱਤਾ। ਇਸ ਤਰ੍ਹਾਂ ਦਾ ਫ਼ੋਨ ਸੁਣਨ ਲਈ ਨਾ ਮੇਰੀ ਸਿਹਤ ਇਜਾਜ਼ਤ ਦਿੰਦੀ ਸੀ ਤੇ ਨਾ ਮੇਰੀ ਮਾਨਸਿਕਤਾ। ਇਸੇ ਤਰ੍ਹਾਂ ਦੇ ਹੋਰ ਕਈ ਜਾਣ ਪਹਿਚਾਣ ਵਾਲਿਆਂ ਦੇ ਫੋਨ ਆਏ। ਇੱਕ ਫੋਨ ਮੇਰੇ ਦੂਰ ਦੀ ਰਿਸ਼ਤੇਦਾਰਨੀ ਦਾ ਆਇਆ,ਉਸ ਨੇ ਮੇਰਾ ਹਾਲ ਚਾਲ ਪੁੱਛਿਆ ਤੇ ਮੈਨੂੰ ਹੌਸਲਾ ਦਿੰਦੇ ਆਖ਼ਣ ਲੱਗੀ," ਅੱਜ ਕੱਲ੍ਹ ਇਸ ਬੀਮਾਰੀ ਦਾ ਇਲਾਜ ਹੋ ਜਾਂਦਾ...... ਅੱਜ ਕੱਲ੍ਹ ਸਾਰੇ ਲੋਕ ਤਕਰੀਬਨ ਠੀਕ ਹੋ ਜਾਂਦੇ ਨੇ...... ਤੂੰ ਵੀ ਘਬਰਾਈਂ ਨਾ.....ਤੇਰਾ ਤਾਂ ਇਲਾਜ ਵੀ ਐਨੇ ਵੱਡੇ ਹਸਪਤਾਲ ਵਿੱਚ ਹੋ ਰਿਹਾ......ਸਭ ਠੀਕ ਹੋ ਜਾਣਾ.....।"

ਉਸ ਦੇ ਇਹਨਾਂ ਚਾਰ ਹੌਸਲੇ ਭਰੇ ਬੋਲਾਂ ਨੇ ਉਸ ਦੀ ਅਨਪੜ੍ਹਤਾ ਛੁਪਾ ਕੇ ਸਮਝਦਾਰੀ ਦਾ ਸਬੂਤ ਦੇ ਦਿੱਤਾ।

ਤੀਜੀ ਕੀਮੋ ਤੋਂ ਬਾਅਦ ਮੇਰੇ ਵਾਲ ਅੱਧੇ ਝੜ ਚੁੱਕੇ ਸਨ। ਅੱਠਵੀਂ ਕੀਮੋ ਤੱਕ ਮੇਰੇ ਸਿਰ ਵਿੱਚ ਗੰਜੇਪਣ ਦੇ ਵੱਡੇ ਵੱਡੇ ਪੈਚ ਪੈ ਗਏ ਸਨ। ਮੇਰੇ ਪਤੀ ਨੇ ਮੈਨੂੰ ਸਮਝਾਉਂਦਿਆਂ ਕਿਹਾ,"ਇਹ ਤਾਂ ਹੋਣਾ ਹੀ ਹੈ... ਤੂੰ ਬਹੁਤਾ ਦਿਲ ਨੂੰ ਨਾ ਲਾ...।" ਕਹਿ ਕੇ ਉਹਨਾਂ ਨੇ ਸੈਲੂਨ ਵਾਲੇ ਨੂੰ ਘਰ ਬੁਲਾ ਕੇ ਬਚਦੇ ਵਾਲ ਲੁਹਾ ਕੇ ਮੈਨੂੰ ਰੋਜ਼ ਰੋਜ਼ ਝੁਰਨ ਤੋਂ ਸੁਰਖ਼ਰੂ ਕਰ ਦਿੱਤਾ। ਇਹ ਓਹ ਸਮਾਂ ਸੀ ਜਦੋਂ ਮੈਂ ਆਪਣੇ ਆਪ ਨੂੰ ਰੂਪ ਤੋਂ ਕਰੂਪ ਹੁੰਦੇ ਵੇਖਿਆ ਸੀ। ਇਹ ਉਹ ਸਮਾਂ ਸੀ ਜਦ ਮੈਂ ਇੱਕ ਇੱਕ ਮਿੰਟ ਜ਼ਿੰਦਗੀ ਹਾਸਲ ਕਰਨ ਲਈ ਆਪਣੇ ਆਪ ਨੂੰ ਆਪਣੇ ਆਪ ਨਾਲ ਲੜਦੇ ਵੇਖਿਆ ਸੀ, ਮੈਂ ਆਪਣਿਆਂ ਨੂੰ ਉਹਨਾਂ ਦੀ ਜ਼ਿੰਦਗੀ ਵਿੱਚ ਮੇਰੀ ਜ਼ਿੰਦਗੀ ਦੀ ਅਹਿਮੀਅਤ ਨੂੰ ਵੇਖਿਆ ਸੀ। ਇਸੇ ਸਮੇਂ ਦੌਰਾਨ ਮੇਰੇ ਬੱਚੇ ਅਮਰੀਕਾ ਤੋਂ ਆ ਕੇ ਇੱਕ ਮਹੀਨਾ ਮੇਰੇ ਕੋਲ ਲਾ ਕੇ ਗਏ, ਮੈਨੂੰ ਉਸੇ ਹਾਲਤ ਵਿੱਚ ਫ਼ਿਲਮ ਵਿਖਾ ਕੇ ਲਿਆਏ,ਮੇਰੇ ਨਾਲ ਕਈ ਖੁਸ਼ੀਆਂ ਸਾਂਝੀਆਂ ਕੀਤੀਆਂ,ਮੇਰਾ ਜਨਮਦਿਨ ਮਨਾਇਆ।

ਇਹਨਾਂ ਗੱਲਾਂ ਨੇ ਵੀ ਮੇਰੇ ਅੰਦਰ ਦੇ ਜ਼ਿੰਦਗੀ ਜਿਊਣ ਦੇ ਜਜ਼ਬੇ ਨੂੰ ਕਾਇਮ ਰੱਖਿਆ। ਮੈਨੂੰ ਬਾਰਾਂ ਕੀਮੋਥੈਰੇਪੀ ਲੱਗਣ ਤੱਕ ਮੈਂ ਕੈਂਸਰ ਮੁਕਤ ਹੋ ਗਈ ਸੀ ਪਰ ਸਰੀਰ ਵਿੱਚੋਂ ਪੂਰੀ ਤਰ੍ਹਾਂ ਕੈਂਸਰ ਦੇ ਸੈੱਲ ਨਸ਼ਟ ਕਰਨ ਲਈ ਰੇਡੀਏਸ਼ਨ ਲਗਵਾਉਣੀਆਂ ਵੀ ਜ਼ਰੂਰੀ ਹੁੰਦੀਆਂ ਹਨ, ਮੈਨੂੰ ਵੀਹ ਰੇਡੀਏਸ਼ਨ ਲਾਈਆਂ ਗਈਆਂ।

ਵੱਡੀਆਂ ਵੱਡੀਆਂ ਮਸ਼ੀਨਾਂ ਨੂੰ ਵੇਖ ਕੇ ਪਹਿਲਾਂ ਘਬਰਾਹਟ ਹੋਣੀ ਤੇ ਆਪਣੇ ਮਨ ਨੂੰ ਆਪ ਹੀ ਹੌਸਲਾ ਦੇ ਕੇ ਆਪਣੇ ਆਪ ਨੂੰ ਹਰ ਇੱਕ ਚੀਜ਼ ਲਈ ਖ਼ੁਦ ਨੂੰ ਤਿਆਰ ਕਰਨਾ। ਇੱਕ ਕੈਂਸਰ ਦੇ ਮਰੀਜ਼ ਲਈ ਡਾਕਟਰੀ ਇਲਾਜ ਦੇ ਨਾਲ਼ ਨਾਲ਼ ਜਿੱਥੇ ਉਸ ਦੇ ਆਲ਼ੇ ਦੁਆਲ਼ੇ ਦਾ ਵਾਤਾਵਰਨ ਤੇ ਉਸ ਦੇ ਆਪਣਿਆਂ ਦਾ ਵਰਤਾਓ ਇਸ ਜੰਗ ਨੂੰ ਜਿੱਤਣ ਵਿੱਚ ਬਹੁਤ ਸਹਾਈ ਹੁੰਦਾ ਹੈ ਉੱਥੇ ਹੀ ਅੰਦਰੋਂ ਅੰਦਰੀ ਆਪਣੇ ਆਪ ਨੂੰ ਹੌਂਸਲਾ ਦੇਣਾ ਵੀ ਬੀਮਾਰੀ ਨੂੰ ਹਰਾਉਣ ਵਿੱਚ ਬਹੁਤ ਜ਼ਿਆਦਾ ਸਹਾਈ ਹੁੰਦਾ ਹੈ।

ਇੱਥੇ ਮੈਂ ਕੈਂਸਰ ਪੀੜਤਾਂ ਨੂੰ ਇੱਕ ਸੁਝਾਅ ਜ਼ਰੂਰ ਦੇਣਾ ਚਾਹੁੰਦੀ ਹਾਂ ਕਿ ਇੱਕ ਤਾਂ ਜਦੋਂ ਵੀ ਬੀਮਾਰੀ ਦਾ ਪਤਾ ਲੱਗੇ, ਬਿਨਾਂ ਸਮਾਂ ਗੁਆਏ ਮਾਹਰ ਡਾਕਟਰ ਤੋਂ ਡਾਕਟਰੀ ਇਲਾਜ ਤੁਰੰਤ ਸ਼ੁਰੂ ਕਰਵਾ ਦੇਣਾ ਚਾਹੀਦਾ ਹੈ। ਇਲਾਜ ਵਿੱਚ ਕਿਸੇ ਤਰ੍ਹਾਂ ਦੀ ਢਿੱਲ ਨਾ ਆਉਣ ਦਿਓ। ਨਾਲ਼ ਹੀ ਡਾਕਟਰ ਦੇ ਦੱਸੇ ਮੁਤਾਬਕ ਖੁਰਾਕ ਤੇ ਵਿਸ਼ੇਸ਼ ਧਿਆਨ ਦਿਓ ਕਿਉਂਕਿ ਉਸ ਸਮੇਂ ਇੱਕ ਇੱਕ ਪਲ ਸਰੀਰ ਦਾ ਭਾਰ ਲਗਾਤਾਰ ਘਟ ਰਿਹਾ ਹੁੰਦਾ ਹੈ।

ਆਲ਼ੇ ਦੁਆਲ਼ੇ ਵਿੱਚੋਂ ਖ਼ਬਰ ਲੈਣ ਆਏ ਲੋਕ ਹੋਰ ਬਹੁਤ ਸਾਰੇ ਡਾਕਟਰਾਂ ਜਾਂ ਵੈਦਾਂ ਦਾ ਵੇਰਵਾ ਦੇ ਕੇ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਵੱਲ ਧਕੇਲ ਦਿੰਦੇ ਹਨ,ਇਸ ਤਰ੍ਹਾਂ ਹਰਗਿਜ਼ ਨਾ ਕੀਤਾ ਜਾਵੇ ਕਿਉਂਕਿ ਜਿੰਨੇ ਡਾਕਟਰ ਬਦਲੋਗੇ, ਇਲਾਜ ਵਿੱਚ ਓਨੀ ਹੀ ਦੇਰੀ ਹੋਵੇਗੀ। ਇਸ ਸਮੇਂ ਹੌਂਸਲੇ ਤੋਂ ਕੰਮ ਲੈ ਕੇ ਆਪਣੇ ਅੰਦਰ ਚੰਗੇ ਚੰਗੇ ਵਿਚਾਰ ਪੈਦਾ ਕਰਨੇ ਚਾਹੀਦੇ ਹਨ ਕਿਉਂਕਿ ਇਲਾਜ ਦੌਰਾਨ ਬਹੁਤੇ ਮਰੀਜ਼ ਆਪਣੀ ਬੀਮਾਰੀ ਬਾਰੇ ਨੈਗੇਟਿਵ ਸੋਚ ਪੈਦਾ ਕਰਕੇ ਕੇ ਡਿਪਰੈਸ਼ਨ ਦਾ ਸ਼ਿਕਾਰ ਹੋ ਜਾਂਦੇ ਹਨ ਜੋ ਬੀਮਾਰੀ ਨਾਲ ਲੜਨ ਵਿੱਚ ਰੁਕਾਵਟ ਪੈਦਾ ਕਰਦਾ ਹੈ। ਆਪਣੇ ਅੰਦਰ ਸੋਚ ਪੈਦਾ ਕਰੋ ਕਿ ਜਿਸ ਤਰ੍ਹਾਂ ਬਾਕੀ ਬੀਮਾਰੀਆਂ ਠੀਕ ਹੋ ਜਾਂਦੀਆਂ ਹਨ ਉਸੇ ਤਰ੍ਹਾਂ ਇਸ ਨੇ ਵੀ ਠੀਕ ਹੋ ਜਾਣਾ ਹੈ।

ਸਾਡੇ ਸਮਾਜ ਵਿੱਚ ਬਹੁਤੇ ਲੋਕਾਂ ਦੀ ਕੈਂਸਰ ਪੀੜਤਾਂ ਪ੍ਰਤੀ ਸੋਚ ਬਦਲਣ ਦੀ ਵੱਡੀ ਲੋੜ ਹੈ ਕਿਉਂਕਿ ਜਿਸ ਸਮੇਂ ਪੀੜਤ ਕਈ ਤਰ੍ਹਾਂ ਦੀਆਂ ਸਰੀਰਕ ਅਤੇ ਮਾਨਸਿਕ ਸਮੱਸਿਆਵਾਂ ਵਿੱਚੋਂ ਨਿਕਲ ਰਿਹਾ ਹੁੰਦਾ ਹੈ ਤਾਂ ਇਹੋ ਜਿਹੇ ਪਾਤਰ ਮਜ਼ਬੂਤ ਤੋਂ ਮਜ਼ਬੂਤ ਮਨ ਵਾਲ਼ੇ ਵਿਅਕਤੀ ਦਾ ਹੌਸਲਾ ਢਹਿ ਢੇਰੀ ਕਰਨ ਦੀ ਕੋਈ ਕਸਰ ਨਹੀਂ ਛੱਡਦੇ । ਜਦ ਕਿ ਹਸਪਤਾਲ ਵਿੱਚ ਜਾ ਕੇ ਪਤਾ ਲੱਗਦਾ ਹੈ ਕਿ ਬਾਕੀ ਬੀਮਾਰੀਆਂ ਦੇ ਮੁਕਾਬਲੇ ਔਨਕੋਲੋਜੀ (ਕੈਂਸਰ) ਸਪੈਸ਼ਲਿਸਟ ਅੱਗੇ ਜ਼ਿਆਦਾ ਮਰੀਜ਼ ਬੈਠੇ ਹੁੰਦੇ ਹਨ। ਉਹਨਾਂ ਵਿੱਚੋਂ ਕਈ ਠੀਕ ਹੋਣ ਤੋਂ ਬਾਅਦ ਰੈਗੂਲਰ ਚੈੱਕਅਪ ਲਈ ਆਏ ਹੁੰਦੇ ਹਨ, ਉਹਨਾਂ ਨੂੰ ਵੇਖ ਕੇ ਸ਼ੁਰੂਆਤੀ ਇਲਾਜ ਕਰਵਾਉਣ ਵਾਲਿਆਂ ਨੂੰ ਵੀ ਹੌਸਲਾ ਮਿਲਦਾ ਹੈ। ਸਾਡੇ ਕਿੰਨੇ ਵੱਡੇ ਵੱਡੇ ਫਿਲਮ ਜਗਤ ਦੇ ਸਿਤਾਰੇ, ਕ੍ਰਿਕਟ ਜਗਤ ਦੇ ਸਿਤਾਰੇ ਅਤੇ ਹੋਰ ਕਈ ਸੈਲੀਬ੍ਰਿਟੀਆਂ ਨੇ ਇਸ ਬੀਮਾਰੀ ਰੂਪੀ ਜੰਗ ਉੱਤੇ ਫਤਹਿ ਪਾ ਕੇ ਤੰਦਰੁਸਤ ਹੋਏ ਹਨ,ਉਹ ਬਾਕੀ ਮਰੀਜ਼ਾਂ ਲਈ ਵੀ ਪ੍ਰੇਰਨਾ ਸਰੋਤ ਹਨ। ਜੇ ਤੁਸੀਂ ਹੋਰ ਕੁਝ ਨਹੀਂ ਕਰ ਸਕਦੇ ਤਾਂ ਉਹਨਾਂ ਦੀਆਂ ਉਦਾਹਰਨਾਂ ਦੇ ਕੇ ਮਰੀਜ਼ ਅੰਦਰ ਸਾਕਾਰਾਤਮਕ ਸੋਚ ਪੈਦਾ ਕਰ ਸਕਦੇ ਹੋ ਜੋ ਸ਼ਾਇਦ ਦਵਾਈ ਨਾਲੋਂ ਵੱਧ ਅਸਰ ਕਰੇਗਾ।

ਜਿੱਥੇ ਕੈਂਸਰ ਦੇ ਮਰੀਜ਼ਾਂ ਨੂੰ ਸਕਾਰਾਤਮਕ ਸੋਚ ਰੱਖਣ ਲਈ ਪ੍ਰੇਰਿਆ ਜਾਂਦਾ ਹੈ ਇਸੇ ਤਰ੍ਹਾਂ ਸਾਡੇ ਸਮਾਜ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ ਕਿ ਹੁਣ ਇਲਾਜ ਸੰਭਵ ਹੈ ,ਜਿਸ ਤਰ੍ਹਾਂ ਬਾਕੀ ਬੀਮਾਰੀਆਂ ਦੇ ਮਰੀਜ਼ ਤੰਦਰੁਸਤ ਹੋ ਜਾਂਦੇ ਹਨ ਇਸ ਬੀਮਾਰੀ ਦੇ ਇਲਾਜ ਵੀ ਸੰਭਵ ਹਨ। ਇੱਕ ਗੱਲ ਜ਼ਰੂਰ ਹੈ ਕਿ ਇਸ ਬੀਮਾਰੀ ਦੇ ਵਧਦੇ ਹੋਏ ਮਰੀਜ਼ਾਂ ਦੀ ਗਿਣਤੀ ਵੇਖ ਕੇ ਮਨ ਵਿੱਚ ਸੋਚ ਪੈਦਾ ਹੁੰਦੀ ਹੈ ਕਿ ਇਹ ਸਭ ਕੁਝ ਮਨੁੱਖ ਵੱਲੋਂ ਕੁਦਰਤ ਨਾਲ ਕੀਤੇ ਜਾ ਰਹੇ ਖਿਲਵਾੜ ਕਾਰਨ ਹੀ ਹੋ ਰਿਹਾ ਹੈ ਜਾਂ ਖਾਣ ਪੀਣ ਦੀਆਂ ਚੀਜ਼ਾਂ ਵਿੱਚ ਮਿਲਾਵਟ ਕਰਨ ਦਾ ਅਸਰ ਹੈ,ਇਹ ਸੋਚਣ ਦਾ ਵਿਸ਼ਾ ਜ਼ਰੂਰ ਹੈ। ਮੇਰੇ ਵਰਗੇ ਪੰਜ ਵਜੇ ਤੋਂ ਉੱਠ ਕੇ ਸੈਰ ਕਰਨ ਵਾਲੇ,ਯੋਗਾ ਕਰਨ ਵਾਲੇ ਅਤੇ ਮੈਡੀਟੇਸ਼ਨ ਕਰਨ ਵਾਲੇ ਵਿਅਕਤੀ ਨੂੰ ਇਹ ਰੋਗ ਹੋ ਸਕਦਾ ਹੈ ਤਾਂ ਹੋਰ ਕਿਵੇਂ ਸੁਰੱਖਿਅਤ ਰਿਹਾ ਜਾਵੇ। ਪਰ ਜੋ ਵੀ ਹੈ ਸਮਾਂ ਰਹਿੰਦੇ ਸਾਡੇ ਸਮਾਜ ਨੂੰ ਇਸ ਰੋਗ ਪ੍ਰਤੀ ਜਾਗਰੂਕਤਾ ਅਤੇ ਪੀੜਤਾਂ ਪ੍ਰਤੀ ਢਹਿੰਦੀ ਕਲਾ ਵਾਲ਼ੀ ਸੋਚ ਬਦਲਣ ਦੀ ਲੋੜ ਹੈ ਕਿਉਂਕਿ ਹੁਣ ਕੈਂਸਰ ਵਿਗਿਆਨ ਦਾ ਨਾਅਰਾ ਹੈ "Together we are stronger than cancer". ਆਖ਼ਰ ਵਿੱਚ ਮੈਂ ਇਹੀ ਕਹਾਂਗੀ "ਕੈਂਸਰ ਤੋਂ ਡਰੋ ਨਾ ਲੜੋ।"

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148





## ਗੁਰਦੁਆਰਾ ਸਾਹਿਬ ਸੈਨ ਹੋਜ਼ੇ

# ਜੂਨ 2026 ਦੇ ਵਿਸ਼ੇਸ਼ ਧਾਰਮਿਕ ਸਮਾਗਮ

## JUNE 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ ਕਰਵਾਇਆ ਜਾ ਰਿਹਾ ਵਿਸ਼ਾਲ ਗੁਰਮਿਤ ਸਮਾਗਮ




ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ 'ਚ
1 ਜੂਨ ਤੋਂ 7 ਜੂਨ 2026 ਵਿਸ਼ੇਸ਼ ਕਥਾ ਅਤੇ ਗੁਰਬਾਣੀ ਕੀਰਤਨ ਸਮਾਗਮ




ਸੰਤ ਬਾਬਾ ਜਰਨੈਲ ਸਿੰਘ ਜੀ ਭਿੰਡਰਾਂਵਾਲਿਆਂ ਜੀ
ਦਾ ਜਨਮ ਦਿਹਾੜਾ 2 ਜੂਨ 2026




4th Annual Sikh Heritage Night
18 ਜੂਨ 2026 | ਸ਼ਾਮ 6:30 ਵਜੇ




ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜੀ ਦੀ ਸ਼ਹਾਦਤ ਨੂੰ ਸਮਰਪਿਤ ਸੰਗਤ ਰੂਪੀ ਸੁਖਮਨੀ ਸਾਹਿਬ ਪਾਠ

16 ਜੂਨ ਤੋਂ 20 ਜੂਨ ਸ਼ਾਮ 7:30 ਤੋਂ 8:45 ਵਜੇ ਤੱਕ
ਸ਼ਹੀਦੀ ਕਾਨਫਰੰਸ 21 ਜੂਨ 2026 (ਐਤਵਾਰ)




28 ਜੂਨ ਨੂੰ ਭਾਈ ਸਾਹਿਬ
Dr. Alankar Singh ਜੀ ਵਲੋਂ
ਸਵੇਰੇ 11:20 ਤੋਂ ਦੁਪਹਿਰ 12:20 ਵਜੇ ਤੱਕ
ਗੁਰਬਾਣੀ ਕੀਰਤਨ ਕੀਤਾ ਜਾਵੇਗਾ |




ਲੜਕੇ ਅਤੇ ਲੜਕੀਆਂ ਲਈ
Basketball Camp 2026
27 ਮਈ ਤੋਂ 18 ਜੁਲਾਈ ਤੱਕ

## ਸ੍ਰੀ ਗੁਰੂ ਅਰਜਨ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ
## 26 ਜੂਨ ਤੋਂ 28 ਜੂਨ 2026 ਸਾਲਾਨਾ ਜੋੜ ਮੇਲਾ




**Address : 3636 Gurdwara Ave, San Jose, CA, 95148 | www.sanjosegurdwara.com | (408) 274-9373**

# ਅਮਰੀਕੀ ਹਾਊਸਿੰਗ ਮਾਰਕੀਟ ਵਿੱਚ ਵੱਡਾ ਬਦਲਾਅ
# 9 ਸਾਲਾਂ ਵਿੱਚ ਘਰਾਂ ਦੀਆਂ ਕੀਮਤਾਂ ਵਿੱਚ ਸਭ ਤੋਂ ਵੱਡੀ ਗਿਰਾਵਟ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਦੇ ਹਾਊਸਿੰਗ ਮਾਰਕੀਟ ਵਿੱਚ 2026 ਦੀਆਂ ਗਰਮੀਆਂ ਤੋਂ ਪਹਿਲਾਂ ਇੱਕ ਮਹੱਤਵਪੂਰਨ ਤਬਦੀਲੀ ਦੇਖਣ ਨੂੰ ਮਿਲ ਰਹੀ ਹੈ। ਪਿਛਲੇ ਕਈ ਸਾਲਾਂ ਤੋਂ ਲਗਾਤਾਰ ਵੱਧ ਰਹੀਆਂ ਘਰਾਂ ਦੀਆਂ ਕੀਮਤਾਂ ਹੁਣ ਹੌਲੀ-ਹੌਲੀ ਹੇਠਾਂ ਆ ਰਹੀਆਂ ਹਨ ਅਤੇ ਮਈ 2026 ਦੌਰਾਨ ਘਰਾਂ ਦੀਆਂ ਕੀਮਤਾਂ ਵਿੱਚ ਪਿਛਲੇ ਨੌਂ ਸਾਲਾਂ ਦੀ ਸਭ ਤੋਂ ਵੱਡੀ ਸਾਲਾਨਾ ਗਿਰਾਵਟ ਦਰਜ ਕੀਤੀ ਗਈ ਹੈ।

ਰੀਅਲ ਅਸਟੇਟ ਵੈਬਸਾਈਟ ਼ਇਓਲਟੋਰ.ਚੋਮ ਦੀ ਨਵੀਂ ਰਿਪੋਰਟ ਅਨੁਸਾਰ ਦੇਸ਼ ਭਰ ਵਿੱਚ ਘਰਾਂ ਦੀ ਮੀਡੀਅਨ ਲਿਸਟਿੰਗ ਕੀਮਤ ਮਈ ਮਹੀਨੇ ਵਿੱਚ 2.4 ਫੀਸਦੀ ਘਟ ਕੇ $429,500 ਰਹਿ ਗਈ। ਇਹ ਲਗਾਤਾਰ ਸੱਤਵਾਂ ਮਹੀਨਾ ਹੈ ਜਦੋਂ ਘਰਾਂ ਦੀਆਂ ਲਿਸਟਿੰਗ ਕੀਮਤਾਂ ਵਿੱਚ ਕਮੀ ਦਰਜ ਕੀਤੀ ਗਈ ਹੈ।

ਇਸ ਦੇ ਨਾਲ ਹੀ ਘਰਾਂ ਦੀ ਪ੍ਰਤੀ ਵਰਗ ਫੁੱਟ ਕੀਮਤ ਵਿੱਚ ਵੀ 2.5 ਫੀਸਦੀ ਦੀ ਗਿਰਾਵਟ ਆਈ ਹੈ। ਅਮਰੀਕਾ ਦੇ 50 ਸਭ ਤੋਂ ਵੱਡੇ ਸ਼ਹਿਰੀ ਇਲਾਕਿਆਂ ਵਿੱਚੋਂ 35 ਵਿੱਚ ਇਹ ਰੁਝਾਨ ਸਾਫ਼ ਤੌਰ 'ਤੇ ਦੇਖਣ ਨੂੰ ਮਿਲਿਆ।

ਖਰੀਦਦਾਰ ਵਾਪਸ ਮਾਰਕੀਟ ਵਿੱਚ ਆ ਰਹੇ ਹਨ

ਭਾਵੇਂ ਮੋਰਟਗੇਜ ਰੇਟ ਅਜੇ ਵੀ 6 ਫੀਸਦੀ ਤੋਂ ਉੱਪਰ ਚੱਲ ਰਹੇ ਹਨ ਅਤੇ ਮਹਿੰਗਾਈ ਦਾ ਦਬਾਅ ਕਾਇਮ ਹੈ, ਫਿਰ ਵੀ ਖਰੀਦਦਾਰ ਹੁਣ ਮਾਰਕੀਟ ਵਿੱਚ ਵਾਪਸੀ ਕਰ ਰਹੇ ਹਨ। ਮਈ ਮਹੀਨੇ ਦੌਰਾਨ ਘਰਾਂ ਦੇ ਉਹ ਕਾਂਟ੍ਰੈਕਟ ਜਿਨ੍ਹਾਂ ਵਿੱਚ ਖਰੀਦਦਾਰ ਅਤੇ ਵਿਕਰੇਤਾ ਵਿਚਕਾਰ ਸੌਦਾ ਤੈਅ ਹੋ ਗਿਆ ਪਰ ਡੀਲ ਹਾਲੇ ਬੰਦ ਨਹੀਂ ਹੋਈ, ਉਹਨਾਂ ਦੀ ਗਿਣਤੀ ਵਿੱਚ 4.3 ਫੀਸਦੀ ਵਾਧਾ ਦਰਜ ਕੀਤਾ ਗਿਆ।

ਮਾਹਿਰਾਂ ਦਾ ਕਹਿਣਾ ਹੈ ਕਿ ਕੀਮਤਾਂ ਘਟਣ ਅਤੇ ਵਿਕਰੇਤਾਵਾਂ ਵੱਲੋਂ ਹਕੀਕਤੀ ਰੇਟ ਰੱਖਣ ਕਾਰਨ ਖਰੀਦਦਾਰਾਂ ਦਾ ਭਰੋਸਾ ਵਧਿਆ ਹੈ।

ਵਿਕਰੇਤਾਵਾਂ ਨੂੰ ਆਈ ਹਕੀਕਤ ਦੀ ਸਮਝ

ਕੋਵਿਡ ਮਹਾਂਮਾਰੀ ਦੌਰਾਨ ਘਰਾਂ ਦੀਆਂ ਕੀਮਤਾਂ ਵਿੱਚ ਭਾਰੀ ਉਛਾਲ ਆਇਆ ਸੀ ਅਤੇ ਬਹੁਤ ਸਾਰੇ ਵਿਕਰੇਤਾ ਆਪਣੇ ਘਰਾਂ ਲਈ ਬੇਹੱਦ ਉੱਚੀਆਂ ਕੀਮਤਾਂ ਮੰਗ ਰਹੇ ਸਨ। ਹੁਣ ਮਾਰਕੀਟ ਦੀ ਸਥਿਤੀ ਬਦਲ ਚੁੱਕੀ ਹੈ।

ਮਾਹਿਰਾਂ ਅਨੁਸਾਰ ਇਸ ਵਾਰ ਵਿਕਰੇਤਾ ਪਹਿਲੇ ਦਿਨ ਤੋਂ ਹੀ ਆਪਣੇ ਘਰਾਂ ਦੀ ਕੀਮਤ ਹਕੀਕਤ ਦੇ ਅਨੁਸਾਰ ਰੱਖ ਰਹੇ ਹਨ। ਇਸ ਦਾ ਸਬੂਤ ਇਹ ਹੈ ਕਿ ਕੀਮਤ ਘਟਾ ਕੇ ਦੁਬਾਰਾ ਵੇਚਣ ਵਾਲੀਆਂ ਲਿਸਟਿੰਗਾਂ ਦੀ ਗਿਣਤੀ ਪਿਛਲੇ ਸਾਲ ਨਾਲੋਂ 1.6 ਫੀਸਦੀ ਘੱਟ ਹੋ ਕੇ 17.5 ਫੀਸਦੀ ਰਹਿ ਗਈ ਹੈ।

ਲਾਸ ਏਂਜਲਸ ਦੇ ਰੀਅਲਟਰ ਵਿਕਟਰ ਕਰੀ ਦੇ ਅਨੁਸਾਰ ਜੇ ਘਰ ਦੀ ਕੀਮਤ ਮਾਰਕੀਟ ਦੇ ਅਨੁਸਾਰ ਹੋਵੇ ਤਾਂ ਘਰ ਵਿਕ ਜਾਂਦਾ ਹੈ, ਪਰ ਜੇ ਕੀਮਤ ਵੱਧ ਰੱਖੀ ਜਾਵੇ ਤਾਂ ਘਰ ਮਹੀਨਿਆਂ ਤੱਕ ਮਾਰਕੀਟ ਵਿੱਚ ਪਿਆ ਰਹਿੰਦਾ ਹੈ।

ਨਵੀਂ ਇਨਵੈਂਟਰੀ ਵਿੱਚ ਵਾਧਾ

ਮਈ 2026 ਦੌਰਾਨ ਨਵੀਆਂ ਲਿਸਟਿੰਗਾਂ ਵਿੱਚ 2.1 ਫੀਸਦੀ ਦਾ ਵਾਧਾ ਹੋਇਆ। ਇਹ 2022 ਤੋਂ ਬਾਅਦ ਮਈ ਮਹੀਨੇ ਲਈ ਸਭ ਤੋਂ ਵੱਡਾ ਪੱਧਰ ਹੈ।

ਇਸ ਦਾ ਮਤਲਬ ਹੈ ਕਿ ਕਈ ਘਰ ਮਾਲਕ ਜੋ ਘੱਟ ਵਿਆਜ ਦਰ ਵਾਲੇ ਪੁਰਾਣੇ ਮੋਰਟਗੇਜ ਕਾਰਨ ਆਪਣੇ ਘਰ ਵੇਚਣ ਤੋਂ ਬਚ ਰਹੇ ਸਨ, ਹੁਣ ਨੌਕਰੀਆਂ, ਪਰਿਵਾਰਕ ਹਾਲਾਤ ਜਾਂ ਹੋਰ ਕਾਰਨਾਂ ਕਰਕੇ ਘਰ ਵੇਚਣ ਲਈ ਤਿਆਰ ਹੋ ਰਹੇ ਹਨ।

ਸਭ ਤੋਂ ਵੱਧ ਕੀਮਤਾਂ ਕਿੱਥੇ ਡਿੱਗੀਆਂ?

ਮਈ 2026 ਦੌਰਾਨ ਸਭ ਤੋਂ ਵੱਧ ਕੀਮਤਾਂ ਵਿੱਚ ਗਿਰਾਵਟ ਹੇਠ ਲਿਖੇ ਸ਼ਹਿਰਾਂ ਵਿੱਚ ਦਰਜ ਕੀਤੀ ਗਈ:

ਮੈਮਫਿਸ, ਟੈਨੇਸੀ – 13%
ਬਫੈਲੋ, ਨਿਊਯਾਰਕ – 11.6%
ਆਸਟਿਨ, ਟੈਕਸਾਸ – 9.5%
ਲਾਸ ਏਂਜਲਸ, ਕੈਲੀਫੋਰਨੀਆ – 7.9%

ਆਸਟਿਨ ਮਾਰਕੀਟ ਵਿੱਚ ਕੀ ਹੋ ਰਿਹਾ ਹੈ?

ਆਸਟਿਨ, ਟੈਕਸਾਸ ਪਿਛਲੇ ਕੁਝ ਸਾਲਾਂ ਦੌਰਾਨ ਅਮਰੀਕਾ ਦੀ ਸਭ ਤੋਂ ਗਰਮ ਰੀਅਲ ਅਸਟੇਟ ਮਾਰਕੀਟਾਂ ਵਿੱਚੋਂ ਇੱਕ ਸੀ। ਪਰ ਹੁਣ ਉੱਥੇ ਘਰਾਂ ਦੀ ਸਪਲਾਈ ਮੰਗ ਨਾਲੋਂ ਵੱਧ ਹੋ ਗਈ ਹੈ।



ਘਰਾਂ ਦੀ ਪ੍ਰਤੀ ਵਰਗ ਫੁੱਟ ਕੀਮਤ 8.3 ਫੀਸਦੀ ਘੱਟੀ ਹੈ ਅਤੇ ਘਰ ਵੇਚਣ ਲਈ ਔਸਤਨ 10 ਦਿਨ ਵੱਧ ਲੱਗ ਰਹੇ ਹਨ।

ਫਿਰ ਵੀ ਉੱਥੇ ਵਿਕਰੀ ਪੂਰੀ ਤਰ੍ਹਾਂ ਨਹੀਂ ਰੁਕੀ। ਇਸ ਸਾਲ ਅਪ੍ਰੈਲ ਤੱਕ ਪਿਛਲੇ ਸਾਲ ਨਾਲੋਂ ਲਗਭਗ 8 ਫੀਸਦੀ ਵੱਧ ਘਰ ਵਿਕੇ ਹਨ।

ਲਾਸ ਏਂਜਲਸ ਅਤੇ ਕੈਲੀਫੋਰਨੀਆ ਦਾ ਹਾਲ

ਲਾਸ ਏਂਜਲਸ ਵਿੱਚ ਮੀਡੀਅਨ ਲਿਸਟਿੰਗ ਕੀਮਤ ਅਜੇ ਵੀ ਕਰੀਬ 1.1 ਮਿਲੀਅਨ ਡਾਲਰ ਹੈ, ਜੋ ਦੇਸ਼ ਦੀਆਂ ਸਭ ਤੋਂ ਮਹਿੰਗੀਆਂ ਮਾਰਕੀਟਾਂ ਵਿੱਚੋਂ ਇੱਕ ਹੈ।

ਪਰ ਇੱਥੇ ਵੀ ਆਮ ਤੌਰ 'ਤੇ ਆਉਣ ਵਾਲਾ "ਸਪ੍ਰਿੰਗ ਬੰਪ" ਇਸ ਸਾਲ ਨਹੀਂ ਆਇਆ।

ਰੀਅਲਟਰਾਂ ਦਾ ਕਹਿਣਾ ਹੈ ਕਿ ਮੱਧ ਪੂਰਬ ਵਿੱਚ ਚੱਲ ਰਹੇ ਟਕਰਾਅ, ਟੈਰਿਫ਼ਾਂ ਦੀ ਅਣਸ਼ਚਿਤਤਾ, ਮਹਿੰਗਾਈ ਅਤੇ ਉੱਚ ਵਿਆਜ ਦਰਾਂ ਕਾਰਨ ਕਈ ਖਰੀਦਦਾਰ ਫਿਲਹਾਲ ਉਡੀਕ ਕਰਨ ਨੂੰ ਤਰਜੀਹ ਦੇ ਰਹੇ ਹਨ। ਹਾਲਾਂਕਿ ਕੈਲੀਫੋਰਨੀਆ ਦੇ ਲਗਜ਼ਰੀ ਮਾਰਕੀਟ ਵਿੱਚ ਸਥਿਤੀ ਕੁਝ ਵੱਖਰੀ ਹੈ। ਉੱਚ ਆਮਦਨ ਵਾਲੇ ਖਰੀਦਦਾਰ ਅਜੇ ਵੀ ਖਰੀਦਦਾਰੀ ਕਰ ਰਹੇ ਹਨ ਅਤੇ ਮਾਹਿਰਾਂ ਨੂੰ ਉੱਥੇ ਵੱਡੀ ਕੀਮਤੀ ਗਿਰਾਵਟ ਦੀ ਉਮੀਦ ਨਹੀਂ।

ਕੀ ਹਾਊਸਿੰਗ ਮਾਰਕੀਟ ਕਰੈਸ਼ ਹੋਣ ਵਾਲੀ ਹੈ?

ਰੀਅਲ ਅਸਟੇਟ ਮਾਹਿਰਾਂ ਦਾ ਸਾਫ਼ ਕਹਿਣਾ ਹੈ ਕਿ ਮੌਜੂਦਾ ਸਥਿਤੀ 2008 ਵਾਲੇ ਹਾਊਸਿੰਗ ਕਰੈਸ਼ ਵਰਗੀ ਨਹੀਂ ਹੈ।

ਇਹ ਕੀਮਤਾਂ ਵਿੱਚ ਇੱਕ "ਕਰੈਕਸ਼ਨ" ਹੈ, ਨਾ ਕਿ ਕਰੈਸ਼।

ਕਾਰਨ ਇਹ ਹੈ ਕਿ:

ਖਰੀਦਦਾਰ ਅਜੇ ਵੀ ਮਾਰਕੀਟ ਵਿੱਚ ਮੌਜੂਦ ਹਨ।
ਘਰਾਂ ਦੀ ਵਿਕਰੀ ਜਾਰੀ ਹੈ।
ਬੈਂਕਿੰਗ ਸਿਸਟਮ ਮਜ਼ਬੂਤ ਹੈ।
ਫੋਰਕਲੋਜ਼ਰ ਦੀ ਗਿਣਤੀ ਘੱਟ ਹੈ।
ਬੇਰੁਜ਼ਗਾਰੀ ਵੱਡੇ ਪੱਧਰ 'ਤੇ ਨਹੀਂ ਵਧੀ।

ਗਰਮੀਆਂ ਦੀ ਮਾਰਕੀਟ ਕਿਹੋ ਜਿਹੀ ਰਹੇਗੀ?

ਮਾਹਿਰਾਂ ਦੀ ਨਜ਼ਰ ਹੁਣ ਦੋ ਗੱਲਾਂ 'ਤੇ ਹੈ:

ਪਹਿਲੀ, ਕੀ ਖਰੀਦਦਾਰ ਸੌਦੇ ਰੱਦ ਕਰਨਾ ਸ਼ੁਰੂ ਕਰਦੇ ਹਨ?
ਦੂਜੀ, ਕੀ ਵਿਕਰੇਤਾ ਆਪਣੇ ਘਰ ਮਾਰਕੀਟ ਤੋਂ ਹਟਾਉਣ ਲੱਗਦੇ ਹਨ?

ਜੇ ਇਹ ਦੋਵੇਂ ਅੰਕੜੇ ਵਧਦੇ ਹਨ ਤਾਂ ਮਾਰਕੀਟ ਵਿੱਚ ਮੰਦੀ ਦੇ ਸੰਕੇਤ ਮਿਲ ਸਕਦੇ ਹਨ।

ਪਰ ਇਸ ਵੇਲੇ ਅਜਿਹਾ ਨਹੀਂ ਦਿਖ ਰਿਹਾ।

ਕੈਲੀਫੋਰਨੀਆ ਦੇ ਖਰੀਦਦਾਰਾਂ ਅਤੇ ਵਿਕਰੇਤਾਵਾਂ ਲਈ ਕੀ ਸੰਦੇਸ਼?

ਕੈਲੀਫੋਰਨੀਆ ਵਿੱਚ ਰਹਿੰਦੇ ਪੰਜਾਬੀ ਭਾਈਚਾਰੇ ਲਈ ਇਹ ਖ਼ਬਰ ਮਹੱਤਵਪੂਰਨ ਹੈ। ਜੇ ਕੋਈ ਘਰ ਖਰੀਦਣ ਦੀ ਯੋਜਨਾ ਬਣਾ ਰਿਹਾ ਹੈ ਤਾਂ ਹੁਣ ਪਿਛਲੇ ਦੋ ਸਾਲਾਂ ਨਾਲੋਂ ਵਧੀਆ ਮੌਕੇ ਮਿਲ ਸਕਦੇ ਹਨ। ਵਿਕਰੇਤਾਵਾਂ ਨੂੰ ਵੀ ਇਹ ਸਮਝਣਾ ਪਵੇਗਾ ਕਿ ਕੋਵਿਡ ਵਾਲੇ ਦੌਰ ਦੀਆਂ ਬੇਹੱਦ ਉੱਚੀਆਂ ਕੀਮਤਾਂ ਹੁਣ ਹਕੀਕਤ ਨਹੀਂ ਰਹੀਆਂ।

ਮਾਰਕੀਟ ਹੌਲੀ-ਹੌਲੀ ਸੰਤੁਲਨ ਵੱਲ ਵੱਧ ਰਹੀ ਹੈ, ਜਿੱਥੇ ਨਾ ਸਿਰਫ਼ ਵਿਕਰੇਤਾ, ਸਗੋਂ ਖਰੀਦਦਾਰ ਵੀ ਮਜ਼ਬੂਤ ਸਥਿਤੀ ਵਿੱਚ ਆ ਰਹੇ ਹਨ। ਮਾਹਿਰਾਂ ਨੂੰ ਉਮੀਦ ਹੈ ਕਿ ਜੁਲਾਈ ਅਤੇ ਅਗਸਤ ਦੌਰਾਨ ਵਿਕਰੀ ਵਿੱਚ ਹੋਰ ਤੇਜ਼ੀ ਆ ਸਕਦੀ ਹੈ ਅਤੇ 2026 ਦੀਆਂ ਗਰਮੀਆਂ ਹਾਊਸਿੰਗ ਮਾਰਕੀਟ ਲਈ ਇੱਕ ਨਵਾਂ ਮੋੜ ਸਾਬਤ ਹੋ ਸਕਦੀਆਂ ਹਨ।

ਅਮਰੀਕੀ ਹਾਊਸਿੰਗ ਮਾਰਕੀਟ ਵਿੱਚ ਵੱਡਾ ਬਦਲਾਅ: 9 ਸਾਲਾਂ ਵਿੱਚ ਘਰਾਂ ਦੀਆਂ ਕੀਮਤਾਂ ਵਿੱਚ ਸਭ ਤੋਂ ਵੱਡੀ ਗਿਰਾਵਟ

ਅਮਰੀਕਾ ਦੀ ਹਾਊਸਿੰਗ ਮਾਰਕੀਟ ਵਿੱਚ ਇੱਕ ਵੱਡਾ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਼ਇਓਲਟੋਰ.ਚੋਮ ਦੀ ਤਾਜ਼ਾ ਰਿਪੋਰਟ ਮੁਤਾਬਕ ਮਈ 2026 ਦੌਰਾਨ ਦੇਸ਼ ਭਰ ਵਿੱਚ ਘਰਾਂ ਦੀਆਂ ਲਿਸਟਿੰਗ ਕੀਮਤਾਂ ਵਿੱਚ ਪਿਛਲੇ ਨੌਂ ਸਾਲਾਂ ਦੀ ਸਭ ਤੋਂ ਵੱਡੀ ਸਾਲਾਨਾ ਗਿਰਾਵਟ ਦਰਜ ਕੀਤੀ ਗਈ ਹੈ। ਦੇਸ਼ ਦੀ ਮੀਡੀਅਨ ਲਿਸਟਿੰਗ ਕੀਮਤ 2.4 ਫੀਸਦੀ ਘਟ ਕੇ 4 ਲੱਖ 29 ਹਜ਼ਾਰ 500 ਡਾਲਰ ਰਹਿ ਗਈ, ਜਦਕਿ ਪ੍ਰਤੀ ਵਰਗ ਫੁੱਟ ਕੀਮਤ ਵਿੱਚ ਵੀ 2.5 ਫੀਸਦੀ ਦੀ ਕਮੀ ਆਈ ਹੈ।

ਭਾਵੇਂ ਮੋਰਟਗੇਜ ਦਰਾਂ ਅਜੇ ਵੀ 6 ਫੀਸਦੀ ਤੋਂ ਉੱਪਰ ਹਨ ਅਤੇ ਮਹਿੰਗਾਈ ਦਾ ਦਬਾਅ ਕਾਇਮ ਹੈ, ਫਿਰ ਵੀ ਘਰ ਖਰੀਦਣ ਵਾਲੇ ਮਾਰਕੀਟ ਵਿੱਚ ਵਾਪਸੀ ਕਰ ਰਹੇ ਹਨ। ਮਈ ਮਹੀਨੇ ਦੌਰਾਨ ਪੈਂਡਿੰਗ ਸੇਲਜ਼ ਵਿੱਚ 4.3 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ, ਜਿਸ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ਜਦੋਂ ਕੀਮਤਾਂ ਹਕੀਕਤੀ ਪੱਧਰ 'ਤੇ ਆਉਂਦੀਆਂ ਹਨ ਤਾਂ ਖਰੀਦਦਾਰ ਅੱਗੇ ਆਉਂਦੇ ਹਨ। ਰੀਅਲ ਅਸਟੇਟ ਮਾਹਿਰਾਂ ਦਾ ਕਹਿਣਾ ਹੈ ਕਿ ਇਹ ਸਥਿਤੀ ਹਾਊਸਿੰਗ ਕਰੈਸ਼ ਦੀ ਨਹੀਂ, ਸਗੋਂ ਮਾਰਕੀਟ ਕਰੈਕਸ਼ਨ ਦੀ ਹੈ। ਕੋਵਿਡ ਦੌਰਾਨ ਜਿੱਥੇ ਵਿਕਰੇਤਾ ਬੇਹੱਦ ਉੱਚੀਆਂ ਕੀਮਤਾਂ ਮੰਗਦੇ ਸਨ, ਉੱਥੇ ਹੁਣ ਉਹ ਹਕੀਕਤੀ ਕੀਮਤਾਂ 'ਤੇ ਘਰ ਵੇਚਣ ਲਈ ਤਿਆਰ ਹਨ। ਇਸ ਕਾਰਨ ਕੀਮਤਾਂ ਘਟ ਰਹੀਆਂ ਹਨ ਪਰ ਵਿਕਰੀ ਜਾਰੀ ਹੈ।

ਮਈ ਮਹੀਨੇ ਦੌਰਾਨ ਨਵੀਆਂ ਲਿਸਟਿੰਗਾਂ ਵਿੱਚ ਵੀ 2.1 ਫੀਸਦੀ ਵਾਧਾ ਦਰਜ ਕੀਤਾ ਗਿਆ, ਜੋ 2022 ਤੋਂ ਬਾਅਦ ਸਭ ਤੋਂ ਉੱਚਾ ਪੱਧਰ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਕਈ ਘਰ ਮਾਲਕ ਜੋ ਘੱਟ ਵਿਆਜ ਦਰਾਂ ਵਾਲੇ ਪੁਰਾਣੇ ਮੋਰਟਗੇਜ ਕਾਰਨ ਆਪਣੇ ਘਰ ਵੇਚਣ ਤੋਂ ਬਚ ਰਹੇ ਸਨ, ਹੁਣ ਨੌਕਰੀ, ਪਰਿਵਾਰਕ ਜਾਂ ਆਰਥਿਕ ਕਾਰਨਾਂ ਕਰਕੇ ਮਾਰਕੀਟ ਵਿੱਚ ਆ ਰਹੇ ਹਨ।

ਅਮਰੀਕਾ ਦੇ ਵੱਡੇ ਸ਼ਹਿਰਾਂ ਵਿੱਚ ਸਭ ਤੋਂ ਵੱਧ ਕੀਮਤੀ ਗਿਰਾਵਟ ਮੈਮਫਿਸ, ਬਫੈਲੋ, ਆਸਟਿਨ ਅਤੇ ਲਾਸ ਏਂਜਲਸ ਵਿੱਚ ਦੇਖਣ ਨੂੰ ਮਿਲੀ। ਆਸਟਿਨ ਵਿੱਚ ਕੀਮਤਾਂ 9.5 ਫੀਸਦੀ ਘਟੀਆਂ ਹਨ, ਜਦਕਿ ਲਾਸ ਏਂਜਲਸ ਵਿੱਚ 7.9 ਫੀਸਦੀ ਦੀ ਕਮੀ ਦਰਜ ਕੀਤੀ ਗਈ ਹੈ। ਕੈਲੀਫੋਰਨੀਆ ਦੇ ਲਾਸ ਏਂਜਲਸ ਵਰਗੇ ਮਹਿੰਗੇ ਮਾਰਕੀਟਾਂ ਵਿੱਚ ਵੀ ਇਸ ਵਾਰ ਆਮ ਤੌਰ 'ਤੇ ਆਉਣ ਵਾਲਾ "ਸਪ੍ਰਿੰਗ ਬੰਪ" ਨਹੀਂ ਆਇਆ। ਮਾਹਿਰਾਂ ਦਾ ਕਹਿਣਾ ਹੈ ਕਿ ਮੱਧ ਪੂਰਬ ਦੇ ਤਣਾਅ, ਮਹਿੰਗਾਈ, ਟੈਰਿਫ਼ਾਂ ਅਤੇ ਉੱਚ ਵਿਆਜ ਦਰਾਂ ਕਾਰਨ ਖਰੀਦਦਾਰ ਸਾਵਧਾਨੀ ਨਾਲ ਫੈਸਲੇ ਕਰ ਰਹੇ ਹਨ। ਇਸ ਦੇ ਬਾਵਜੂਦ ਮਾਰਕੀਟ ਵਿੱਚ ਕੋਈ ਘਬਰਾਹਟ ਵਾਲੀ ਸਥਿਤੀ ਨਹੀਂ ਹੈ ਅਤੇ ਘਰਾਂ ਦੀ ਖਰੀਦੋ-ਫਰੋਖ਼ਤ ਆਮ ਤੌਰ 'ਤੇ ਜਾਰੀ ਹੈ।

ਰੀਅਲ ਅਸਟੇਟ ਮਾਹਿਰਾਂ ਅਨੁਸਾਰ 2026 ਦੀਆਂ ਗਰਮੀਆਂ ਹਾਊਸਿੰਗ ਮਾਰਕੀਟ ਲਈ ਮਹੱਤਵਪੂਰਨ ਰਹਿਣਗੀਆਂ। ਜੇ ਮੋਰਟਗੇਜ ਦਰਾਂ ਸਥਿਰ ਰਹਿੰਦੀਆਂ ਹਨ ਅਤੇ ਆਰਥਿਕ ਹਾਲਾਤ ਹੋਰ ਨਾ ਵਿਗੜਦੇ, ਤਾਂ ਜੁਲਾਈ ਅਤੇ ਅਗਸਤ ਦੌਰਾਨ ਘਰਾਂ ਦੀ ਵਿਕਰੀ ਵਿੱਚ ਹੋਰ ਤੇਜ਼ੀ ਆ ਸਕਦੀ ਹੈ। ਖਾਸ ਕਰਕੇ ਕੈਲੀਫੋਰਨੀਆ ਅਤੇ ਸੈਕਰਾਮੈਂਟੋ ਖੇਤਰ ਦੇ ਖਰੀਦਦਾਰਾਂ ਲਈ ਇਹ ਸਮਾਂ ਪਹਿਲਾਂ ਨਾਲੋਂ ਵਧੀਆ ਮੌਕਿਆਂ ਵਾਲਾ ਮੰਨਿਆ ਜਾ ਰਿਹਾ ਹੈ, ਕਿਉਂਕਿ ਹੁਣ ਮਾਰਕੀਟ ਹੌਲੀ-ਹੌਲੀ ਵਿਕਰੇਤਾਵਾਂ ਤੋਂ ਖਰੀਦਦਾਰਾਂ ਦੇ ਹੱਕ ਵਿੱਚ ਆਉਂਦੀ ਦਿਖਾਈ ਦੇ ਰਹੀ ਹੈ।

# ਦਮਦਮੀ ਟਕਸਾਲ ਨੇ ਮਹਿਤਾ ਚੌਂਕ ਵਿਖੇ ਘੱਲੂਘਾਰਾ ਦਿਹਾੜਾ ਮਨਾਇਆ

ਮਹਿਤਾ ਚੌਕ
ਬਲਰਾਜ ਸਿੰਘ ਰਾਜਾ

ਅੱਜ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਦਮਦਮੀ ਟਕਸਾਲ ਦੇ ਹੈੱਡਕੁਆਟਰ ਵਿਖੇ ਘੱਲੂਘਾਰੇ ਸਬੰਧੀ 43ਵਾਂ ਸਹੀਦੀ ਸਮਾਗਮ ਕਰਵਾਇਆ ਗਿਆ। ਜਿਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਸੰਤ ਸਮਾਜ, ਵੱਖ ਵੱਖ ਤਖ਼ਤਾ ਦੇ ਜਥੇਦਾਰ, ਸਿਆਸੀ ਆਗੂ ਤੇ ਧਾਰਮਿਕ ਆਗੂਆਂ ਨੇ ਹਾਜ਼ਰੀ ਲਵਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਇਹ ਸਹੀਦੀ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ।

ਅੱਜ ਸਵੇਰੇ ਸ਼ਹੀਦਾਂ ਦੀ ਯਾਦ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਗੁਰਬਾਣੀ ਦਾ ਰਸਭਿੰਨਾ ਕੀਰਤਨ ਤੋਂ ਬਾਅਦ ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ ਵੱਲੋਂ ਕਥਾ ਕੀਤੀ ਅਤੇ ਸੰਤ ਬਾਬਾ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ।

ਬਾਅਦ ਵਿਚ ਖੁੱਲ੍ਹੇ ਦੀਵਾਨ ਹਾਲ ਵਿਚ



ਪੰਡਾਲ ਲਾ ਕਿ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿਲੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮਹਾਰਾਸ਼ਟਰ ਸਰਕਾਰ ਦੇ ਖੇਤੀਬਾੜੀ ਮੰਤਰੀ , ਭਾਈ ਗੁਰਇਕਬਾਲ ਸਿੰਘ ਭਲਾਈ ਕੇਂਦਰ ਅੰਮ੍ਰਿਤਸਰ,ਬਾਬਾ ਨਿਹਾਲ ਸਿੰਘ ਹਰਿਆ ਵੇਲਾ, ਸੰਤ ਬਾਬਾ ਸਾਧੂ ਸਿੰਘ, ਸੰਤ ਬਾਬਾ ਜਗਜੀਤ ਸਿੰਘ ਲੋਪੋਕੇ , ਸੰਤ ਕਾਕਾ ਸਿੰਘ ਮਸਤੂਆਣਾ, ਗਿਆਨੀ ਸਰਬਜੀਤ ਸਿੰਘ, ਸਿੰਘ ਸਾਹਿਬ ਗਿਆਨੀ ਪਰਮਿੰਦਰਪਾਲ ਸਿੰਘ, ਬਾਬਾ ਬੰਤਾ ਸਿੰਘ, ਸਿੰਘ ਸਾਹਿਬ ਭਾਈ ਗਿਆਨੀ ਰਾਜਦੀਪ ਸਿੰਘ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਬਾਬਾ ਸੁਖਦੇਵ ਸਿੰਘ ਅਨੰਦਪੁਰ ਸਾਹਿਬ, ਭਾਈ ਸੁਖਵੰਤ ਸਿੰਘ ਭਿੰਡਰ, ਬਾਬਾ ਗੁਰਤੇਜ ਸਿੰਘ ਮੁੱਖ ਬੁਲਾਰਾ ਸੰਤ ਸਮਾਜ, ਭਾਈ ਮੱਖਣ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਸੰਤ ਮਹਾਪੁਰਸ਼ਾਂ ਅਤੇ ਸਿਆਸੀ ਧਾਰਮਿਕ ਆਗੂਆਂ ਨੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।


ਡਤਾਈਵਰ ਵੀ ਜਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!
ਇਨਵੌਇਸ ਬਣਾਓ ਆਸਾਨ,
ਤੇ ਚਲੋ ਬੱਸ ਮਸਤਾਨ!
ਘੱਟ ਕਾਗਜੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ Traki ਨਾਲ.
INVOICE
ਕਾਗਜ਼ ਸੰਭਾਲੋ
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.
ਇਨਵੌਇਸ ਬਣਾਓ
AI ਮਦਦ ਨਾਲ ਆਟੋ ਫਿਲ ਅਤੇ ਪੇਸ਼ੇਵਰ ਇਨਵੌਇਸ ਤਿਆਰ.
ਕਮਾਈ ਵਧਾਓ
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.
ਅੱਜ ਹੀ ਸ਼ੁਰੂ ਕਰੋ!
3 ਦਿਨ ਦਾ ਮੁਫ਼ਤ TRIAL ਮਿਲੇਗਾ!
ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!
QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!
ਟਾਈਮ ਬਚਾਓ
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.
ਗਲਤੀ ਘੱਟ
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.
ਆਫਲਾਈਨ ਕੰਮ
ਇੰਟਰਨੈੱਟ ਬਿਨ੍ਹਾਂ ਵੀ ਸਭ ਕੁਝ ਚੱਲਦਾ.
ਸਭ ਕੁਝ ਇੱਕ ਜਗ੍ਹਾ
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.
ਹੋਰ ਜਾਣਕਾਰੀ ਲਈ ਵੇਖੋ
TRAKIAPP.COM
TRAKI
ਡਰਾਈਵਰ ਦਾ ਅਸਲੀ ਯਾਰ.



SAN MARCO TEEYAN BAY POINT
PROUDLY PRESENTS ( NON PROFIT)
9TH ANNUAL WOMEN'S FESTIWAL
FETURING : GIDHA, DANCE, SKITS, SONGS, LIVE DJ AND MUCH MORE
San Marco Teeyan
ON SUNDAY JULY 12TH 2026
AMBROSE COMMUNITY CENTER 12 PM TO 6 PM
3105 WILLOW PASS RD, BAY POINT CA 94565
Host
PREETO SAWHNEY
JEWELRY AND CLOTHING STALLS
RAFFLE DRAWING FOR GOLD ITEMS AND MORE PRIZES
Free Entry
Free Parking
PHOTO & VIDEOGRAPHY BY
PAL FILMS PRODUCTION
341 356 1517
GRAND SPONSOR
CHINNA JEWELERS
FOR MORE INFO & PARTICIPATION CALL
SONIA WALIA 925-565-6058
PARAMJIT NOKWAL 925-323-2523
HARPREET SUTTI 925-464-3414
FOOD BY
DOSA PLACE


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਭਾਰਤੀ ਨਾਗਰਿਕ ਦਾ ਨਾਂ ਵਿਦੇਸ਼ੀ ਅਪਰਾਧੀਆਂ ਦੀ ਜਨਤਕ ਸੂਚੀ ਵਿੱਚ ਸ਼ਾਮਿਲ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਯੂ.ਐਸ. ਡਿਪਾਰਟਮੈਂਟ ਆਫ਼ ਹੋਮਲੈਂਡ ਸਿਕਿਓਰਿਟੀ ਨੇ ਭਾਰਤੀ ਨਾਗਰਿਕ ਲੁਬਾਣਾ ਸਿੰਘ ਨੂੰ ਆਪਣੀ 'ਸਭ ਤੋਂ ਭੈੜੀ' ਜਨਤਕ ਸੂਚੀ ਵਿੱਚ ਸ਼ਾਮਲ ਕੀਤਾ ਹੈ, ਜੋ ਕਿ ਯੂ.ਐਸ. ਇਮੀਗ੍ਰੇਸ਼ਨ ਐਂਡ ਕਸਟਮਜ਼ ਇਨਫੋਰਸਮੈਂਟ ਦੁਆਰਾ ਦੇਸ਼ ਭਰ ਵਿੱਚ ਗ੍ਰਿਫਤਾਰ ਕੀਤੇ ਗਏ ਵਿਦੇਸ਼ੀ ਨਾਗਰਿਕਾਂ ਦੀ ਪਛਾਣ ਕਰਦੀ ਹੈ। ਡੀ ਐਚ ਐਸ ਅਨੁਸਾਰ, ਲੁਬਾਣਾ ਸਿੰਘ ਨੂੰ ਮਿਲਾਨ, ਮਿਸ਼ੀਗਨ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ। ਏਜੰਸੀ ਨੇ ਕਿਹਾ ਕਿ ਉਸ ਦੇ ਅਪਰਾਧਿਕ ਇਤਿਹਾਸ ਵਿੱਚ ਸਿੰਥੈਟਿਕ ਨਸ਼ੀਲੇ ਪਦਾਰਥਾਂ ਅਤੇ ਹੋਰ ਖਤਰਨਾਕ ਨਸ਼ਿਆਂ ਦੀ ਵਿਕਰੀ ਨਾਲ ਜੁੜੇ ਅਪਰਾਧ ਸ਼ਾਮਲ ਹਨ। ਇਸ ਸੂਚੀ ਵਿਚ 5000 ਨਾਂ ਸ਼ਾਮਿਲ ਹੋ ਚੁੱਕੇ ਹਨ ਜਿਨਾਂ ਦਾ ਪਿਛੋਕੜ ਅਪਰਾਧ ਨਾਲ ਜੁੜਿਆ ਹੋਇਆ ਹੈ। 8 ਦਸੰਬਰ, 2025 ਨੂੰ ਸ਼ੁਰੂ ਕੀਤਾ ਗਿਆ ਇਹ ਔਨਲਾਈਨ ਜਨਤਿਕ ਪਲੇਟਫਾਰਮ ਹੈ ਜਿਸ ਵਿੱਚ ਬਾਲ ਸੋਸ਼ਣ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਚੋਰੀ, ਨਸ਼ੇ ਦੀ ਹਾਲਤ ਵਿਚ ਗੱਡੀ ਚਲਾਉਣਾ ਤੇ ਕਤਲ ਵਰਗੇ ਅਪਰਾਧਾਂ ਨਾਲ ਜੁੜੇ ਵਿਦੇਸ਼ੀ ਨਾਗਰਿਕਾਂ ਨੂੰ ਸ਼ਾਮਿਲ ਕੀਤਾ ਜਾਂਦਾ ਹੈ। ਡੀ ਐਚ ਐਸ ਦੀ ਕਾਰਜਕਾਰੀ ਸਹਾਇਕ ਸਕੱਤਰ ਲੌਰੇਨ ਬਿਸ ਨੇ ਕਿਹਾ ਕਿ ਇਹ ਅਪਡੇਟ ਇਮੀਗ੍ਰੇਸ਼ਨ ਲਾਗੂ ਕਰਨ ਵਾਲੀਆਂ ਕਾਰਵਾਈਆਂ ਬਾਰੇ ਪਾਰਦਰਸ਼ਤਾ ਵਧਾਉਣ ਲਈ ਪ੍ਰਸ਼ਾਸਨ ਦੇ ਯਤਨਾਂ ਦਾ ਹਿੱਸਾ ਹੈ। ਇਸ ਸੂਚੀ ਵਿਚ ਹੋਂਡੂਰਾਸ, ਕਿਊਬਾ, ਮੈਕਸੀਕੋ, ਗੁਆਟੇਮਾਲਾ, ਵੀਅਤਨਾਮ, ਲਾਇਬੇਰੀਆ, ਅਲ ਸੈਲਵਾਡੋਰ, ਯੂਕਰੇਨ ਅਤੇ ਲਾਓਸ ਦੇ ਵਿਅਕਤੀ ਵੀ ਸ਼ਾਮਲ ਹਨ।



# ਸਿੱਖਿਆ ਅਤੇ ਸਮਾਜ ਸੇਵਾ ਦੇ ਥੰਮ ਸੰਜੀਵ ਕੁਮਾਰ ਸ਼ਰਮਾ

ਪਟਿਆਲਾ
ਸਾਂਝੀ ਸੋਚ ਬਿਊਰੋ



ਸ਼੍ਰੀ ਸੰਜੀਵ ਕੁਮਾਰ ਸ਼ਰਮਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮੰਡੋਰ (ਪਟਿਆਲਾ) ਦੇ ਇੱਕ ਪ੍ਰਸਿੱਧ ਰਸਾਇਣ ਵਿਗਿਆਨ ਲੈਕਚਰਾਰ, ਅਤੇ ਸਟੇਟ ਅਵਾਰਡ ਪ੍ਰਾਪਤਕਰਤਾ, 31 ਮਈ, 2026 ਨੂੰ ਆਪਣੀ ਮਾਣਮੱਤੇ ਸੇਵਾ ਤੋਂ ਸੇਵਾਮੁਕਤ ਹੋ ਗਏ। ਉਨ੍ਹਾਂ ਦਾ ਜੀਵਨ ਹਮੇਸ਼ਾ ਸਾਰਿਆਂ ਲਈ ਪ੍ਰੇਰਨਾ ਸਰੋਤ ਰਿਹਾ ਹੈ, ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰਾਂ 'ਤੇ ਇੱਕ ਅਮਿੱਟ ਛਾਪ ਛੱਡਦਾ ਹੈ।ਆਪਣੇ ਅਧਿਆਪਨ ਕਰੀਅਰ ਦੌਰਾਨ ਸ਼ਰਮਾ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਣਥੱਕ ਮਿਹਨਤ ਕੀਤੀ। ਉਨ੍ਹਾਂ ਨੇ ਰਸਾਇਣ ਵਿਗਿਆਨ ਦੇ ਵਿਸ਼ੇ ਨੂੰ ਸਰਲ ਅਤੇ ਦਿਲਚਸਪ ਬਣਾ ਕੇ ਇਸਨੂੰ ਪ੍ਰਸਿੱਧ ਬਣਾਇਆ, ਜਿਸਦਾ ਨਤੀਜਾ ਉਨ੍ਹਾਂ ਦੇ 100% ਪ੍ਰੀਖਿਆ ਨਤੀਜਿਆਂ ਵਿੱਚ ਸਪੱਸ਼ਟ ਤੌਰ 'ਤੇ ਝਲਕਦਾ ਹੈ।ਇੱਕ ਵਿਅਕਤੀ ਦੇ ਤੌਰ 'ਤੇ ਸ਼ਰਮਾ ਆਪਣੇ ਸਾਥੀਆਂ ਨਾਲ ਬਹੁਤ ਦੋਸਤਾਨਾ ਸਨ। ਉਨ੍ਹਾਂ ਦੀ ਕੁਦਰਤੀ ਆਦਤ ਸੀ ਕਿ ਉਹ ਦੂਜਿਆਂ ਦੀਆਂ ਖੁਸ਼ੀਆਂ ਅਤੇ ਦੁੱਖਾਂ ਨੂੰ ਸਭ ਤੋਂ ਪਹਿਲਾਂ ਸਾਂਝਾ ਕਰਦੇ ਸਨ। ਕਾਨੂੰਨ ਅਤੇ ਦਵਾਈ ਦੇ ਆਪਣੇ ਵਿਆਪਕ ਗਿਆਨ ਦੇ ਨਾਲ, ਉਹ ਘਰ ਅਤੇ ਸਮਾਜ ਦੋਵਾਂ ਵਿੱਚ ਇੱਕ ਭਰੋਸੇਮੰਦ ਸਲਾਹਕਾਰ ਵਜੋਂ ਜਾਣੇ ਜਾਂਦੇ ਸਨ। ਕਿਸੇ ਵੀ ਵਿਸ਼ੇ 'ਤੇ ਡੂੰਘਾਈ ਨਾਲ ਵਿਚਾਰ ਕਰਨ ਤੋਂ ਬਾਅਦ ਹੀ ਆਪਣੀ ਰਾਏ ਪ੍ਰਗਟ ਕਰਨ ਦੀ ਉਨ੍ਹਾਂ ਦੀ ਵਿਸ਼ੇਸ਼ਤਾ ਉਨ੍ਹਾਂ ਨੂੰ ਇੱਕ ਦੂਰਦਰਸ਼ੀ ਬਣਾਉਂਦੀ ਹੈ।ਪਰਿਵਾਰਕ ਮੋਰਚੇ 'ਤੇ, ਉਹ ਇੱਕ ਸਮਰਪਿਤ ਪੁੱਤਰ, ਇੱਕ ਕਰਤੱਵਪੂਰਨ ਪਤੀ ਅਤੇ ਇੱਕ ਪਿਆਰ ਕਰਨ ਵਾਲਾ ਪਿਤਾ ਰਿਹਾ ਹੈ, ਜੋ ਆਪਣੀਆਂ ਸਾਰੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਦਿਆਲਤਾ ਨਾਲ ਨਿਭਾਉਂਦਾ ਹੈ। ਉਸਦਾ ਸਭ ਤੋਂ ਪ੍ਰਸ਼ੰਸਾਯੋਗ ਗੁਣ, ਜੋ ਸਾਰਿਆਂ ਲਈ ਪ੍ਰੇਰਨਾਦਾਇਕ ਹੈ, ਉਸਦੀ ਇਮਾਨਦਾਰੀ ਹੈ - ਉਹ ਕਦੇ ਝੂਠ ਨਹੀਂ ਬੋਲਦਾ। "ਸਾਦਾ ਜੀਵਨ, ਉੱਚ ਸੋਚ" ਕਹਾਵਤ ਉਸਦੀ ਜ਼ਿੰਦਗੀ ਨੂੰ ਪੂਰੀ ਤਰ੍ਹਾਂ ਦਰਸਾਉਂਦੀ ਹੈ। ਦੂਜਿਆਂ ਦੀ ਮਦਦ ਕਰਨ ਲਈ ਹਮੇਸ਼ਾ ਤਿਆਰ ਰਹਿਣਾ ਉਸਦਾ ਸੁਭਾਅ ਰਿਹਾ ਹੈ।ਸਾਡੇ ਸਾਰਿਆਂ ਵੱਲੋਂ, ਇਸ ਵਿਦਵਾਨ ਅਤੇ ਬੁੱਧੀਮਾਨ ਸ਼ਖਸੀਅਤ ਨੂੰ ਉਸਦੀ ਸੇਵਾਮੁਕਤੀ 'ਤੇ ਦਿਲੋਂ ਵਧਾਈਆਂ। ਅਸੀਂ ਪ੍ਰਾਰਥਨਾ ਕਰਦੇ ਹਾਂ ਕਿ ਪ੍ਰਮਾਤਮਾ ਉਸਨੂੰ ਉਸਦੀ ਜ਼ਿੰਦਗੀ ਦੀ ਇਸ ਦੂਜੀ ਪਾਰੀ ਵਿੱਚ ਹੋਰ ਵੀ ਵੱਡੀਆਂ ਪ੍ਰਾਪਤੀਆਂ ਬਖਸ਼ੇ।

# ਵੜਿੰਗ ਨੇ ਪੰਜਾਬ ਵਿੱਚ ਸਿਹਤ ਸੇਵਾਵਾਂ ਦੇ ਢਹਿ ਚੁੱਕੇ ਢਾਂਚੇ ਦਾ ਕੀਤਾ ਪਰਦਾਫਾਸ਼

## ਬਲਾਚੌਰ ਨੇੜੇ ਸੁੰਨਸਾਨ ਪਏ ਕਮਿਊਨਿਟੀ ਹੈਲਥ ਸੈਂਟਰ ਦੀ ਦਿਖਾਈ ਹਕੀਕਤ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਬਲਾਚੌਰ ਨੇੜੇ ਸਥਿਤ ਇੱਕ ਸੁੰਨਸਾਨ ਪਏ ਹਸਪਤਾਲ ਦੀ ਲਾਈਵ ਵੀਡੀਓ ਦਿਖਾਉਂਦਿਆਂ, ਕਿਹਾ ਕਿ ਉੱਥੇ ਨਾ ਕੋਈ ਡਾਕਟਰ ਸੀ, ਨਾ ਸਹਾਇਕ ਸਟਾਫ਼ ਅਤੇ ਨਾ ਹੀ ਕੋਈ ਮਰੀਜ਼ ਸੀ। ਉਨ੍ਹਾਂ ਨੇ ਕਿਹਾ ਕਿ ਇਸ਼ਤਿਹਾਰਾਂ ਰਾਹੀਂ ਕੀਤੇ ਜਾਂਦੇ ਦਾਅਵਿਆਂ ਦੇ ਉਲਟ ਪੰਜਾਬ ਦੀਆਂ ਸਿਹਤ ਸੇਵਾਵਾਂ ਦੀ ਇਹੀ ਅਸਲ ਹਕੀਕਤ ਹੈ।ਇਸ ਦੌਰਾਨ ਵੜਿੰਗ ਸਥਾਨਕ ਕਾਂਗਰਸੀ ਆਗੂ ਅਜੈ ਮੰਗੂਪੁਰ ਦੇ ਨਾਲ ਕਮਿਊਨਿਟੀ ਹੈਲਥ ਸੈਂਟਰ ਦੇ ਅੰਦਰ ਗਏ ਅਤੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕੀਤਾ।

ਇੱਥੇ ਸਾਰੇ ਵਿਭਾਗ ਸੁੰਨੇ ਪਏ ਸਨ। ਜਦਕਿ ਮੌਜੂਦ ਲੋਕਾਂ ਨੇ ਦੱਸਿਆ ਕਿ ਇੱਥੇ ਨਾ ਕੋਈ ਡਾਕਟਰ ਹੈ, ਨਾ ਮਹਿਲਾ ਡਾਕਟਰ ਅਤੇ ਨਾ ਹੀ ਕੋਈ ਜਾਂਚ ਸਹੂਲਤ ਉਪਲਬਧ ਹੈ।ਬਾਅਦ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਵੜਿੰਗ ਨੇ ਕਿਹਾ ਕਿ ਇੱਕ ਵਿਸ਼ਾਲ ਅਤੇ ਖੁੱਲ੍ਹੀ ਇਮਾਰਤ ਨੂੰ ਬੇਕਾਰ ਬਣਾ ਕੇ ਛੱਡ ਦਿੱਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਇਹ ਇਸ ਗੱਲ ਦੀ ਜਿਉਂਦੀ ਜਾਗਦੀ ਉਦਾਹਰਨ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੀ ਸਿਹਤ ਪ੍ਰਣਾਲੀ ਨੂੰ ਕਿਸ ਤਰ੍ਹਾਂ ਤਬਾਹ ਕਰ ਦਿੱਤਾ ਹੈ ਅਤੇ ਇਸਦੇ ਬਾਵਜੂਦ ਉਹ ਖ਼ਾਸ "ਹੈਲਥ ਮਾਡਲ" ਦੇ ਦਾਅਵੇ ਕਰ ਰਹੀ ਹੈ।ਸਥਾਨਕ ਨਿਵਾਸੀਆਂ ਦਾ ਹਵਾਲਾ ਦਿੰਦਿਆਂ, ਸੂਬਾ ਕਾਂਗਰਸ ਪ੍ਰਧਾਨ ਨੇ ਜ਼ਿਕਰ ਕੀਤਾ ਕਿ ਆਪ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਸ ਸੀਐਚਸੀ ਵਿੱਚ ਰੈਗੂਲਰ ਤੌਰ ਤੇ ਡਾਕਟਰ ਅਤੇ ਗਾਇਨਕੋਲੋਜਿਸਟ ਤਾਇਨਾਤ ਹੁੰਦੇ ਸਨ। ਪਰ ਆਪ ਸਰਕਾਰ ਦੇ ਆਉਣ ਤੋਂ ਬਾਅਦ ਇਹ ਸਾਰੀਆਂ ਸਹੂਲਤਾਂ ਖਤਮ ਹੋ ਗਈਆਂ ਹਨ।ਵੜਿੰਗ ਨੇ ਆਪਣੇ ਸੋਸ਼ਲ ਮੀਡੀਆ ਪੇਜ 'ਤੇ ਲਾਈਵ ਹੁੰਦਿਆਂ ਖੁਲਾਸਾ ਕੀਤਾ ਕਿ ਇਹ ਆਪ ਸਰਕਾਰ ਦੇ ਝੂਠੇ ਦਾਅਵਿਆਂ ਦੀ ਅਸਲ ਹਕੀਕਤ ਹੈ ਕਿ ਉਸਨੇ ਪੰਜਾਬ ਦੀ ਸਿਹਤ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਉਹ ਪੰਜਾਬ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਦੀ ਅਸਲ ਹਾਲਤ ਦਿਖਾਉਣਾ ਚਾਹੁੰਦੇ ਸਨ।

ਵੜਿੰਗ ਨੇ ਇਹ ਵੀ ਐਲਾਨ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਹੋਰ ਸਿਹਤ ਅਤੇ ਸਿੱਖਿਆ ਸੰਸਥਾਵਾਂ ਦਾ ਵੀ ਦੌਰਾ ਕਰਨਗੇ, ਜਿਹੜੀਆਂ ਆਪ ਸਰਕਾਰ ਦੇ ਸ਼ਾਸਨ ਦੌਰਾਨ ਬਦਹਾਲ ਹੋ ਚੁੱਕੀਆਂ ਹਨ। ਉਨ੍ਹਾਂ ਨੇ ਕਿਹਾ ਕਿ ਅਸੀਂ ਇਨ੍ਹਾਂ ਦਾ ਅਸਲੀ ਚਿਹਰਾ ਲੋਕਾਂ ਸਾਹਮਣੇ ਬੇਨਕਾਬ ਕਰਾਂਗੇ।

# ਅੰਮ੍ਰਿਤਸਰ 'ਚ ਐਨਆਰਆਈ ਵਿਅਕਤੀ ਦਾ ਕਤਲ ‘ਆਪਣਿਆਂ’ ਨੇ ਹੀ ਦਿੱਤਾ ਘਟਨਾ ਨੂੰ ਅੰਜ਼ਾਮ

ਅੰਮ੍ਰਿਤਸਰ
ਧੈਰਿਆ ਮਹਿਰਾ

ਅੰਮ੍ਰਿਤਸਰ ਤੋਂ ਬੇਹੱਦ ਹੈਰਾਨੀਜਨਕ ਮਾਮਲਾ ਸਾਹਮਣੇ ਆਇਆ ਹੈ। ਇਥੇ ਇਕ ਐਨਆਰਆਈ ਦਾ ਕਤਲ ਕਰ ਦਿੱਤਾ ਗਿਆ। ਇਸ ਤੋਂ ਬਾਅਦ ਉਸ ਦੀ ਲਾਸ਼ ਹਰੀਕੇ ਦੇ ਨੇੜੇ ਨਹਿਰ ਵਿੱਚ ਸੁੱਟ ਦਿੱਤੀ ਗਈ। ਮ੍ਰਿਤਕ ਦੀ ਪਛਾਣ ਸੁਨੀਲ ਸ਼ਰਮਾ (66) ਵਜੋਂ ਹੋਈ ਹੈ।

ਉਹ ਆਸਟ੍ਰੇਲੀਆ ਦੇ ਨਾਗਰਿਕ ਸਨ ਅਤੇ ਅੰਮ੍ਰਿਤਸਰ ਵਿੱਚ ਆਪਣੇ ਘਰ ਦੀ ਦੇਖਭਾਲ ਅਤੇ ਡੈਂਟਿੰਗ-ਪੇਂਟਿੰਗ ਦੇ ਕੰਮ ਲਈ ਆਏ ਹੋਏ ਸਨ। ਉਨ੍ਹਾਂ ਦੀ ਭਰਾ, ਭਰਜਾਈ ਅਤੇ ਭਤੀਜੇ ਤੇ ਹੀ ਕਤਲ ਦ ਇਲਜ਼ਾਮ ਲੱਗੇ ਹਨ। ਮਿਲੀ ਜਾਣਕਾਰੀ ਅਨੁਸਾਰ ਅੰਮ੍ਰਿਤਸਰ ਆਉਣ ਤੋਂ ਬਾਅਦ ਉਹ 22 ਮਈ ਨੂੰ ਲਾਪਤਾ ਹੋ ਗਏ ਸਨ। ਉਨ੍ਹਾਂ ਦੀ ਬੇਟੀ ਨੇ ਇੱਕ ਵੀਡੀਓ ਜਾਰੀ ਕਰਕੇ ਉਨ੍ਹਾਂ ਦੇ ਲਾਪਤਾ ਹੋਣ ਦੀ ਜਾਣਕਾਰੀ ਦਿੱਤੀ ਸੀ।

ਹੁਣ ਪੁਲਿਸ ਨੇ ਉਨ੍ਹਾਂ ਦੇ ਕਤਲ ਦੀ ਪੁਸ਼ਟੀ ਕੀਤੀ ਹੈ। ਨਾਲ ਹੀ ਉਨ੍ਹਾਂ ਦੀ ਲਾਸ਼ ਨੂੰ ਨਹਿਰ ਦੇ ਨੇੜਿਓਂ ਬਰਾਮਦ ਕਰ ਲਿਆ ਹੈ। ਐਨਆਰਆਈ ਦੀ ਬੇਟੀ ਸੁਰਭੀ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਸੁਨੀਲ ਸ਼ਰਮਾ ਆਸਟ੍ਰੇਲੀਆ ਦੇ ਮੈਲਬੌਰਨ ਦੇ ਇੱਕ ਸਕੂਲ ਵਿੱਚ ਗਣਿਤ ਦੇ ਅਧਿਆਪਕ ਸਨ।

ਭਾਰਤ ਆਉਣ ਤੋਂ ਬਾਅਦ ਉਨ੍ਹਾਂ ਦੀ ਆਖਰੀ ਵਾਰ 22 ਮਈ ਨੂੰ ਫ਼ੋਨ ‘ਤੇ ਗੱਲਬਾਤ ਹੋਈ ਸੀ। ਇਸ ਤੋਂ ਬਾਅਦ ਉਨ੍ਹਾਂ ਦਾ ਫ਼ੋਨ ਬੰਦ ਹੋ ਗਿਆ ਅਤੇ ਉਨ੍ਹਾਂ ਨਾਲ ਕੋਈ ਸੰਪਰਕ ਨਹੀਂ ਹੋ ਸਕਿਆ।

ਸੁਰਭੀ ਨੇ ਵੀਡੀਓ ਜਾਰੀ ਕਰਕੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਭਾਵੁਕ ਅਪੀਲ ਕੀਤੀ ਸੀ ਕਿ ਉਨ੍ਹਾਂ ਦੇ ਪਿਤਾ ਨੂੰ ਜਲਦੀ ਤੋਂ ਜਲਦੀ ਲੱਭਿਆ ਜਾਵੇ।

ਦੱਸ ਦਈਏ ਕਿ ਪੁਲਿਸ ਨੇ ਕਤਲ ਦੇ ਦੋਸ਼ ਵਿੱਚ ਮ੍ਰਿਤਕ ਦੇ ਭਰਾ, ਭਰਜਾਈ ਅਤੇ ਭਤੀਜੇ ਸਮੇਤ 4 ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਇਸ ਵਾਰਦਾਤ ਨੂੰ ਜਾਇਦਾਦ ਦੇ ਵਿਵਾਦ ਕਾਰਨ ਅੰਜਾਮ ਦਿੱਤਾ ਗਿਆ ਸੀ।ਇਸ ਸੰਬੰਧੀ ਅੰਮ੍ਰਿਤਸਰ ਦੇ ਐੱਸ.ਐੱਸ.ਪੀ. ਕੰਵਲਪ੍ਰੀਤ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਇਸ ਕਤਲ ਕਾਂਡ ਬਾਰੇ ਅਹਿਮ ਖੁਲਾਸੇ ਕੀਤੇ।




ੴ
ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ
GURDWARA SAHIB
SIKH TEMPLE
ਸ਼ਹੀਦੋਂ ਕੀ ਚਿਤਾਓਂ ਪਰ ਲਗੇਂਗੇ ਹਰ ਵਰਸ਼ ਮੇਲੇ
ਗੁਰਦੁਆਰਾ ਸਾਹਿਬ ਮੁਡਿਸਟੋ ਸੀਰਜ਼ ਵਿਖੇ
ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ
ਅਤੇ ਸ਼ਹੀਦ ਬਾਬਾ ਨਿਹਾਲ ਸਿੰਘ ਜੀ - ਸ਼ਹੀਦ ਬਾਬਾ ਹਰਨਾਮ ਸਿੰਘ ਜੀ ਤੱਲਣ ਸਾਹਿਬ ਜਲੰਧਰ ਦੀ ਯਾਦ ਵਿੱਚ ਸ਼ਹੀਦੀ ਦਿਵਸ
ਗੁਰਦੁਆਰਾ ਸਾਹਿਬ ਮੁਡਿਸਟੋ-ਸੀਰਜ ਵਿਖੇ ਤੱਲਣ ਦੀ ਸੰਗਤ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ
ਦੋ ਸ੍ਰੀ ਅਖੰਡ ਪਾਠ ਸਾਹਿਬ ਬੜੀ ਹੀ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ।
ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ
( 19 ਜੂਨ, 2026 ਸਵੇਰੇ 10:00 ਵਜੇ )
ਅਖੰਡ ਪਾਠ ਸਾਹਿਬ ਦੇ ਭੋਗ
( 21 ਜੂਨ, 2026 ਸਵੇਰੇ 10:00 ਵਜੇ )
ਕਥਾ ਅਤੇ ਕੀਰਤਨ ਸਮਾਗਮ
17 ਜੂਨ ਤੋਂ 20 ਜੂਨ, 2026 ਤੱਕ
ਸ਼ਾਮ 6:30 ਤੋਂ 8:30 ਵਜੇ ਤੱਕ ਹੋਏਗਾ
ਭਾਈ ਪ੍ਰਿਥੀਪਾਲ ਸਿੰਘ ਜੀ ਅਤੇ ਸਾਥੀ
ਮੁਡਿਸਟੋ-ਸੀਰਜ ਗੁਰਦਵਾਰਾ ਸਾਹਿਬ ਦੇ ਹਜ਼ੂਰੀ ਰਾਗੀ
(ਕਥਾ ਵਾਚਕ)
ਗਿਆਨੀ ਹਰਬੰਸ ਸਿੰਘ ਮੁਡਿਸਟੋ-ਸੀਰਜ
( ਕਵੀਸ਼ਰੀ ਜੱਥਾ )
ਸਰਬਜੀਤ ਸਿੰਘ ਸਾਜਨ ਅਤੇ ਸਾਥੀ
ਪੰਜ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਤੇ ਇਲਾਕਾ ਨਿਵਾਸੀਆਂ ਨੂੰ ਤੱਲਣ ਵਾਲੀ ਸੰਗਤ ਵੱਲੋਂ
ਨਿਮਰਤਾ ਸਹਿਤ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰੋ ਤੇ ਸਿੰਘਾਂ ਸ਼ਹੀਦਾਂ ਤੋਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਵਧੇਰੇ ਜਾਣਕਾਰੀ ਲਈ ਕਾਲ ਕਰੋ ---
ਪਰਮਜੀਤ ਸਿੰਘ : (209) 702 4649 | ਜਰਨੈਲ ਸਿੰਘ : (209) 872 3070 | ਅਸ਼ੋਕ ਵਰਮਾ : (209) 681 5171
ADDRESS: 5743 E Hatch Rd, Hughson, Ca 95326

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO • HOME • TRUCK • BUSINESS • LIFE • MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

# ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਮੌਕੇ ਦਮਦਮੀ ਟਕਸਾਲ ਵਿਖੇ ਵਿਸ਼ਾਲ ਪੰਥਕ ਇਕੱਠ, ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ



ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਜੂਨ 1984 ਦੇ ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਅੱਜ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਮਹਿਤਾ ਵਿਖੇ ਮਨਾਈ ਗਈ। ਇਸ ਮੌਕੇ ਲਾਮਿਸਾਲ ਇਕੱਤਰਤਾ ਰਾਹੀਂ ਸ਼ਹੀਦਾਂ ਨੂੰ ਸਿੱਜਦਾ ਕੀਤਾ ਗਿਆ।

ਅੰਤਰਰਾਸ਼ਟਰੀ ਪੱਧਰ 'ਤੇ ਹੋਏ ਇਸ ਸਮਾਗਮ ਦੌਰਾਨ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ, ਜਿਸ ਵਿੱਚ ਸੰਤ ਸਮਾਜ ਦੇ ਸੰਤ-ਮਹਾਂਪੁਰਸ਼ਾਂ, ਦਿੱਲੀ ਕਮੇਟੀ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨਾਂ ਤੇ ਮੈਂਬਰਾਂ, ਨਿਹੰਗ ਸਿੰਘ ਜਥੇਬੰਦੀਆਂ ਅਤੇ ਹੋਰ ਸੰਪਰਦਾਵਾਂ ਦੇ ਮੁਖੀਆਂ ਤੋਂ ਇਲਾਵਾ ਬਹੁਤ ਸਾਰੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।

ਇਸ ਮੌਕੇ ਆਪਣੇ ਸ਼ਹੀਦਾਂ ਦੇ ਸਤਿਕਾਰ 'ਚ ਆਪ ਮੁਹਾਰੇ ਵਹੀਰਾਂ ਘੱਤ ਕੇ ਲੱਖਾਂ ਦੀ ਗਿਣਤੀ ਵਿੱਚ ਦਮਦਮੀ ਟਕਸਾਲ ਪੁੱਜੀਆਂ ਸੰਗਤਾਂ ਨੇ ਇਸ ਗੱਲ ਦੀ ਪ੍ਰੋੜ੍ਹਤਾ ਕੀਤੀ ਕਿ ਦਮਦਮੀ ਟਕਸਾਲ ਜਥਾ ਭਿੰਡਰਾਂ ਨੇ ਆਪਣੀ ਰਹਿਤ ਮਰਯਾਦਾ ਅਤੇ ਸਿਧਾਂਤਾਂ ਨੂੰ ਇੰਨ-ਬਿੰਨ ਕਾਇਮ ਰੱਖਿਆ ਹੈ ਅਤੇ ਆਪਣੇ ਅਸੂਲਾਂ 'ਤੇ ਚੱਲਦਿਆਂ ਹਮੇਸ਼ਾਂ ਆਪਣੀ ਉੱਚੀ ਤੇ ਸੱਚੀ-ਸੁੱਚੀ ਸੋਚ 'ਤੇ ਡੱਟ ਕੇ ਪਹਿਰਾ ਦਿੱਤਾ ਹੈ।

ਇਸ ਮੌਕੇ ਸੰਤ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ ਤੋਂ ਇਲਾਵਾ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਅਤੇ ਬੰਦੀ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰਾਂ ਦਾ ਸਨਮਾਨ ਕੀਤਾ ਗਿਆ। ਇਸ ਵਾਰ ਵਿਸ਼ੇਸ਼ 'ਸੇਵਾ ਰਤਨ ਸਨਮਾਨ' ਸੰਤ ਬਾਬਾ ਰਾਮ ਸਿੰਘ ਰਿਸ਼ੀਕੇਸ਼ ਨੂੰ ਦਿੱਤਾ ਗਿਆ।

ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਗੁਰੂ ਕਾਲ ਤੋਂ ਬਾਅਦ ਜੇ ਕਿਸੇ ਮਹਾਨ ਸਿੱਖ ਸ਼ਖਸੀਅਤ ਨੂੰ ਸਭ ਤੋਂ ਵੱਧ ਸਤਿਕਾਰ ਅਤੇ ਸਨਮਾਨ ਪ੍ਰਾਪਤ ਹੋਇਆ ਹੈ, ਤਾਂ ਉਹ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਹਿੱਸੇ ਆਇਆ ਹੈ। ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਵਰਗੇ ਸੂਰਬੀਰ ਯੋਧੇ, ਪਰਉਪਕਾਰੀ ਅਤੇ ਗੁਰਸਿੱਖ ਵਿਰਲੇ ਹੀ ਹੁੰਦੇ ਹਨ, ਜਿਨ੍ਹਾਂ ਨੂੰ ਗੁਰੂ ਮਹਾਰਾਜ ਵੱਲੋਂ ਵਿਸ਼ੇਸ਼ ਬਖ਼ਸ਼ਿਸ਼ਾਂ ਅਤੇ ਗੁਣਾਂ ਨਾਲ ਨਿਵਾਜਿਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਜੂਨ 1984 ਵਿੱਚ ਸਿੱਖ ਕੌਮ ਦੀ ਅਣਖ ਨੂੰ ਮਲੀਆਮੇਟ ਕਰਨ ਲਈ ਬੜੀ ਸੋਚੀ-ਸਮਝੀ ਸਾਜ਼ਿਸ਼ ਤਹਿਤ ਤਤਕਾਲੀ ਇੰਦਰਾ ਗਾਂਧੀ ਦੀ ਕਾਂਗਰਸ ਹਕੂਮਤ ਵੱਲੋਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਹੋਰ 37 ਗੁਰਦੁਆਰਿਆਂ ਉੱਤੇ ਹਮਲਾ ਕੀਤਾ ਗਿਆ ਸੀ। ਇਸ ਦੌਰਾਨ ਆਪਣੇ ਗੁਰਧਾਮਾਂ ਦੀ ਰੱਖਿਆ ਕਰਦਿਆਂ ਦਮਦਮੀ ਟਕਸਾਲ ਦੇ ਸੂਰਬੀਰ ਯੋਧਿਆਂ ਨੇ ਡੱਟ ਕੇ ਜਬਰ ਤੇ ਜ਼ੁਲਮ ਦਾ ਸਾਹਮਣਾ ਕੀਤਾ ਅਤੇ ਸਰਕਾਰੀ ਹੁਕਮਾਂ ਅੱਗੇ ਝੁਕਣ ਦੀ ਬਜਾਏ ਹੱਸਦਿਆਂ ਸ਼ਹਾਦਤਾਂ ਦਾ ਜਾਮ ਪੀਤਾ। ਇਸ ਫ਼ੌਜੀ ਹਮਲੇ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਆਈਆਂ ਸੈਂਕੜੇ ਬੇਕਸੂਰ ਸੰਗਤਾਂ ਵੀ ਇਸ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਈਆਂ।

ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਉਸ ਸਮੇਂ ਸਿੱਖ ਨੌਜਵਾਨਾਂ ਨੂੰ ਗੁਰਸਿੱਖੀ ਵੱਲ ਪ੍ਰੇਰਿਤ ਕੀਤਾ, ਜਦੋਂ ਸਿੱਖੀ ਤੋਂ ਦੂਰ ਜਾਣ ਦਾ ਰੁਝਾਨ ਵਧ ਰਿਹਾ ਸੀ। ਉਨ੍ਹਾਂ ਨੇ ਸਿੱਖ ਕੌਮ ਦੇ ਰੁਖ਼ ਨੂੰ ਮੁੜ ਗੁਰਸਿੱਖੀ, ਗੁਰਬਾਣੀ ਅਤੇ ਪੰਥਕ ਚੇਤਨਾ ਵੱਲ ਮੋੜਨ ਵਿੱਚ ਅਹਿਮ ਭੂਮਿਕਾ ਨਿਭਾਈ।

ਇਸ ਮੌਕੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਬੇਅਦਬੀ ਅਤੇ ਬੇਹੁਰਮਤੀ ਦਾ ਬਦਲਾ ਲੈਣ ਵਾਲੇ ਭਾਈ ਕੇਹਰ ਸਿੰਘ ਜੀ, ਭਾਈ ਬੇਅੰਤ ਸਿੰਘ ਜੀ ਅਤੇ ਭਾਈ ਸਤਵੰਤ ਸਿੰਘ ਜੀ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਅਤੇ ਕੌਮ ਪ੍ਰਤੀ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ।

ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕੇਂਦਰ ਸਰਕਾਰ ਤੋਂ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੀ ਮੰਗ ਕਰਦਿਆਂ ਕਿਹਾ ਕਿ ਪੰਜਾਬ ਨਾਲ ਸਬੰਧਿਤ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਦੇ ਹੱਲ ਲਈ ਵੀ ਠੋਸ ਅਤੇ ਗੰਭੀਰ ਕਦਮ ਚੁੱਕੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਇਨਸਾਫ਼, ਸੰਵਾਦ ਅਤੇ ਸੰਵਿਧਾਨਕ ਹੱਕਾਂ ਦੇ ਸਤਿਕਾਰ ਰਾਹੀਂ ਹੀ ਪੰਜਾਬ ਅਤੇ ਦੇਸ਼ ਦੀ ਏਕਤਾ ਅਤੇ ਸ਼ਾਂਤੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਅਤੇ ਸਿੰਘ ਸਾਹਿਬ ਭਾਈ ਪਿੰਦਰਪਾਲ ਸਿੰਘ ਜੀ, ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਗੁਰਧਾਮਾਂ ਦੀ ਰੱਖਿਆ ਖ਼ਾਤਰ ਚੜ੍ਹ ਕੇ ਆਈ ਭਾਰਤੀ ਫ਼ੌਜ ਦਾ ਟਾਕਰਾ ਕਰਦਿਆਂ ਸ਼ਹੀਦੀਆਂ ਪ੍ਰਾਪਤ ਕੀਤੀਆਂ, ਪਰ ਈਨ ਨਾ ਮੰਨੀ। ਉਨ੍ਹਾਂ ਕਿਹਾ ਕਿ ਇਹ ਮਾਣਮੱਤੀ ਸ਼ਹੀਦੀਆਂ ਦਮਦਮੀ ਟਕਸਾਲ ਦੀ ਵਿਰਾਸਤ ਹਨ ਅਤੇ ਇਸ ਸੰਸਥਾ ਦਾ ਇਤਿਹਾਸ ਅਜਿਹੀਆਂ ਸ਼ਹੀਦੀਆਂ ਨਾਲ ਭਰਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਜਥੇਬੰਦੀ ਨੇ ਹਮੇਸ਼ਾਂ ਸਾਰਥਕ ਭੂਮਿਕਾ ਨਿਭਾਈ ਹੈ ਅਤੇ ਸਿਧਾਂਤਾਂ 'ਤੇ ਚੱਲਦਿਆਂ ਬਾਣੀ ਤੇ ਬਾਣੇ ਦਾ ਸਤਿਕਾਰ ਬਰਕਰਾਰ ਰੱਖਦੇ ਹੋਏ 'ਸ਼ਬਦ' ਗੁਰੂ ਦੇ ਪ੍ਰਚਾਰ ਅਤੇ 'ਪੰਥ' ਦੇ ਪ੍ਰਸਾਰ ਲਈ ਵੱਡੀਆਂ ਸੇਵਾਵਾਂ ਕੀਤੀਆਂ ਹਨ, ਜੋ ਨਿਰੰਤਰ ਜਾਰੀ ਹਨ।

ਪਾਵਨ ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਵੰਤ ਸਿੰਘ ਜੀ ਵੱਲੋਂ ਪਹੁੰਚੇ ਗਿਆਨੀ ਸਰਬਜੀਤ ਸਿੰਘ ਜੀ ਨੇ ਆਪਣੇ ਸੰਬੋਧਨ ਦੌਰਾਨ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਨਾਂਦੇੜ ਸਾਹਿਬ ਦੀ ਪਵਿੱਤਰ ਧਰਤੀ ਉੱਤੇ ਕੀਤੀ ਗਈ ਬੰਦਗੀ ਅਤੇ ਸੇਵਾ ਦਾ ਵਿਸ਼ੇਸ਼ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੰਥ ਦੀ ਚੜ੍ਹਦੀ ਕਲਾ ਅਤੇ ਸਿੱਖ ਕੌਮ ਦੀ ਅਣਖ ਦੀ ਰੱਖਿਆ ਲਈ ਸੰਤ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਵੱਡੀਆਂ ਕੁਰਬਾਨੀਆਂ ਅਤੇ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਨੇ ਚੜ੍ਹ ਕੇ ਆਈ ਫ਼ੌਜ ਦਾ ਦ੍ਰਿੜ੍ਹਤਾ ਅਤੇ ਦਲੇਰੀ ਨਾਲ ਮੁਕਾਬਲਾ ਕਰਦਿਆਂ ਮੂੰਹ-ਤੋੜ ਜਵਾਬ ਦਿੱਤਾ। ਗਿਆਨੀ ਸਰਬਜੀਤ ਸਿੰਘ ਜੀ ਨੇ ਕਿਹਾ ਕਿ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਦੇ ਨਿਰੰਤਰ ਯਤਨਾਂ ਸਦਕਾ ਪੰਥਕ ਚੇਤਨਾ, ਗੁਰਮਤਿ ਪ੍ਰਚਾਰ ਅਤੇ ਸਿੱਖ ਸਰੋਕਾਰਾਂ ਪ੍ਰਤੀ ਵਿਸ਼ੇਸ਼ ਜਾਗਰੂਕਤਾ ਆਈ ਹੈ। ਉਨ੍ਹਾਂ ਦੇ ਯਤਨਾਂ ਨੇ ਸਿੱਖ ਸੰਗਤਾਂ ਨੂੰ ਗੁਰੂ ਘਰ ਅਤੇ ਪੰਥ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਨੇ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਟਕਸਾਲ ਅੱਜ ਵੀ ਬਾਣੀ, ਬਾਣੇ ਅਤੇ ਸਿੱਖ ਸਿਧਾਂਤਾਂ ਨਾਲ ਸੰਗਤਾਂ ਨੂੰ ਜੋੜਨ ਦਾ ਮਹਾਨ ਕਾਰਜ ਨਿਰੰਤਰ ਨਿਭਾ ਰਹੀ ਹੈ ਅਤੇ ਸਿੱਖੀ ਦੀ ਚੜ੍ਹਦੀ ਕਲਾ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਦਾ ਦੇਸ਼-ਵਿਦੇਸ਼ ਵਿੱਚ ਵਿਸ਼ਾਲ ਪ੍ਰਭਾਵ ਹੈ ਅਤੇ ਇਹ ਸੰਸਥਾ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਅਤੇ ਪੰਥਕ ਚੇਤਨਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਨੇ ਹਮੇਸ਼ਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਹਿਯੋਗ ਦਿੱਤਾ ਹੈ ਅਤੇ ਪੰਥਕ ਮਸਲਿਆਂ 'ਤੇ ਅਹਿਮ ਭੂਮਿਕਾ ਨਿਭਾਈ ਹੈ। ਸਰਦਾਰ ਧਾਮੀ ਨੇ ਕੌਮ ਨੂੰ ਇੱਕਜੁੱਟ ਹੋਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਬੰਦੀ ਸਿੰਘਾਂ ਦੀ ਰਿਹਾਈ ਲਈ ਪੁਰਜ਼ੋਰ ਯਤਨਾਂ ਦੀ ਵਕਾਲਤ ਕੀਤੀ।

ਸਰਦਾਰ ਧਾਮੀ ਨੇ ਦਮਦਮੀ ਟਕਸਾਲ ਦੇ ਸ਼ਾਨਾਮੱਤੇ ਇਤਿਹਾਸ 'ਤੇ ਰੌਸ਼ਨੀ ਪਾਉਂਦਿਆਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਨੂੰ 'ਪਾਰਸ ਪੁਰਸ਼' ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਸੰਤ ਭਿੰਡਰਾਂਵਾਲਿਆਂ ਨੇ ਆਪਣੀ ਸੰਗਤ ਅਤੇ ਵਿਚਾਰਧਾਰਾ ਨਾਲ ਅਨੇਕਾਂ ਨੌਜਵਾਨਾਂ ਦੀ ਜ਼ਿੰਦਗੀ ਨੂੰ ਬਦਲ ਕੇ ਉਨ੍ਹਾਂ ਨੂੰ ਗੁਰਸਿੱਖੀ ਨਾਲ ਜੋੜਿਆ।

ਧਾਮੀ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ 'ਤੇ ਚੜ੍ਹ ਕੇ ਆਈ ਫ਼ੌਜ ਦਾ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀਆਂ ਨੇ ਅਦੁੱਤੀ ਦਲੇਰੀ ਅਤੇ ਦ੍ਰਿੜ੍ਹਤਾ ਨਾਲ ਟਾਕਰਾ ਕੀਤਾ ਅਤੇ ਸ਼ਹਾਦਤ ਪ੍ਰਾਪਤ ਕਰਦਿਆਂ ਬਾਬਾ ਦੀਪ ਸਿੰਘ ਜੀ ਦੀ ਮਹਾਨ ਵਿਰਾਸਤ ਅਤੇ ਰੂਹਾਨੀ ਪਰੰਪਰਾ ਨੂੰ ਕਾਇਮ ਰੱਖਿਆ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਆਪਣੇ ਸੰਬੋਧਨ ਦੌਰਾਨ ਬੰਦੀ ਸਿੱਖਾਂ ਦੀ ਰਿਹਾਈ ਦੀ ਜ਼ੋਰਦਾਰ ਵਕਾਲਤ ਕੀਤੀ। ਉਨ੍ਹਾਂ ਪੰਜਾਬ ਵਿੱਚ ਹੋ ਰਹੇ ਗੈਰ-ਕਾਨੂੰਨੀ ਧਰਮ ਪਰਿਵਰਤਨ 'ਤੇ ਗੰਭੀਰ ਚਿੰਤਾ ਪ੍ਰਗਟਾਈ। ਉਨ੍ਹਾਂ ਪੰਥਕ ਅਤੇ ਧਾਰਮਿਕ ਕਾਰਜਾਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਨੂੰ ਭਰੋਸਾ ਦਿਵਾਇਆ ਕਿ ਦਿੱਲੀ ਕਮੇਟੀ ਸਿੱਖ ਸਰੋਕਾਰਾਂ ਦੀ ਰੱਖਿਆ ਅਤੇ ਪ੍ਰਚਾਰ ਲਈ ਸ਼੍ਰੋਮਣੀ ਕਮੇਟੀ ਨੂੰ ਹਰ ਸੰਭਵ ਸਹਿਯੋਗ ਦੇਵੇਗੀ। ਇਸ ਦੇ ਨਾਲ ਹੀ ਉਨ੍ਹਾਂ ਧਰਮ ਪ੍ਰਚਾਰ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇੱਕ ਸਾਂਝੀ ਕਮੇਟੀ ਦੇ ਗਠਨ ਦਾ ਸੁਝਾਅ ਵੀ ਦਿੱਤਾ।

ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਜੀ ਵੱਲੋਂ ਪਹੁੰਚੇ ਸ੍ਰੀ ਗਿਰੀਸ਼ ਮਹਾਜਨ ਜੀ, ਜਲ ਸਰੋਤ ਮੰਤਰੀ, ਮਹਾਰਾਸ਼ਟਰ ਸਰਕਾਰ ਨੇ 6 ਜੂਨ ਨੂੰ ਸਿੱਖ ਇਤਿਹਾਸ ਦਾ ਇੱਕ ਕਾਲਾ ਦਿਨ ਕਰਾਰ ਦਿੱਤਾ ਅਤੇ ਕਿਹਾ ਕਿ ਇਸ ਦਿਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਸ੍ਰੀ ਹਰਿਮੰਦਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਹਜ਼ਾਰਾਂ ਬੇਗੁਨਾਹ ਲੋਕਾਂ ਦੀ ਸ਼ਹਾਦਤ ਲਈ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਗ਼ਲਤੀ ਅਤੇ ਪਾਪ ਦਾ ਹੀ ਨਤੀਜਾ ਹੈ ਕਿ ਕਾਂਗਰਸ ਦਾ ਦੇਸ਼ ਭਰ ਵਿੱਚੋਂ ਲਗਾਤਾਰ ਸਫ਼ਾਇਆ ਹੋ ਰਿਹਾ ਹੈ। ਉਨ੍ਹਾਂ ਮਹਾਰਾਸ਼ਟਰ ਵਿੱਚ ਸਿੱਖ ਭਾਈਚਾਰੇ ਦੀ ਭਲਾਈ, ਧਾਰਮਿਕ ਅਧਿਕਾਰਾਂ ਦੀ ਰੱਖਿਆ ਅਤੇ ਸਮਾਜਿਕ ਵਿਕਾਸ ਲਈ ਰਾਜ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਬਾਰੇ ਵੀ ਚਾਨਣਾ ਪਾਇਆ।

ਆਪਣੇ ਸੰਬੋਧਨ 'ਚ ਪੰਥ ਦੇ ਉੱਘੇ ਸਿੱਖ ਪ੍ਰਚਾਰਕ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਹਕੂਮਤ ਵੱਲੋਂ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਦੀ ਕਾਰਵਾਈ ਸੀ, ਪਰ ਦੇਸ਼ ਦਾ ਬਹੁਗਿਣਤੀ ਭਾਈਚਾਰਾ ਇਹ ਭੁੱਲ ਰਿਹਾ ਹੈ ਕਿ ਦੇਸ਼ ਦੀ ਆਜ਼ਾਦੀ ਲਈ ਸਿੱਖਾਂ ਨੇ 80 ਫ਼ੀਸਦੀ ਕੁਰਬਾਨੀਆਂ ਕੀਤੀਆਂ ਹਨ ਅਤੇ ਜੇ ਸਿੱਖ ਇੰਨੀ ਵੱਡੀ ਗਿਣਤੀ ਵਿੱਚ ਕੁਰਬਾਨੀਆਂ ਨਾ ਕਰਦੇ ਤਾਂ ਅੱਜ ਹਿੰਦੁਸਤਾਨ ਦਾ ਨਕਸ਼ਾ ਕੁਝ ਹੋਰ ਹੁੰਦਾ।

ਇਸ ਸਮਾਗਮ ਦੌਰਾਨ ਉੱਘੇ ਸਿੱਖ ਵਿਦਵਾਨ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਰਤਵਾੜਾ ਸਾਹਿਬ ਵਾਲੇ, ਬਾਬਾ ਗੁਰਪ੍ਰੀਤ ਸਿੰਘ ਰੰਧਾਵਾ, ਭਾਈ ਹਰਜਿੰਦਰ ਸਿੰਘ ਰਾੜਾ ਸਾਹਿਬ, ਬਾਬਾ ਨਿਹੰਗ ਮੇਜਰ ਸਿੰਘ ਸੋਢੀ, ਰਜਿੰਦਰ ਸਿੰਘ ਮਹਿਤਾ ਤੋਂ ਇਲਾਵਾ ਬਹੁਤ ਸਾਰੇ ਬੁਲਾਰਿਆਂ ਨੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਦਮਦਮੀ ਟਕਸਾਲ ਵੱਲੋਂ ਕੌਮ ਪ੍ਰਤੀ ਨਿਭਾਈਆਂ ਜਾ ਰਹੀਆਂ ਅਹਿਮ ਸੇਵਾਵਾਂ ਲਈ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਸ਼ਲਾਘਾ ਕਰਦਿਆਂ ਹਰ ਪੱਖੋਂ ਟਕਸਾਲ ਦਾ ਸਾਥ ਦੇਣ ਦਾ ਭਰੋਸਾ ਦਿੱਤਾ।

ਇਸ ਸਮਾਗਮ ਦੌਰਾਨ ਸਮੂਹ ਬੁਲਾਰਿਆਂ ਨੇ ਦਮਦਮੀ ਟਕਸਾਲ ਵੱਲੋਂ ਬਾਣੀ ਅਤੇ ਬਾਣੇ ਦੇ ਪ੍ਰਚਾਰ-ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਵਿਸ਼ਾਲ ਪੰਥਕ ਸੇਵਾਵਾਂ ਲਈ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਜਿੱਥੇ ਦਮਦਮੀ ਟਕਸਾਲ ਸ਼ਹਾਦਤਾਂ ਦੇਣ ਵਿੱਚ ਮੋਹਰੀ ਰਹੀ ਹੈ, ਉੱਥੇ ਹੀ ਪੰਥਕ ਪੱਧਰ 'ਤੇ ਵੀ ਇਸ ਨੇ ਅਗਵਾਈ ਕਰਦਿਆਂ ਵੱਡੀਆਂ ਸੇਵਾਵਾਂ ਨਿਭਾਈਆਂ ਹਨ।

ਉਨ੍ਹਾਂ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਸ਼ਹੀਦੀ ਗੈਲਰੀ ਦੀ ਸਥਾਪਨਾ, ਸ਼ਹੀਦੀ ਗੈਲਰੀ ਅੰਦਰ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀਆਂ ਤਸਵੀਰਾਂ ਸਥਾਪਿਤ ਕਰਨ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥਾਂ ਦਾ 16 ਭਾਗਾਂ ਵਿੱਚ ਸਟੀਕ ਪ੍ਰਕਾਸ਼ਿਤ ਕਰਨ ਅਤੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਅਸਥਾਨ ਦੇ ਸੁੰਦਰੀਕਰਨ ਲਈ ਨਿਭਾਈ ਜਾ ਰਹੀ ਸੇਵਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਦਮਦਮੀ ਟਕਸਾਲ ਇੱਕ ਵਿਲੱਖਣ ਅਤੇ ਨਿਰਾਲੀ ਸੰਸਥਾ ਹੈ ਅਤੇ ਗੁਰੂ ਦੀ ਅਪਾਰ ਕਿਰਪਾ ਨਾਲ ਇਹ ਮਹੱਤਵਪੂਰਨ ਸੇਵਾਵਾਂ ਇਸ ਸੰਸਥਾ ਦੇ ਹਿੱਸੇ ਆਈਆਂ ਹਨ।

ਉਨ੍ਹਾਂ ਕੌਮ ਖ਼ਾਤਰ ਕੁਰਬਾਨੀਆਂ ਕਰਨ ਵਾਲੇ ਸਿੰਘਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਾਰ ਲੈਣ ਲਈ ਦਮਦਮੀ ਟਕਸਾਲ ਦੇ ਮੁਖੀ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਕਿਹਾ ਕਿ ਦਮਦਮੀ ਟਕਸਾਲ ਅੱਜ ਵੀ ਗੁਰੂ ਸਾਹਿਬਾਨ ਦੇ ਆਸੇ ਦੀ ਪੂਰਤੀ ਲਈ ਨਿਰੰਤਰ ਕਾਰਜਸ਼ੀਲ ਹੈ।

ਸਟੇਜ ਦੀ ਸੇਵਾ ਭਾਈ ਰਣਧੀਰ ਸਿੰਘ ਅਤੇ ਗਿਆਨੀ ਸਾਹਿਬ ਸਿੰਘ ਨੇ ਨਿਭਾਈ। ਸਮਾਗਮ 'ਚ ਸੰਤ ਬਾਬਾ ਪ੍ਰੀਤਮ ਸਿੰਘ ਜੀ ਆਗਰੇ ਵਾਲੇ ਮਹਾਂਪੁਰਖਾਂ ਦੀ ਤਰਫ਼ੋਂ ਪਹੁੰਚੇ ਬਾਬਾ ਰਜਿੰਦਰ ਸਿੰਘ ਜੀ ਆਗਰੇ ਵਾਲੇ, ਸੰਤ ਬਾਬਾ ਦਰਸ਼ਨ ਸਿੰਘ ਜੀ ਟਾਹਲਾ ਸਾਹਿਬ ਵਾਲੇ, ਸੰਤ ਬਾਬਾ ਅਮਰ ਸਿੰਘ ਜੀ ਰਾੜਾ ਸਾਹਿਬ ਵਾਲੇ, ਸੰਤ ਬਾਬਾ ਗੁਰਬਚਨ ਸਿੰਘ ਜੀ ਘੁੜਾਣੀ ਵਾਲੇ, ਸਰਦਾਰ ਸਤਵਿੰਦਰ ਸਿੰਘ ਟੌਹੜਾ (ਮੈਂਬਰ ਸ਼੍ਰੋਮਣੀ ਕਮੇਟੀ), ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਜਥੇਦਾਰ ਕਸ਼ਮੀਰ ਸਿੰਘ ਬਰਿਆਰ, ਭਾਈ ਅਮਰਜੀਤ ਸਿੰਘ ਚਾਵਲਾ, ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰਬੀਰ ਸਿੰਘ ਢੋਟ, ਲਖਬੀਰ ਸਿੰਘ ਸੇਖੋਂ, ਭਾਈ ਸ਼ਮਸ਼ੇਰ ਸਿੰਘ ਜੇਠੂਵਾਲ, ਬਾਬਾ ਮਨਜੀਤ ਸਿੰਘ ਜੀ ਭੋਰਾ ਸਾਹਿਬ ਵਾਲੇ, ਭਾਈ ਮਨਜੀਤ ਸਿੰਘ ਭੋਮਾ, ਸੰਤ ਬਾਬਾ ਬੀਰ ਸਿੰਘ ਜੀ ਜੌੜਾ ਸਾਹਿਬ ਵਾਲੇ, ਸੰਤ ਬਾਬਾ ਮਹਿੰਦਰ ਸਿੰਘ ਜੀ ਲੰਮੇ ਸਾਹਿਬ ਵਾਲੇ, ਭਾਈ ਹਰਦੀਪ ਸਿੰਘ ਜੀ, ਸੰਤ ਬਾਬਾ ਰੋਸ਼ਨ ਸਿੰਘ ਜੀ ਧਰੌਵਾਲ ਵਾਲੇ, ਭਾਈ ਮਨਦੀਪ ਸਿੰਘ ਜੀ ਅਤਰਸਰ ਸਾਹਿਬ ਵਾਲੇ, ਸੰਤ ਬਾਬਾ ਕਾਕਾ ਸਿੰਘ ਜੀ ਮਸਤੂਆਣਾ ਸਾਹਿਬ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਬੰਦੀ ਸਿੰਘ ਭਾਈ ਹਰਨੇਕ ਸਿੰਘ ਜੀ ਭੱਪ, ਭਾਈ ਲਾਲ ਸਿੰਘ ਜੀ ਅਕਾਲਗੜ੍ਹ, ਭਾਈ ਸਤਵੰਤ ਸਿੰਘ ਜੀ (ਸਪੁੱਤਰ ਸ਼ਹੀਦ ਭਾਈ ਕੇਹਰ ਸਿੰਘ ਜੀ), ਸ਼ਹੀਦ ਭਾਈ ਜਸਵਿੰਦਰ ਸਿੰਘ ਜੀ ਮਨਾਵਾਂ (ਮੋਗਾ) ਦੇ ਭਰਾਤਾ ਭਾਈ ਬਲਵਿੰਦਰ ਸਿੰਘ ਜੀ, ਭਾਈ ਅਮਰਜੀਤ ਸਿੰਘ ਜੀ ਚਹੇੜੂ ਦੇ ਭਰਾਤਾ ਭਾਈ ਮਨਵੀਰ ਸਿੰਘ ਜੀ, ਭਾਈ ਪਰਮਜੀਤ ਸਿੰਘ ਜੀ ਚਹੇੜੂ ਦੇ ਪਰਿਵਾਰਕ ਮੈਂਬਰ, ਭਾਈ ਲਖਵਿੰਦਰ ਸਿੰਘ ਜੀ ਨਾਰੰਗਵਾਲ, ਭਾਈ ਪਰਮਜੀਤ ਸਿੰਘ ਜੀ ਭਿਓਰਾ ਦੇ ਭਰਾਤਾ ਭਾਈ ਅਵਤਾਰ ਸਿੰਘ ਜੀ ਅਤੇ ਭਾਈ ਗੁਰਦੀਪ ਸਿੰਘ ਜੀ ਦੀ ਧਰਮ ਪਤਨੀ ਬੀਬੀ ਸੁਰਜੀਤ ਕੌਰ ਜੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।

ਇਸ ਮੌਕੇ ਸੰਤ ਬਾਬਾ ਪ੍ਰੀਤਮ ਸਿੰਘ ਜੀ ਆਗਰੇ ਵਾਲਿਆਂ ਦੇ ਸੇਵਾਦਾਰ ਜਥੇਦਾਰ ਬਾਬਾ ਰਜਿੰਦਰ ਸਿੰਘ ਜੀ, ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ, ਗਿਆਨੀ ਗੁਰਦੇਵ ਸਿੰਘ ਜੀ ਹੈੱਡ ਗ੍ਰੰਥੀ ਸ੍ਰੀ ਪਾਉਂਟਾ ਸਾਹਿਬ, ਸੰਤ ਬਾਬਾ ਬਲਦੇਵ ਸਿੰਘ ਜੀ ਜੋਗੇਵਾਲ ਵਾਲਿਆਂ ਦੀ ਤਰਫੋਂ ਗਿਆਨੀ ਹਰਪ੍ਰੀਤ ਸਿੰਘ ਜੀ, ਗਿਆਨੀ ਭੁਪਿੰਦਰ ਸਿੰਘ ਜੀ ਗਦਲੀ ਵਾਲੇ ਅਤੇ ਜਥੇਦਾਰ ਬਾਬਾ ਹਰੀ ਸਿੰਘ ਜੀ ਤਰਨਾ ਦਲ, ਭਾਈ ਜੋਤ ਸਿੰਘ ਜੀ, ਭਾਈ ਬਲਵਿੰਦਰ ਸਿੰਘ ਜੀ, ਸੰਤ ਬਾਬਾ ਅਮਰਜੀਤ ਸਿੰਘ ਜੀ, ਭਾਈ ਅਮਰਜੀਤ ਸਿੰਘ ਚਹੇੜੂ, ਭਾਈ ਨਰਿੰਦਰ ਸਿੰਘ ਮਲਸੀਆਂ, ਭਾਈ ਇੰਦਰਜੀਤ ਸਿੰਘ ਜੱਸੋਵਾਲ, ਗਿਆਨੀ ਹਰਨੇਕ ਸਿੰਘ ਘਣੀਏ ਕੇ ਬਾਂਗਰ, ਭਾਈ ਹਰਦੀਪ ਸਿੰਘ ਜੀ, ਗਿਆਨੀ ਜੀਵਾ ਸਿੰਘ ਜੀ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਅਤੇ ਡਾ. ਅਵਤਾਰ ਸਿੰਘ ਬੁੱਟਰ ਵੀ ਮੌਜੂਦ ਸਨ।


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS ,
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


TAKE CONTROL OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing, Hormone Testing, Diabetes Monitoring, STD Testing, & More!
NO INSURANCE? NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਕੀ ਭਾਰਤ ਨੂੰ ਇੱਕ ਹੋਰ ‘ਆਜ਼ਾਦੀ ਅੰਦੋਲਨ’ ਦੀ ਲੋੜ ਹੈ?



ਗੁਰਮੀਤ ਸਿੰਘ ਪਲਾਹੀ
98158-02070

ਅਜੋਕੇ ਦੌਰ ਵਿੱਚ ਭਾਰਤ ਦਾ ਆਮ ਨਾਗਰਿਕ ਇੱਕ ਅਜਿਹੇ ਦੌਰ ਵਿੱਚੋਂ ਲੰਘ ਰਿਹਾ ਹੈ, ਜਿੱਥੇ ਉਸ ਦੀ ਆਰਥਿਕ ਆਜ਼ਾਦੀ ਅਤੇ ਰੋਜ਼ਾਨਾ ਦੀ ਹੋਂਦ ਸਭ ਤੋਂ ਵੱਡੇ ਸੰਕਟ ਵਿੱਚ ਹੈ।

ਦੇਸ਼ ਵਿੱਚ ਪਿਛਲੇ ਕੁਝ ਦਿਨਾਂ ਤੋਂ ਮਹਿੰਗਾਈ ਆਮ ਲੋਕਾਂ ਲਈ ਇੱਕ ਨਾ-ਸਹਿਣਯੋਗ ਕਹਿਰ ਬਣ ਕੇ ਟੁੱਟ ਰਹੀ ਹੈ। ਜੇਕਰ ਮਹਿਜ਼ ਪਿਛਲੇ 30 ਦਿਨਾਂ ਦੇ ਅੰਕੜਿਆਂ ’ਤੇ ਨਜ਼ਰ ਮਾਰੀਏ, ਤਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲਗਭਗ 7.50 ਰੁਪਏ ਪ੍ਰਤੀ ਲੀਟਰ ਦਾ ਭਾਰੀ ਅਤੇ ਬੇਰਹਿਮ ਵਾਧਾ ਕੀਤਾ ਜਾ ਚੁੱਕਾ ਹੈ। ਇਹ ਵਾਧਾ ਸਿਰਫ਼ ਤੇਲ ਦੀਆਂ ਕੀਮਤਾਂ ਤੱਕ ਸੀਮਤ ਨਹੀਂ ਹੈ, ਬਲਕਿ ਇਸ ਦਾ ਸਿੱਧਾ ਅਤੇ ਘਾਤਕ ਅਸਰ ਦੇਸ਼ ਦੇ ਕਰੋੜਾਂ ਪਰਿਵਾਰਾਂ ਦੀ ਰਸੋਈ ਅਤੇ ਬਜਟ ’ਤੇ ਪਿਆ ਹੈ।

ਇਸ ਅਚਾਨਕ ਹੋਏ ਵਾਧੇ ਨੇ ਇੱਕ ਸਾਧਾਰਨ ਮੱਧਵਰਗੀ ਜਾਂ ਹੇਠਲੇ ਮੱਧਵਰਗੀ ਪਰਿਵਾਰ ਦਾ ਮਹੀਨਾਵਾਰ ਬਜਟ 2000 ਰੁਪਏ ਤੋਂ ਲੈ ਕੇ 3000 ਰੁਪਏ ਤੱਕ ਵਧਾ ਦਿੱਤਾ ਹੈ। ਜਦੋਂ ਦੇਸ਼ ਵਿੱਚ ਤੇਲ ਦੀਆਂ ਕੀਮਤਾਂ ਵਧਦੀਆਂ ਹਨ, ਤਾਂ ਕਾਰ, ਸਕੂਟਰ, ਟਰੈਕਟਰ ਅਤੇ ਪਬਲਿਕ ਟ੍ਰਾਂਸਪੋਰਟ ਦੇ ਖਰਚੇ ਵਧਣੇ ਲਾਜ਼ਮੀ ਹਨ। ਇਸ ਟ੍ਰਾਂਸਪੋਰਟੇਸ਼ਨ ਖਰਚੇ (ਭਾੜੇ) ਦੇ ਵਾਧੇ ਦਾ ਸਿੱਧਾ ਅਸਰ ਬਾਜ਼ਾਰ ਵਿੱਚ ਮਿਲਣ ਵਾਲੀਆਂ ਸਬਜ਼ੀਆਂ, ਫਲਾਂ, ਦੁੱਧ ਅਤੇ ਰੋਜ਼ਾਨਾ ਦੇ ਕਰਿਆਨੇ ਦੇ ਭਾਅ ’ਤੇ ਪੈਂਦਾ ਹੈ। ਨਤੀਜਾ ਇਹ ਨਿਕਲਦਾ ਹੈ ਕਿ ਆਮ ਆਦਮੀ ਦੀ ਕਮਾਈ ਦਾ ਇੱਕ ਬਹੁਤ ਵੱਡਾ ਹਿੱਸਾ ਸਿਰਫ਼ ਜ਼ਿੰਦਾ ਰਹਿਣ ਲਈ ਲੋੜੀਂਦੀਆਂ ਵਸਤੂਆਂ ਖਰੀਦਣ ਵਿੱਚ ਹੀ ਖ਼ਤਮ ਹੋ ਜਾਂਦਾ ਹੈ। ਇਹ ਵਧ ਰਹੀ ਮਹਿੰਗਾਈ ਦੇਸ਼ ਦੇ ਆਮ ਨਾਗਰਿਕਾਂ ਦੀ ਜੇਬ ’ਤੇ ਇੱਕ ਅਜਿਹਾ ਚੁੱਪ-ਚਾਪ ਡਾਕਾ ਹੈ, ਜਿਸ ਦੀ ਗੂੰਜ ਭਾਵੇਂ ਸੜਕਾਂ ’ਤੇ ਸੁਣਾਈ ਨਾ ਦੇਵੇ, ਪਰ ਇਸ ਦਾ ਦਰਦ ਹਰ ਘਰ ਵਿੱਚ ਮਹਿਸੂਸ ਕੀਤਾ ਜਾ ਰਿਹਾ ਹੈ। ਲੋਕ ਇਸ ਨੂੰ ਆਪਣੀ ਕਿਸਮਤ ਮੰਨ ਕੇ, ਇੱਕ 'ਸਾੜ੍ਹਸਤੀ' ਵਾਂਗ ਚੁੱਪਚਾਪ ਸਹਿਣ ਕਰਨ ਲਈ ਮਜਬੂਰ ਹੋ ਗਏ ਹਨ।

ਜੇਕਰ ਅਸੀਂ ਭਾਰਤ ਦੇ ਰਾਜਨੀਤਿਕ ਅਤੀਤ ਵੱਲ ਝਾਤ ਮਾਰੀਏ, ਤਾਂ ਜਨਤਾ ਦੇ ਹੱਕਾਂ ਲਈ ਲੜਨ ਅਤੇ ਸਰਕਾਰਾਂ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਵਿਰੋਧ ਕਰਨ ਦਾ ਇੱਕ ਸ਼ਾਨਦਾਰ ਇਤਿਹਾਸ ਮਿਲਦਾ ਹੈ। ਇੱਕ ਦੌਰ ਉਹ ਸੀ ਜਦੋਂ ਦੇਸ਼ ਵਿੱਚ ਡਬਲਰੋਟੀ ਜਾਂ ਕਿਸੇ ਆਮ ਵਸਤੂ ਦੀ ਕੀਮਤ ਵਿੱਚ ਮਹਿਜ਼ ਇੱਕ ਪੈਸੇ ਦਾ ਵਾਧਾ ਹੋਣ ’ਤੇ ਵੀ ਦੇਸ਼ ਦੀਆਂ ਕਮਿਊਨਿਸਟ ਅਤੇ ਖੱਬੀਆਂ ਪਾਰਟੀਆਂ ਸੜਕਾਂ ’ਤੇ ਉਤਰ ਆਉਂਦੀਆਂ ਸਨ। ਪੂਰੇ ਦੇਸ਼ ਵਿੱਚ ਤੁਰੰਤ ਦੇਸ਼ ਵਿਆਪੀ ਅੰਦੋਲਨ ਛੇੜ ਦਿੱਤੇ ਜਾਂਦੇ ਸਨ, ਜਿਸ ਨਾਲ ਹਾਕਮ ਧਿਰ ਨੂੰ ਆਪਣੇ ਫੈਸਲੇ ਬਦਲਣੇ ਪੈਂਦੇ ਸਨ। ਸਿਆਸਤ ਵਿੱਚ ਜਨਤਾ ਪ੍ਰਤੀ ਇੱਕ ਜਵਾਬਦੇਹੀ ਅਤੇ ਡਰ ਹੁੰਦਾ ਸੀ।

ਪਰ ਅੱਜ ਦੇ ਵਰਤਮਾਨ ਦੌਰ ਵਿੱਚ ਸਥਿਤੀ ਬਿਲਕੁਲ ਉਲਟ ਚੁੱਕੀ ਹੈ। ਅੱਜ ਜਦੋਂ ਮਹਿੰਗਾਈ ਅਸਮਾਨ ਛੂਹ ਰਹੀ ਹੈ ਅਤੇ ਤੇਲ ਦੀਆਂ ਕੀਮਤਾਂ ਰੋਜ਼ਾਨਾ ਨਵੇਂ ਰਿਕਾਰਡ ਬਣਾ ਰਹੀਆਂ ਹਨ, ਤਾਂ ਦੇਸ਼ ਦੀਆਂ ਖੱਬੀਆਂ ਧਿਰਾਂ ਅਤੇ ਰਵਾਇਤੀ ਅੰਦੋਲਨਕਾਰੀ ਪਾਰਟੀਆਂ ਗੂੜ੍ਹੀ ਨੀਂਦ ਸੌਂ ਰਹੀਆਂ ਹਨ। ਦੂਜੇ ਪਾਸੇ, ਦੇਸ਼ ਦੀ ਮੁੱਖ ਵਿਰੋਧੀ ਧਿਰ ਦੇ ਆਗੂਆਂ ਨੇ ਜਨਤਾ ਦੀ ਲੜਾਈ ਸੜਕਾਂ ’ਤੇ ਲੜਨ ਦੀ ਬਜਾਏ, ਸੋਸ਼ਲ ਮੀਡੀਆ ਦੇ ਪਲੇਟਫਾਰਮਾਂ ਤੱਕ ਸੀਮਤ ਕਰ ਦਿੱਤੀ ਹੈ। ਵਿਰੋਧੀ ਧਿਰ ਦੇ ਨੇਤਾ ਸੋਸ਼ਲ ਮੀਡੀਆ ’ਤੇ ਬਿਆਨਬਾਜ਼ੀ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਸੁਰਖ਼ਰੂ ਹੋ ਰਹੇ ਹਨ।

ਜਨਤਾ ਦੇ ਹੱਕਾਂ ਲਈ ਇੱਕ ਮਜ਼ਬੂਤ ਵਿਰੋਧ ਪ੍ਰਦਰਸ਼ਨ ਖੜ੍ਹਾ ਕਰਨ ਦੀ ਬਜਾਏ, ਸਿਆਸੀ ਆਗੂ ਅਜੀਬੋ-ਗਰੀਬ ਦਲੀਲਾਂ ਦੇ ਰਹੇ ਹਨ। ਅੱਜ ਇਹ ਕਿਹਾ ਜਾ ਰਿਹਾ ਹੈ ਕਿ ਮੋਦੀ ਸਰਕਾਰ ਵੱਲੋਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਕਿਸ਼ਤਾਂ ਵਿੱਚ ਇਸ ਲਈ ਵਧਾਈਆਂ ਜਾ ਰਹੀਆਂ ਹਨ ਤਾਂ ਜੋ ਜਨਤਾ ਨੂੰ ਇਕਦਮ ਵੱਡਾ ਝਟਕਾ ਨਾ ਲੱਗੇ ਅਤੇ ਉਨ੍ਹਾਂ ਦੀ ਜੇਬ ਆਸਾਨੀ ਨਾਲ ਅਤੇ ਚੁੱਪਚਾਪ ਕੱਟੀ ਜਾ ਸਕੇ। ਇਹ ਸਥਿਤੀ ਵਿਰੋਧੀ ਧਿਰ ਦੀ ਨਾਕਾਮੀ ਨੂੰ ਦਰਸਾਉਂਦੀ ਹੈ। ਸਵਾਲ ਇਹ ਪੈਦਾ ਹੁੰਦਾ ਹੈ ਕਿ ਅੱਜ ਦੀ ਵਿਰੋਧੀ ਧਿਰ ਇਸ ਮਹਿੰਗਾਈ, ਵਧ ਰਹੀ ਬੇਰੁਜ਼ਗਾਰੀ, ਬੇਲਗਾਮ ਭ੍ਰਿਸ਼ਟਾਚਾਰ, ਕੁਸ਼ਾਸਨ ਅਤੇ ਕਾਰਪੋਰੇਟ ਜਗਤ ਵੱਲੋਂ ਕੀਤੀ ਜਾ ਰਹੀ ਅੰਨ੍ਹੀ ਲੁੱਟ ਵਿਰੁੱਧ ਇੱਕ ਦੇਸ਼ ਵਿਆਪੀ ਅਤੇ ਪ੍ਰਭਾਵਸ਼ਾਲੀ ਜਨ-ਅੰਦੋਲਨ ਖੜ੍ਹਾ ਕਰਨ ਵਿੱਚ ਇੰਨਾ ਅਸਫ਼ਲ ਅਤੇ ਬੇਵੱਸ ਕਿਉਂ ਸਾਬਤ ਹੋ ਰਿਹਾ ਹੈ?

ਜੇਕਰ ਅਸੀਂ ਆਂਕੜਿਆਂ ’ਤੇ ਨਜ਼ਰ ਮਾਰੀਏ, ਤਾਂ ਦੇਸ਼ ਦੀਆਂ ਤਿੰਨ ਪ੍ਰਮੁੱਖ ਸਰਕਾਰੀ ਤੇਲ ਕੰਪਨੀਆਂ ਨੇ ਵਿੱਤੀ ਵਰ੍ਹੇ 2025-26 ਦੀ ਚੌਥੀ ਤਿਮਾਹੀ ਵਿੱਚ 28% ਤੋਂ ਲੈ ਕੇ 81% ਤੱਕ ਦਾ ਰਿਕਾਰਡ ਮੁਨਾਫ਼ਾ ਕਮਾਇਆ ਹੈ। ਜੇਕਰ ਪੂਰੇ ਸਾਲ ਦੇ ਵਿੱਤੀ ਨਤੀਜਿਆਂ ਨੂੰ ਦੇਖਿਆ ਜਾਵੇ, ਤਾਂ ਇਨ੍ਹਾਂ ਤਿੰਨੇ ਕੰਪਨੀਆਂ ਦਾ ਸ਼ੁੱਧ ਮੁਨਾਫ਼ਾ 94% ਤੋਂ 224% ਤੱਕ ਰਿਹਾ ਹੈ। ਹੁਣ ਸਵਾਲ ਇਹ ਉੱਠਦਾ ਹੈ ਕਿ ਪਿਛਲੇ ਸਾਲਾਂ ਵਿੱਚ ਇੰਨਾ ਅੰਨ੍ਹਾ ਮੁਨਾਫ਼ਾ ਕਮਾਉਣ ਦੇ ਬਾਵਜੂਦ, ਜਦੋਂ ਵੀ ਕੰਪਨੀਆਂ ਨੂੰ ਅੰਤਰਰਾਸ਼ਟਰੀ ਹਾਲਾਤਾਂ ਕਾਰਨ ਥੋੜ੍ਹੇ ਸਮੇਂ ਲਈ ਮਾਮੂਲੀ ਘਾਟਾ ਪੈਂਦਾ ਹੈ, ਤਾਂ ਉਸ ਦਾ ਸਾਰਾ ਭਾਰ ਤੁਰੰਤ ਆਮ ਜਨਤਾ ਦੇ ਸਿਰ ਕਿਉਂ ਮੜ੍ਹ ਦਿੱਤਾ ਜਾਂਦਾ ਹੈ? ਕੰਪਨੀਆਂ ਆਪਣੇ ਮੁਨਾਫ਼ੇ ਵਿੱਚੋਂ ਉਸ ਘਾਟੇ ਨੂੰ ਕਿਉਂ ਨਹੀਂ ਭਰਦੀਆਂ? ਦੇਸ਼ ਦਾ ਪੈਟਰੋਲੀਅਮ ਅਤੇ ਪ੍ਰਾਕਿਰਤਕ ਗੈਸ ਮੰਤਰਾਲਾ ਅੱਜ ਜਨਤਾ ਦੇ ਸਾਹਮਣੇ ਕਬੂਲ ਕਰ ਰਿਹਾ ਹੈ ਕਿ ਤੇਲ ਕੀਮਤਾਂ ’ਚ ਵਾਧੇ ਬਾਅਦ ਸਰਕਾਰੀ ਕੰਪਨੀਆਂ ਦਾ ਘਾਟਾ ਹੁਣ 600 ਕਰੋੜ ਰੁਪਏ ਰਹਿ ਗਿਆ ਹੈ।

ਇਸ ਤੋਂ ਵੀ ਗੰਭੀਰ ਗੱਲ ਇਹ ਹੈ ਕਿ ਜੀਓ-ਬੀਪੀ ਜਾਂ ਨਾਇਰਾ ਐਨਰਜੀ ਵਰਗੀਆਂ ਨਿੱਜੀ ਕੰਪਨੀਆਂ, ਜਿਨ੍ਹਾਂ ਦਾ ਦੇਸ਼ ਦੇ ਤੇਲ ਕਾਰੋਬਾਰ ਵਿੱਚ ਸਿਰਫ਼ 10% ਹਿੱਸਾ ਹੈ, ਨੂੰ ਫਾਇਦਾ ਪਹੁੰਚਾਉਣ ਲਈ ਸਰਕਾਰੀ ਨੀਤੀਆਂ ਅਤੇ ਕੀਮਤਾਂ ਦੇ ਢਾਂਚੇ ਨੂੰ ਮਰੋੜਿਆ ਜਾ ਰਿਹਾ ਹੈ। ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਲਈ ਸਰਕਾਰੀ ਕੰਪਨੀਆਂ ਵੀ ਕੀਮਤਾਂ ਵਧਾ ਰਹੀਆਂ ਹਨ। ਮੌਜੂਦਾ ਸੰਕੇਤ ਦੱਸਦੇ ਹਨ ਕਿ ਆਉਣ ਵਾਲੇ ਦਿਨਾਂ ਵਿੱਚ ਪੈਟਰੋਲ, ਡੀਜ਼ਲ, ਸੀ.ਐਨ.ਜੀ. ਅਤੇ ਘਰੇਲੂ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਹੋਰ ਭਾਰੀ ਵਾਧਾ ਦੇਖਣ ਨੂੰ ਮਿਲੇਗਾ, ਜਿਸ ਨਾਲ ਆਮ ਆਦਮੀ ਦਾ ਜਿਊਣਾ ਹੋਰ ਦੁਭਰ ਹੋ ਜਾਵੇਗਾ।

ਸਿਆਸੀ ਪਾਰਟੀਆਂ ਅਤੇ ਤੇਲ ਕੰਪਨੀਆਂ ਦਾ ਆਪਸੀ ਗੱਠਜੋੜ ਦੇਸ਼ ਦੇ ਪੰਜ ਰਾਜਾਂ ਦੀਆਂ ਚੋਣਾਂ ਦੌਰਾਨ ਪੂਰੀ ਤਰ੍ਹਾਂ ਨੰਗਾ ਹੋ ਗਿਆ ਸੀ। ਜਦੋਂ ਤੱਕ ਚੋਣਾਂ ਦਾ ਦੌਰ ਚੱਲਦਾ ਰਿਹਾ, ਉਦੋਂ ਤੱਕ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਤੇਲ ਦੀਆਂ ਕੀਮਤਾਂ ਵਧਣ ਦੇ ਬਾਵਜੂਦ ਭਾਰਤ ਵਿੱਚ ਪੈਟਰੋਲ-ਡੀਜ਼ਲ ਦੇ ਭਾਅ ’ਤੇ ਪੂਰੀ ਤਰ੍ਹਾਂ ਚੁੱਪੀ ਵੱਟੀ ਗਈ ਅਤੇ ਇੱਕ ਪੈਸਾ ਵੀ ਨਹੀਂ ਵਧਾਇਆ ਗਿਆ। ਪਰ ਜਿਵੇਂ ਹੀ ਚੋਣਾਂ ਦਾ ਆਖਰੀ ਦੌਰ ਖ਼ਤਮ ਹੋਇਆ ਅਤੇ ਵੋਟਾਂ ਪੈ ਗਈਆਂ, ਤੁਰੰਤ ਤੇਲ ਦੀਆਂ ਕੀਮਤਾਂ ਵਿੱਚ ਰਿਕਾਰਡ ਵਾਧਾ ਕਰਕੇ ਜਨਤਾ ਦੇ ਸਿਰ ’ਤੇ ਭਾਰੀ ਪੰਡ ਲੱਦ ਦਿੱਤੀ ਗਈ।

ਇੱਥੇ ਇਹ ਦੇਖਣ ਵਾਲੀ ਮਹੱਤਵਪੂਰਨ ਗੱਲ ਹੈ ਕਿ ਤੇਲ ਕੰਪਨੀਆਂ ਅੰਤਰਰਾਸ਼ਟਰੀ ਬਾਜ਼ਾਰ ਦੀਆਂ ਕੀਮਤਾਂ ਦਾ ਬਹਾਨਾ ਸਿਰਫ਼ ਆਪਣਾ ਫਾਇਦਾ ਦੇਖ ਕੇ ਬਣਾਉਂਦੀਆਂ ਹਨ। ਜਦੋਂ ਵੀ ਕੱਚੇ ਤੇਲ ਦੀਆਂ ਅੰਤਰਰਾਸ਼ਟਰੀ ਕੀਮਤਾਂ ਵਧਦੀਆਂ ਹਨ, ਤਾਂ ਕੰਪਨੀਆਂ ਤੁਰੰਤ ਭਾਅ ਵਧਾਉਣ ਲਈ ਤਰਲੋਮੱਛੀ ਹੁੰਦੀਆਂ ਹਨ ਅਤੇ ਜਨਤਾ ਦੀ ਜੇਬ ਕੱਟ ਕੇ ਆਪਣਾ ਖਜ਼ਾਨਾ ਭਰ ਲੈਂਦੀਆਂ ਹਨ। ਪਰ ਇਸ ਦੇ ਉਲਟ, ਜਦੋਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਬਹੁਤ ਜ਼ਿਆਦਾ ਘਟ ਜਾਂਦੀਆਂ ਹਨ, ਤਾਂ ਉਸ ਦਾ ਕੋਈ ਵੀ ਲਾਭ ਆਮ ਲੋਕਾਂ ਤੱਕ ਨਹੀਂ ਪਹੁੰਚਾਇਆ ਜਾਂਦਾ।

ਉਦਾਹਰਨ ਵਜੋਂ, ਤਾਂ ਦਸੰਬਰ 2023 ਤੱਕ ਦੇ ਲਗਾਤਾਰ 19 ਮਹੀਨਿਆਂ ਵਿੱਚ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚਾ ਤੇਲ ਘਟ ਕੇ ਲਗਭਗ 77 ਡਾਲਰ ਪ੍ਰਤੀ ਬੈਰਲ ’ਤੇ ਆ ਗਿਆ ਸੀ। ਇਸ ਦੌਰਾਨ ਤੇਲ ਕੰਪਨੀਆਂ ਨੇ ਲਗਭਗ 1.32 ਲੱਖ ਕਰੋੜ ਰੁਪਏ ਦਾ ਰਿਕਾਰਡ ਮੁਨਾਫ਼ਾ ਕਮਾਇਆ, ਪਰ ਜਨਤਾ ਨੂੰ ਪੈਟਰੋਲ-ਡੀਜ਼ਲ ਸਸਤਾ ਕਰਕੇ ਕੋਈ ਰਾਹਤ ਨਹੀਂ ਦਿੱਤੀ ਗਈ। ਇਸ ਦੇ ਉਲਟ, ਜਦੋਂ ਅਗਸਤ-ਸਤੰਬਰ 2021 ਵਿੱਚ ਕੱਚਾ ਤੇਲ 85 ਡਾਲਰ ਪ੍ਰਤੀ ਬੈਰਲ ਸੀ, ਤਾਂ ਤੇਲ ਕੰਪਨੀਆਂ ਨੇ ਮਹਿਜ਼ 33 ਦਿਨਾਂ ਦੇ ਅੰਦਰ 25 ਵਾਰ ਕੀਮਤਾਂ ਵਧਾਈਆਂ। ਉਸ ਵੇਲੇ ਭੋਪਾਲ ਵਰਗੇ ਸ਼ਹਿਰਾਂ ਵਿੱਚ ਪੈਟਰੋਲ ਦੀ ਕੀਮਤ 114.54 ਰੁਪਏ ਅਤੇ ਡੀਜ਼ਲ ਦੀ ਕੀਮਤ 105.97 ਰੁਪਏ ਪ੍ਰਤੀ ਲੀਟਰ ਤੱਕ ਪਹੁੰਚਾ ਦਿੱਤੀ ਗਈ ਸੀ।

ਸੁਭਾਵਿਕ ਅਤੇ ਨੈਤਿਕ ਤੌਰ ’ਤੇ ਤਾਂ ਇਹ ਚਾਹੀਦਾ ਸੀ ਕਿ ਜੇਕਰ ਰੂਸ-ਯੂਕਰੇਨ ਜੰਗ ਜਾਂ ਕਿਸੇ ਹੋਰ ਕਾਰਨ ਕੰਪਨੀਆਂ ਦੇ ਮੁਨਾਫ਼ੇ ਵਿੱਚ ਥੋੜ੍ਹੀ ਕਮੀ ਆ ਰਹੀ ਸੀ, ਤਾਂ ਉਹ ਖੁਦ ਉਸ ਦਾ ਭਾਰ ਚੁੱਕਦੀਆਂ, ਅਤੇ ਸਰਕਾਰ ਆਪਣੇ ਟੈਕਸਾਂ ਵਿੱਚ ਕਟੌਤੀ ਕਰਦੀ। ਪਰ ਸਰਕਾਰ ਦੀ ਸਰਪ੍ਰਸਤੀ ਅਤੇ ਕਾਰਪੋਰੇਟ-ਪੱਖੀ ਨੀਤੀਆਂ ਕਾਰਨ ਹਮੇਸ਼ਾ ਜਨਤਾ ਨੂੰ ਹੀ ਬਲੀ ਦਾ ਬੱਕਰਾ ਬਣਾਇਆ ਜਾਂਦਾ ਹੈ, ਜੋ ਕਿ ਕਿਸੇ ਵੀ ਤਰ੍ਹਾਂ ਤਰਕਸੰਗਤ ਨਹੀਂ ਹੈ।

ਅੱਜ ਦੇਸ਼ ਦੀ ਰਾਜਨੀਤੀ ਵਿੱਚ ਇੱਕ ਬਹੁਤ ਹੀ ਖ਼ਤਰਨਾਕ ਰੁਝਾਨ ਦੇਖਣ ਨੂੰ ਮਿਲ ਰਿਹਾ ਹੈ। ਚਾਹੇ ਭਾਜਪਾ ਹੋਵੇ, ਕਾਂਗਰਸ ਹੋਵੇ, ਟੀ.ਐਮ.ਸੀ. ਹੋਵੇ ਜਾਂ ਆਮ ਆਦਮੀ ਪਾਰਟੀ - ਸਾਰੀਆਂ ਸਿਆਸੀ ਧਿਰਾਂ ਜਨਤਾ ਦੇ ਨਾਂ ’ਤੇ ਸਿਰਫ਼ ਆਪਣੀ ਸਿਆਸੀ ਰੋਟੀ ਸੇਕ ਰਹੀਆਂ ਹਨ। ਚੋਣਾਂ ਜਿੱਤਣ ਅਤੇ ਸੱਤਾ ਹਾਸਲ ਕਰਨ ਲਈ 'ਸਾਮ, ਦਾਮ, ਦੰਡ, ਭੇਦ' ਦੀ ਖੁੱਲ੍ਹ ਕੇ ਵਰਤੋਂ ਕੀਤੀ ਜਾ ਰਹੀ ਹੈ। ਇੱਕ ਪਾਸੇ ਵਿਰੋਧੀ ਸੁਰਾਂ ਨੂੰ ਦਬਾਉਣ ਲਈ ਈ.ਡੀ., ਇਨਕਮ ਟੈਕਸ ਅਤੇ ਹੋਰ ਸਰਕਾਰੀ ਜਾਂਚ ਏਜੰਸੀਆਂ ਦੀ ਮਦਦ ਲਈ ਜਾ ਰਹੀ ਹੈ, ਅਤੇ ਦੂਜੇ ਪਾਸੇ ਵੋਟਰਾਂ ਨੂੰ ਭਰਮਾਉਣ ਲਈ ‘ਮੁਫ਼ਤ ਦੀਆਂ ਰੇਵੜੀਆਂ’ ਯਾਨੀ ਲੋਕ-ਲੁਭਾਊ ਯੋਜਨਾਵਾਂ ਦਾ ਸਹਾਰਾ ਲਿਆ ਜਾ ਰਿਹਾ ਹੈ।

ਦੇਸ਼ ਦੀ ਅੱਧੀ ਆਬਾਦੀ ਯਾਨੀ ਔਰਤਾਂ ਨੂੰ ਆਪਣੇ ਵੱਲ ਆਕਰਸ਼ਿਤ ਕਰਨ ਲਈ ਵੱਖ-ਵੱਖ ਰਾਜਾਂ ਵਿੱਚ 1500 ਰੁਪਏ ਤੋਂ ਲੈ ਕੇ 2500 ਰੁਪਏ ਮਹੀਨਾਵਾਰ ਆਰਥਿਕ ਸਹਾਇਤਾ ਦੇਣ ਦੀਆਂ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਚੋਣਾਂ ਤੋਂ ਐਨ ਪਹਿਲਾਂ ਔਰਤਾਂ ਦੇ ਖ਼ਾਤਿਆਂ ਵਿੱਚ ਨਕਦੀ ਪਾ ਕੇ ਉਨ੍ਹਾਂ ਨੂੰ ਖੁਸ਼ ਕਰਨਾ ਅਤੇ ਵੋਟਾਂ ਬਟੋਰਨਾ ਅੱਜ ਦੀ ਰਾਜਨੀਤੀ ਦਾ ਮੁੱਖ ਹਥਿਆਰ ਬਣ ਚੁੱਕਾ ਹੈ। ਪਰ ਕੋਈ ਵੀ ਸਰਕਾਰ ਇਸ ਬੁਨਿਆਦੀ ਸਵਾਲ ਦਾ ਜਵਾਬ ਨਹੀਂ ਦਿੰਦੀ ਕਿ ਦੇਸ਼ ਦੇ ਨਾਗਰਿਕਾਂ ਨੂੰ ਮੁਫ਼ਤਖ਼ੋਰੀ ਦੀ ਦਲਦਲ ਵਿੱਚ ਧੱਕਣ ਦੀ ਬਜਾਏ, ਉਨ੍ਹਾਂ ਨੂੰ ਸਵੈ-ਨਿਰਭਰ ਕਿਉਂ ਨਹੀਂ ਬਣਾਇਆ ਜਾਂਦਾ? ਜਨਤਾ ਨੂੰ ਮਿਆਰੀ ਅਤੇ ਮੁਫ਼ਤ ਸਿੱਖਿਆ, ਆਧੁਨਿਕ ਸਿਹਤ ਸਹੂਲਤਾਂ, ਅਤੇ ਰੁਜ਼ਗਾਰ ਦੇ ਬਰਾਬਰ ਅਵਸਰ ਦੇਣਾ ਅੱਜ ਕਿਸੇ ਵੀ ਸਿਆਸੀ ਪਾਰਟੀ ਦੀ ਨੀਤੀ ਜਾਂ ਤਰਜੀਹ ਦਾ ਹਿੱਸਾ ਨਹੀਂ ਹੈ।

ਆਰਥਿਕ ਮਾਹਰਾਂ ਦਾ ਮੰਨਣਾ ਹੈ ਕਿ ਕਲਿਆਣਕਾਰੀ ਯੋਜਨਾਵਾਂ ਦੇ ਨਾਂ ’ਤੇ ਸ਼ੁਰੂ ਕੀਤੀਆਂ ਗਈਆਂ ਇਹ ਅੰਨ੍ਹੇਵਾਹ ਮੁਫ਼ਤ ਦੀਆਂ ਸਕੀਮਾਂ ਦੇਸ਼ ਅਤੇ ਸੂਬਿਆਂ ਦੀ ਆਰਥਿਕਤਾ ਨੂੰ ਖੋਖਲਾ ਕਰ ਰਹੀਆਂ ਹਨ। ਭਾਰਤ ਦੇ ਕਈ ਸੂਬੇ ਅੱਜ ਲੱਖਾਂ ਕਰੋੜਾਂ ਰੁਪਏ ਦੇ ਕਰਜ਼ੇ ਦੀ ਦਲਦਲ ਵਿੱਚ ਡੁੱਬ ਚੁੱਕੇ ਹਨ। ਵਿੱਤੀ ਅਨੁਸ਼ਾਸਨ, ਜੋ ਕਿ ਕਿਸੇ ਵੀ ਦੇਸ਼ ਜਾਂ ਸੂਬੇ ਦੀ ਆਰਥਿਕਤਾ ਦੇ ਵਿਕਾਸ ਲਈ ‘ਰੀੜ੍ਹ ਦੀ ਹੱਡੀ’ ਵਾਂਗ ਹੁੰਦਾ ਹੈ, ਉਹ ਅੱਜ ਪੂਰੀ ਤਰ੍ਹਾਂ ਚਰਮਰਾ ਚੁੱਕਾ ਹੈ।

ਇਸ ਸਿਆਸੀ ਲਾਹੇ ਅਤੇ ਵੋਟ ਬੈਂਕ ਦੀ ਖੇਡ ਅੱਗੇ ਦੇਸ਼ ਦੇ ਸਿਆਣੇ ਅਤੇ ਅਰਥਸ਼ਾਸਤਰੀਆਂ ਦੀਆਂ ਚਿੰਤਾਵਾਂ ਪੂਰੀ ਤਰ੍ਹਾਂ ਬੇਅਸਰ ਦਿਖਾਈ ਦੇ ਰਹੀਆਂ ਹਨ। ਸਿਆਸਤਦਾਨਾਂ ਨੇ ਬਹੁਤ ਹੀ ਚਲਾਕੀ ਨਾਲ ਆਮ ਸਾਧਾਰਨ ਲੋਕਾਂ ਨੂੰ ਦੇਸ਼ ਦੀ ਮੁੱਖ ਰਾਜਨੀਤੀ, ਨੀਤੀ-ਨਿਰਧਾਰਨ ਅਤੇ ਵਿਕਾਸ ਦੀ ਪ੍ਰਕਿਰਿਆ ਤੋਂ ਦੂਰ ਕਰ ਦਿੱਤਾ ਹੈ। ਜਨਤਾ ਨੂੰ ਸਿਰਫ਼ ਇੱਕ ‘ਲਾਭਪਾਤਰੀ ਵਰਗ’ ਜਾਂ ਕੈਟੇਗਰੀ ਵਿੱਚ ਉਲਝਾ ਕੇ ਰੱਖ ਦਿੱਤਾ ਗਿਆ ਹੈ, ਤਾਂ ਜੋ ਉਹ ਕਦੇ ਵੀ ਰੁਜ਼ਗਾਰ, ਸਿੱਖਿਆ ਅਤੇ ਸਿਹਤ ਵਰਗੇ ਬੁਨਿਆਦੀ ਹੱਕਾਂ ’ਤੇ ਸਰਕਾਰਾਂ ਨੂੰ ਸਵਾਲ ਨਾ ਕਰ ਸਕਣ। ਇਹ ਦੇਸ਼ ਦੇ ਲੋਕਤੰਤਰ ਲਈ ਇੱਕ ਬਹੁਤ ਹੀ ਕੋਝੀ ਅਤੇ ਖ਼ਤਰਨਾਕ ਚਾਲ ਹੈ।

ਅੱਜ ਦੇਸ਼ ਜਿਸ ਨਾਜ਼ੁਕ ਅਤੇ ਚਿੰਤਾਜਨਕ ਦੌਰ ਵਿੱਚੋਂ ਲੰਘ ਰਿਹਾ ਹੈ, ਉੱਥੇ ਮਹਿੰਗਾਈ, ਬੇਰੁਜ਼ਗਾਰੀ ਅਤੇ ਭ੍ਰਿਸ਼ਟਾਚਾਰ ਵਰਗੇ ਮੁੱਦੇ ਹਾਕਮ ਧਿਰ ਦੇ ਸਰੋਕਾਰ (ਏਜੰਡੇ) ਵਿੱਚੋਂ ਪੂਰੀ ਤਰ੍ਹਾਂ ਗਾਇਬ ਹੋ ਚੁੱਕੇ ਹਨ। ਅੱਜ ਸੱਤਾ ਦਾ ਇੱਕੋ-ਇੱਕ ਸਰੋਕਾਰ ਸਿਰਫ਼ ਦੇਸ਼ ਦੇ ਵੱਡੇ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਨੂੰ ਖੁਸ਼ ਰੱਖਣਾ ਰਹਿ ਗਿਆ ਹੈ। ਇਨ੍ਹਾਂ ਕਾਰਪੋਰੇਟਾਂ ਰਾਹੀਂ ਮਿਲਣ ਵਾਲੇ ਅੰਨ੍ਹੇ ਪੈਸੇ ਅਤੇ ਮੀਡੀਆ ਦੀ ਤਾਕਤ ਦੇ ਬਲ ’ਤੇ ਆਪਣੀ ਸਿਆਸੀ ਕੁਰਸੀ ਨੂੰ ਸੁਰੱਖਿਅਤ ਰੱਖਣਾ ਹੀ ਅੱਜ ਦੀ ਲੀਡਰਸ਼ਿਪ ਦਾ ਮੁੱਖ ਮਕਸਦ ਬਣ ਚੁੱਕਾ ਹੈ।

ਪਰ ਇਸ ਹਨੇਰੇ ਦੇ ਵਿੱਚ ਇੱਕ ਉਮੀਦ ਦੀ ਕਿਰਨ ਵੀ ਦਿਖਾਈ ਦੇ ਰਹੀ ਹੈ। ਬਿਨਾਂ ਸ਼ੱਕ, ਦੇਸ਼ ਦਾ ਜਾਗਰੂਕ ਨੌਜਵਾਨ ਵਰਗ ਅਤੇ ਸੂਝਵਾਨ ਨਾਗਰਿਕ ਹੁਣ ਸਿਆਸਤਦਾਨਾਂ ਦੀ ਇਸ ਗੰਦੀ ਖੇਡ ਨੂੰ ਸਮਝਣ ਲੱਗ ਪਏ ਹਨ। ਸੋਸ਼ਲ ਮੀਡੀਆ, ਆਜ਼ਾਦ ਪੱਤਰਕਾਰੀ ਅਤੇ ਪ੍ਰੈੱਸ ਰਾਹੀਂ ਹਾਕਮਾਂ ਵੱਲੋਂ ਕੀਤੀ ਜਾ ਰਹੀ ਇਸ ਆਰਥਿਕ ਲੁੱਟ, ਫਿਰਕੂ ਨੀਤੀਆਂ ਅਤੇ ਭ੍ਰਿਸ਼ਟਾਚਾਰ ਦੇ ਖਿਲਾਫ ਲਗਾਤਾਰ ਆਵਾਜ਼ਾਂ ਉੱਠ ਰਹੀਆਂ ਹਨ। ਦੇਸ਼ ਦੇ ਚਿੰਤਕ ਅਤੇ ਸਿਆਣੇ ਲੋਕ ਆਪਣੀਆਂ ਲਿਖਤਾਂ ਰਾਹੀਂ ਜਨਤਾ ਨੂੰ ਜਗਾਉਣ ਦਾ ਯਤਨ ਕਰ ਰਹੇ ਹਨ।

ਪਰ ਜਿਸ ਬੇਰਹਿਮੀ ਅਤੇ ਤੇਜ਼ੀ ਨਾਲ ਦੇਸ਼ ਦੇ ਹਾਕਮ ਪੂਰੇ ਤੰਤਰ ਨੂੰ ਆਰਥਿਕ ਅਤੇ ਸਮਾਜਿਕ ਤਬਾਹੀ ਵੱਲ ਲੈ ਕੇ ਜਾ ਰਹੇ ਹਨ, ਉਸ ਨੂੰ ਰੋਕਣ ਲਈ ਸਿਰਫ਼ ਲਿਖਤਾਂ ਜਾਂ ਬਿਆਨ ਕਾਫ਼ੀ ਨਹੀਂ ਹੋਣਗੇ। ਦੇਸ਼ ਦੇ ਆਮ ਨਾਗਰਿਕਾਂ ਨੂੰ, ਆਪਣੀ ਹੋਂਦ, ਆਪਣੇ ਬੱਚਿਆਂ ਦੇ ਭਵਿੱਖ ਅਤੇ ਲੋਕਤੰਤਰ ਦੀ ਰੱਖਿਆ ਲਈ ਆਉਣ ਵਾਲੇ ਸਮੇਂ ਵਿੱਚ ਇੱਕਜੁੱਟ ਹੋਣਾ ਪਵੇਗਾ। ਜੇਕਰ ਮੌਜੂਦਾ ਹਾਲਾਤ ਨਾ ਬਦਲੇ, ਤਾਂ ਸ਼ਾਇਦ ਭਾਰਤ ਦੇ ਆਮ ਲੋਕਾਂ ਨੂੰ ਕਾਰਪੋਰੇਟ-ਸਿਆਸੀ ਗੱਠਜੋੜ ਦੇ ਇਸ ਜਾਲ ਵਿੱਚੋਂ ਨਿਕਲਣ ਲਈ ਇੱਕ ਹੋਰ ਵੱਡਾ ਅਤੇ ਇਤਿਹਾਸਕ ‘ਆਜ਼ਾਦੀ ਅੰਦੋਲਨ’ ਲੜਨਾ ਪਵੇਗਾ।

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com



ਬਘੇਲ ਸਿੰਘ ਧਾਲੀਵਾਲ
99142-58142

# ਨੌਕਰਸ਼ਾਹਾਂ ਵੱਲੋਂ ਲਿਖੀਆਂ ਪੁਸਤਕਾਂ ਸਿੱਖ ਸੰਘਰਸ਼ ਦੀ ਪਵਿੱਤਰ ਮਨੋ ਭਾਵਨਾ ਨੂੰ ਝੂਠਾ ਕਰਨ ਦਾ ਬਿਰਤਾਂਤ ਸਿਰਜਦੀਆਂ ਹਨ

ਜੂਨ ਦੇ ਪਹਿਲੇ ਹਫਤੇ ਜਦੋ ਸਿੱਖ ਉਸ ਤੀਜੇ ਘੱਲੂਘਾਰੇ ਦੀ ਪਵਿੱਤਰ ਯਾਦ ਨੂੰ ਦੁਵਾਰਾ ਤਾਜਾ ਕਰਦੇ ਹਨ,ਤਾਂ ਉਹਨਾਂ ਦਿਨਾਂ ਵਿੱਚ ਬਹੁਤ ਸਾਰੀਆਂ ਉਹ ਪੁਸਤਕਾਂ ਦੀਆਂ ਲਿਖਤਾਂ ਅਕਸਰ ਹੀ ਅਖਬਾਰਾਂ ਦੇ ਪੰਨਿਆਂ ਤੇ ਪਰਮੁਖਤਾ ਨਾਲ ਛਪਦੀਆਂ ਹਨ,ਜਿਹੜੀਆਂ ਸਾਬਕਾ ਨੌਕਰਸ਼ਾਹਾਂ ਵੱਲੋਂ ਲਿਖੀਆਂ ਗਈਆਂ ਹਨ।ਭਾਂਵੇ ਇਹਨਾਂ ਨੂੰ ਛਾਪਣ ਦੇ ਪਿੱਛੇ ਕੋਈ ਮੰਦਭਾਵਨਾ ਨਹੀ ਹੁੰਦੀ,ਸਗੋ ਇਹ ਮਹਿਜ਼ ਇਤਿਹਾਸਿਕ ਸਰੋਤਾਂ ਦੀ ਜਾਣਕਾਰੀ ਨੂੰ ਜਨਤਕ ਕਰਨਾ ਹੀ ਅਸਲ ਮਕਸਦ ਹੁੰਦਾ ਹੈ,ਪਰ ਜਾਣੇ ਅਣਜਾਣੇ ਵਿੱਚ ਛਾਪੀਆਂ ਇਹ ਲਿਖਤਾਂ ਕੌਂਮ ਲਈ ਬੇਹੱਦ ਘਾਤਕ ਹਨ।ਜਦੋਂ ਵੀ ਜੂਨ 1984 ਦੇ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਫੌਜੀ ਹਮਲੇ, ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਸਮੇਤ ਕੌਂਮੀ ਸ਼ਹੀਦਾਂ ਅਤੇ ਲੱਖਾਂ ਦੀ ਗਿਣਤੀ ਚ ਬੇਦੋਸਿਆਂ ਦੀਆਂ ਸ਼ਹਾਦਤਾਂ ਜਾਂ ਉਸ ਤੋਂ ਬਾਅਦ ਚੱਲੇ ਸਿੱਖ ਸੰਘਰਸ਼ ਦੀ ਗੱਲ ਹੁੰਦੀ ਹੈ ਤਾਂ ਬੇਹੱਦ ਖਤਰਨਾਕ ਸਿਰਜੇ ਗਏ ਝੂਠੇ ਬਿਰਤਾਂਤ ਦਾ ਸੱਚ ਸਾਹਮਣੇ ਰੂਪਮਾਨ ਹੋਇਆ ਦਿਖਾਈ ਦਿੰਦਾ ਹੈ।ਸਿੱਖਾਂ ‘ਤੇ ਆਪਣੇ ਇਤਿਹਾਸ ਪ੍ਰਤੀ ਲਾਪਰਵਾਹੀ ਦੇ ਦੋਸ ਮੁੱਢੋਂ ਹੀ ਲੱਗਦੇ ਰਹੇ ਹਨ,ਇਹ ਸੱਚ ਵੀ ਹੈ,ਕਿਉਂਕਿ ਮਹਿਜ਼ ਸਾਢੇ ਪੰਜ ਕੁ ਸੌ ਸਾਲ ਦੇ ਇਤਿਹਾਸ ਵਿੱਚ ਦੁਬਿਧਾ ਹੋਣੀ ਕੌਂਮ ਦੀ ਲਾਪਰਵਾਹੀ ਨੂੰ ਸਪੱਸਟ ਕਰਦੀ ਹੈ।ਗੁਰੂ ਕਾਲ ਅਤੇ ਉਸ ਤੋ ਬਾਅਦ ਦੇ ਇਤਿਹਾਸ ਵਿੱਚ ਸਿੱਖ ਵਿਰੋਧੀ ਤਾਕਤਾਂ ਵੱਲੋਂ ਬਹੁਤ ਕੁੱਝ ਰਲਗੱਡ ਕਰਕੇ ਇਤਿਹਾਸ ਨੂੰ ਝੂਠਾ ਕਰਨ ਦੇ ਯਤਨ ਕੀਤੇ ਗਏ ਹਨ,ਪਰ ਕੌਂਮ ਨੇ ਇਸਨੂੰ ਕੋਈ ਬਹੁਤੀ ਗੰਭੀਰਤਾ ਨਾਲ ਨਹੀ ਲਿਆ,ਇੱਥੋਂ ਤੱਕ ਕਿ ਸਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਛਾਪੀਆਂ ਕਈ ਪੁਸਤਕਾਂ ਵੀ ਅਜਿਹੇ ਵਿਵਾਦਾਂ ਵਿੱਚ ਘਿਰੀਆਂ ਹੋਈਆਂ ਹਨ।

ਜੇਕਰ 1984 ਵਾਲੇ ਦੌਰ ਦੀ ਗੱਲ ਕੀਤੀ ਜਾਵੇ,ਤਾਂ ਇਥੇ ਵੀ ਬੇਹੱਦ ਗੰਭੀਰ ਸਵਾਲ ਉੱਠਦੇ ਹਨ ਕਿ ਆਖਿਰ ਉਸ ਸਮੇਂ ਦਾ ਇਤਿਹਾਸ ਕਿਹੜੀਆਂ ਕਲਮਾਂ ਨੇ ਲਿਖਿਆ ਹੈ, ਕਿਹੜੀ ਨਜ਼ਰ ਨਾਲ ਲਿਖਿਆ ਗਿਆ ਹੈ ਅਤੇ ਸਭ ਤੋਂ ਵੱਡੀ ਗੱਲ ਕਿ ਉਸ ਖਤਰਨਾਕ ਬਿਰਤਾਂਤ ਨੂੰ ਸਮਝਿਆ ਕਿਉਂ ਨਹੀ ਗਿਆ।ਅਫਸੋਸ ਦੀ ਗੱਲ ਇਹ ਹੈ ਕਿ ਉਸ ਦੌਰ ਤੋਂ ਬਾਅਦ ਪੰਜਾਬ ਵਿੱਚ ਤਾਇਨਾਤ ਰਹੇ ਪੁਲਿਸ ਅਫਸਰਾਂ, ਖੁਫੀਆ ਏਜੰਸੀਆਂ ਨਾਲ ਜੁੜੇ ਅਧਿਕਾਰੀਆਂ, ਫੌਜੀ ਅਧਿਕਾਰੀਆਂ,ਪੱਤਰਕਾਰਾਂ ਅਤੇ ਦਿੱਲੀ ਦੇ ਸੱਤਾ ਕੇਂਦਰ ਨਾਲ ਜੁੜੇ ਲੋਕਾਂ ਨੇ ਪੁਸਤਕਾਂ ਲਿਖੀਆਂ। ਕਿਸੇ ਨੇ ਅੱਤਵਾਦ ਵਿਰੋਧੀ ਲੜਾਈ ਦੇ ਨਾਮ ਹੇਠ ਆਪਣੀ ਭੂਮਿਕਾ ਨੂੰ ਨਾਇਕ ਵਾਂਗ ਪੇਸ਼ ਕੀਤਾ,ਕਿਸੇ ਨੇ ਸਿੱਖ ਨੌਜਵਾਨਾਂ ਨੂੰ ਐਕਸਟ੍ਰੀਮਿਸਟ ਜਾਂ ਮਿਸਗਾਈਡਡ ਯੂਥ ਲਿਖਿਆ, ਕਿਸੇ ਨੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਕੱਟੜਵਾਦੀ ਆਖਿਆ ਅਤੇ ਕਿਸੇ ਨੇ ਪੂਰੇ ਸਿੱਖ ਸੰਘਰਸ਼ ਨੂੰ ਪਾਕਿਸਤਾਨੀ ਸਾਜਿਸ਼ ਜਾਂ ਕਾਨੂੰਨ-ਵਿਵਸਥਾ ਦਾ ਮਸਲਾ ਦਿਖਾ ਦਿੱਤਾ।ਸੋਚਣ ਵਾਲੀ ਗੱਲ ਇਹ ਹੈ ਕਿ ਅਜਿਹਾ ਲਿਖਣ ਵਾਲੇ ਉਹੀ ਲੋਕ ਸਨ ਜੋ ਉਸ ਸਮੇਂ ਸੱਤਾ ਦਾ ਹਿੱਸਾ ਸਨ,ਰਾਜ ਦੇ ਸਿੱਖ ਵਿਰੋਧੀ ਬਿਰਤਾਂਤ ਨੂੰ ਪਰਚਾਰਨ ਵਾਲੇ,ਕੋਈ ਡੀਸੀ, ਕੋਈ ਐਸਐਸਪੀ, ਕੋਈ ਆਈਬੀ ਅਧਿਕਾਰੀ,ਕੋਈ ਰਾਅ ਅਧਿਕਾਰੀ ਅਤੇ ਕੁੱਝ ਦਿੱਲੀ ਦੇ ਨੀਤੀਕਾਰਾਂ ਨਾਲ ਜੁੜੇ ਹੋਏ ਪੱਤਰਕਾਰ, ਉਹਨਾਂ ਦੇ ਹੱਥ ਵਿੱਚ ਰਾਜ ਦੀ ਤਾਕਤ ਵੀ ਸੀ, ਰਿਕਾਰਡ ਵੀ ਸੀ, ਅਤੇ ਮੀਡੀਆ ਵੀ ਸੀ।ਫਿਰ ਉਹਨਾਂ ਨੇ ਇੱਕ ਪੱਖ ਨੂੰ ਇਤਿਹਾਸ ਬਣਾਕੇ ਪੇਸ਼ ਕਰ ਦਿੱਤਾ। ਇਸ ਬਿਰਤਾਂਤ ਦਾ ਦੁਖਦਾਈ ਪੱਖ ਇਹ ਹੈ ਕਿ ਸਿੱਖ ਸਮਾਜ ਦਾ ਵੱਡਾ ਹਿੱਸਾ ਵੀ ਉਹਨਾਂ ਲਿਖਤਾਂ ਨੂੰ ਹੀ ਅੰਤਿਮ ਸੱਚ ਮੰਨਣ ਲੱਗ ਪਿਆ,ਜਿਹੜਾ ਸਿੱਖ ਇਤਹਾਸ ਦੀ ਮੂਲ ਭਾਵਨਾ ਨੂੰ ਹੀ ਝੂਠ ਦਿਖਾ ਕੇ ਬਦਲਣ ਲਈ ਯਤਨਸ਼ੀਲ ਹੈ।ਅੱਜ ਜੇਕਰ ਕੋਈ ਨੌਜਵਾਨ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਬਾਰੇ ਜਾਣਨਾ ਚਾਹੇ ਤਾਂ ਉਸਦੇ ਹੱਥ ਵਿੱਚ ਸਭ ਤੋਂ ਪਹਿਲਾਂ ਕਿਸੇ ਰਿਟਾਇਰ ਪੁਲਿਸ ਅਫਸਰ ਦੀ, ਕਿਸੇ ਰਿਟਾਇਰ ਫੌਜੀ ਜਰਨੈਲ ਦੀ ਜਾਂ ਕਿਸੇ ਖੁਫੀਆ ਏਜੰਸੀ ਦੇ ਰਿਟਾਇਰ ਹੋਏ ਅਧਿਕਾਰੀਆਂ ਦੀ ਪੁਸਤਕ ਆਉਂਦੀ ਹੈ,ਜਾਂ ਇਹ ਕਿਹਾ ਜਾਵੇ ਕਿ ਉਹਨਾਂ ਦੀਆਂ ਲਿਖਤਾਂ ਨੂੰ ਪਹਿਲ ਦਿੱਤੀ ਜਾਂਦੀ ਹੈ,ਜਿੰਨਾਂ ਵੱਲੋਂ ਸੰਤਾਂ ਨੂੰ ਇੱਕ ਅਜਿਹੇ ਦਰਿੰਦੇ ਮਨੁੱਖ ਵਜੋਂ ਪੇਸ਼ ਕੀਤਾ ਜਾਂਦਾ ਹੈ ਜੋ ਸਿਰਫ ਹਿੰਸਾ ਚਾਹੁੰਦਾ ਸੀ। ਪਰ ਕੋਈ ਇਹ ਨਹੀਂ ਦੱਸਦਾ ਕਿ ਉਹੀ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਸਨ,ਜਿੰਨਾਂ ਨੇ ਪਤਿਤ ਹੋ ਚੁੱਕੀ ਸਿੱਖ ਜੁਆਨੀ ਨੂੰ ਸਾਬਤ ਸੂਰਤ ਬਣਨ ਦਾ ਟਰੈਂਡ ਚਲਾਇਆ ਸੀ, ਉਹ ਪੰਜਾਬ ਦੇ ਪਾਣੀਆਂ, ਹੱਕਾਂ ਹਿਤਾਂ ਅਤੇ ਸਿੱਖ ਪਛਾਣ ਦੀ ਗੱਲ ਕਰਦੇ ਸਨ।ਉਹ ਸ੍ਰੀ ਅਨੰਦਪੁਰ ਸਾਹਿਬ ਦੇ ਮਤੇ ਨੂੰ ਲਾਗੂ ਕਰਵਾਉਣ ਦੀ ਲੜਾਈ ਲੜਦੇ ਸਨ,ਜਿਹੜਾ ਸਮੂਹ ਪੰਜਾਬੀਆਂ ਦੇ ਸਾਂਝੇ ਹਿਤਾਂ ਸਮੇਤ ਸੂਬਿਆਂ ਨੂੰ ਵੱਧ ਅਧਿਕਾਰ ਦੇਣ ਦੀ ਵਕਾਲਤ ਕਰਦਾ ਹੈ।ਉਪਰੋਕਤ ਪੁਸਤਕਾਂ ਵਿੱਚ ਇਹ ਬਿਲਕੁਲ ਨਹੀ ਦੱਸਿਆ ਗਿਅ ਕਿ ਸੰਤ ਭਿੰਡਰਾਂਵਾਲੇ ਅਤੇ ਉਹਨਾਂ ਦੇ ਸਿਰਲੱਥ ਸਿੰਘਾਂ ਦਾ ਨਿੱਕਾ ਜਿਹਾ ਜਥਾ ਪਹਾੜ ਜਿੱਡਾ ਦਿਲ ਲੈ ਕੇ ਲੱਖਾਂ ਦੀ ਗਿਣਤੀ ਵਿੱਚ ਮਾਰੂ ਅਤੇ ਪਾਬੰਦੀਸੁਦਾ ਰਸਾਇਣਿਕ ਹਥਿਆਰਾਂ ਨਾਲ ਲੈਸ ਭਾਰਤੀ ਫੌਜ ਨੂੰ ਪਵਿੱਤਰ ਸ੍ਰੀ ਦਰਬਾਰ ਸਾਹਿਬ ਦੀ ਹਦੂਦ ਅੰਦਰ ਦਾਖਲ ਹੋਣ ਤੋ ਰੋਕਣ ਲਈ ਵੱਡੇ ਹੌਸਲੇ ਨਾਲ ਲੜੇ ਸਨ ਅਤੇ ਸਿਫਤੀ ਦੇ ਘਰ ਨੂੰ ਬੰਬਾਂ ਤੋਪਾਂ ਟੈਂਕਾਂ ਨਾਲ ਉਡਾਉਣ ਵਾਲਿਆਂ ਸਾਹਮਣੇ ਹਿੱਕ ਡਾਂਹ ਕੇ ਖੜੇ ਸਨ।ਉਹ ਅੱਤਵਾਦੀ,ਵੱਖਵਾਦੀ ਨਹੀ ਸਨ,ਬਲਕਿ ਉਹਨਾਂ ਦਾ ਆਪਣੇ ਵਤਨ ਦੀ ਮਿੱਟੀ ਤੇ ਇਹ ਦਾਅਵਾ ਸੀ ਕਿ “ਸਿੱਖ ਭਾਰਤ ਵਿੱਚ ਦੂਜੇ ਦਰਜੇ ਦੇ ਸਹਿਰੀ ਬਣਕੇ ਨਹੀ ਸਗੋਂ ਇੱਕ ਨੰਬਰ ਦੇ ਸਹਿਰੀ ਬਣਕੇ ਰਹਿਣਗੇ”,ਪਰ ਸਰਕਾਰੀ ਕਲਮਾਂ ਨੇ ਇਹ ਪੱਖ ਇਮਾਨਦਾਰੀ ਨਾਲ ਲਿਖਣ ਦੀ ਬਜਾਏ ਬੜੀ ਚਤੁਰਾਈ ਭਰੀ ਕਮੀਨਗੀ ਨਾਲ ਲਿਖਿਆ। ਉਸ ਮੌਕੇ ਦੇ ਕੁਝ ਵਿਦੇਸ਼ੀ ਪੱਤਰਕਾਰਾਂ ਦੀਆਂ ਰਿਪੋਰਟਾਂ ਤੋਂ ਇਲਾਵਾ ਬਾਕੀ ਵੱਡਾ ਹਿੱਸਾ ਸਰਕਾਰੀ ਬਿਆਨਾਂ ਉੱਤੇ ਹੀ ਨਿਰਭਰ ਰਿਹਾ। ਅੰਮ੍ਰਿਤਸਰ ਵਿੱਚ ਕਰਫਿਊ ਲਗਾ ਦਿੱਤਾ ਗਿਆ। ਪੱਤਰਕਾਰਾਂ ਵੱਲੋਂ ਲਿਖੇ ਜਾਂਦੇ ਜਮੀਨੀ ਹਾਲਤਾਂ ਨੂੰ ਦਬਾਅ ਲਿਆ ਜਾਂਦਾ ਸੀ। ਮਰਨ ਵਾਲਿਆਂ ਦੀ ਅਸਲੀ ਗਿਣਤੀ ਅੱਜ ਤੱਕ ਸਵਾਲਾਂ ਦੇ ਘੇਰੇ ਵਿੱਚ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਤਬਾਹੀ ਦੀਆਂ ਤਸਵੀਰਾਂ ਦੁਨੀਆ ਤੋਂ ਲੁਕਾਈਆਂ ਗਈਆਂ। ਫਿਰ ਉਸੇ ਰਾਜ ਮਸ਼ੀਨਰੀ ਨਾਲ ਜੁੜੇ ਲੋਕਾਂ ਨੇ ਸਾਲਾਂ ਬਾਅਦ ਕਿਤਾਬਾਂ ਲਿਖ ਕੇ ਆਪਣੀ ਕਾਰਵਾਈ ਨੂੰ ਜ਼ਰੂਰੀ ਅਤੇ ਸਹੀ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਹੈ,ਜਿਨ੍ਹਾਂ ਲੋਕਾਂ ਉੱਤੇ ਦੋਸ਼ ਸੀ ਕਿ ਉਹਨਾਂ ਨੇ ਪੰਜਾਬ ਵਿੱਚ ਜਬਰ ਕੀਤਾ, ਫਰਜ਼ੀ ਮੁਕਾਬਲੇ ਕਰਵਾਏ, ਹਜਾਰਾਂ ਨੌਜਵਾਨ ਗਾਇਬ ਕੀਤੇ, ਉਹੀ ਲੋਕ ਜਦੋਂ ਇਤਿਹਾਸ ਲਿਖਣ ਤਾਂ ਉਸਨੂੰ ਨਿਰਪੱਖ ਕਿਵੇਂ ਮੰਨਿਆ ਜਾ ਸਕਦਾ ਹੈ ? ਇਹ ਵੀ ਸੱਚ ਹੈ ਕਿ ਬਹੁਤ ਸਾਰੇ ਸਿੱਖ ਬੁੱਧੀਜੀਵੀਆਂ, ਲੇਖਕਾਂ, ਪੱਤਰਕਾਰਾਂ ਅਤੇ ਸੰਘਰਸ਼ ਨੂੰ ਨੇੜੇ ਤੋਂ ਵੇਖਣ ਵਾਲਿਆਂ ਨੇ ਇਸ ਪਾਸੇ ਇਮਾਨਦਾਰੀ ਨਾਲ ਚੰਗਾ ਕੰਮ ਕੀਤਾ ਹੈ ਪਰ ਇਹ ਸਚਾਈ ਹੈ ਕਿ ਉਹਨਾਂ ਲਿਖਤਾਂ ਨੂੰ ਮੀਡੀਆ, ਪ੍ਰਕਾਸ਼ਨ ਘਰ, ਅਤੇ ਯੂਨੀਵਰਸਿਟੀ ਵਾਲਾ ਉਹ ਮੰਚ ਨਹੀਂ ਮਿਲਿਆ ਜੋ ਸਰਕਾਰੀ ਅਧਿਕਾਰੀਆਂ ਦੀਆਂ ਕਿਤਾਬਾਂ ਨੂੰ ਮਿਲਿਆ। ਨਤੀਜਾ ਇਹ ਹੈ ਕਿ ਸਿੱਖ ਵਿਰੋਧੀ ਸਿਰਜੇ ਗਏ ਵਿਰਤਾਂਤ ਨੂੰ ਅਧਿਕਾਰਕ ਇਤਿਹਾਸ ਮੰਨਿਆ ਜਾ ਰਿਹਾ ਹੈ ਅਤੇ ਦੂਜਾ ਪੱਖ ਭਾਵਨਾਤਮਕ ਲਿਖਤ ਕਹਿ ਕੇ ਪਾਸੇ ਕਰ ਦਿੱਤਾ ਗਿਆ।ਇਹ ਸਿੱਖ ਕੌਮ ਲਈ ਬਹੁਤ ਖਤਰਨਾਕ ਵਰਤਾਰਾ ਹੈ।

ਜਦੋਂ ਇੱਕ ਪੀੜ੍ਹੀ ਆਪਣੇ ਸ਼ਹੀਦਾਂ ਨੂੰ ਸਰਕਾਰੀ ਸ਼ਬਦਾਵਲੀ ਵਿੱਚ ਪੜ੍ਹਨ ਲੱਗ ਪਵੇ, ਤਾਂ ਆਪਣੇ ਯੋਧੇ ਅੱਤਵਾਦੀ ਅਤੇ ਸੰਘਰਸ਼,ਲਾਅ ਐਂਡ ਆਰਡਰ ਪ੍ਰਾਬਲਮ ਵਾਂਗ ਦਿਖਾਈ ਦੇਣ ਲੱਗ ਪੈਣਾ ਸੁਭਾਵਿਕ ਹੈ,ਕਿਉ ਕਿ ਸਾਡੀ ਨਵੀਂ ਪੀੜ੍ਹੀ ਨੇ ਆਪਣਾ ਇਤਿਹਾਸ, ਆਪਣੇ ਵਿਦਵਾਨਾਂ, ਆਪਣੇ ਦਸਤਾਵੇਜ਼ਾਂ ਅਤੇ ਆਪਣੇ ਪੰਥਕ ਸਰੋਤਾਂ ਨੂੰ ਘੱਟ ਪੜ੍ਹਿਆ ਹੈ ਅਤੇ ਰਾਜ ਦੇ ਬਣਾਏ ਨੈਰੇਟਿਵ ਨੂੰ ਵੱਧ ਪੜ੍ਹਿਆ ਸੁਣਿਆ ਹੈ।ਇਹ ਵੀ ਕੌੜਾ ਸੱਚ ਹੈ ਕਿ ਬਹੁਤ ਸਾਰੇ ਸਿੱਖ ਬੁੱਧੀਜੀਵੀ ਵੀ ਅਣਜਾਣੇ ਜਾਂ ਜਾਣਬੁੱਝ ਕੇ ਉਸੇ ਸਰਕਾਰੀ ਭਾਸ਼ਾ ਨੂੰ ਸਹੀ ਦੁਹਰਾਉਣ ਦੀ ਕੋਸ਼ਿਸ਼ ਵਿੱਚ ਲੱਗੇ ਹੋਏ ਹਨ।ਖੁਦ ਸਿੱਖ ਲੇਖਕਾਂ ਨੇ ਵੀ ਮਿਲੀਟੈਂਸੀ, ਐਕਸਟ੍ਰੀਮਿਸਟ, ਸੈਪਰੇਟਿਸਟ ਵਾਇਲੈਂਸ ਵਰਗੇ ਸ਼ਬਦ ਵਰਤ ਕੇ ਸਿੱਖ ਸੰਘਰਸ਼ ਦੇ ਇਤਿਹਾਸ ਨੂੰ ਗਲਤ ਰੰਗਤ ਦੇਣ ਦੀ ਕੋਸ਼ਿਸ਼ ਕੀਤੀ। ਜਦੋਂਕਿ ਸੱਚ ਇਹ ਹੈ ਕਿ ਪੰਜਾਬ ਦਾ ਉਹ ਸੰਘਰਸ਼ ਅੱਤਵਾਦ ਨਹੀ,ਬਲਕਿ ਉਹ ਪੰਜਾਬ ਦੇ ਸਾਹਾਂ ਨਾਲ ਜੁੜਿਆ ਪਾਣੀਆਂ ਦਾ ਮਸਲਾ ਸੀ, ਸੰਵਿਧਾਨਕ ਧੋਖਿਆਂ ਦਾ ਮਸਲਾ ਸੀ, 1978 ਦੀ ਨਿਰੰਕਾਰੀਆਂ ਵਾਲੀ ਹਿਰਦੇਵੇਧਕ ਘਟਨਾ ਦਾ ਮਸਲਾ ਸੀ, ਆਨੰਦਪੁਰ ਸਾਹਿਬ ਮਤੇ ਦਾ ਮਸਲਾ ਸੀ, ਸਭ ਤੋ ਮਹੱਤਵਪੂਰਨ ਗੱਲ ਕਿ ਉਹ ਸਿੱਖ ਪਛਾਣ ਨੂੰ ਜਿਉਂਦਾ ਰੱਖਣ ਦਾ ਮਸਲਾ ਸੀ।ਜੇਕਰ ਇਹ ਸਭ ਕੁਝ ਹਟਾ ਕੇ ਕੇਵਲ ਟੈਰਰਿਜਮ ਲਿਖ ਦਿੱਤਾ ਜਾਵੇ ਤਾਂ ਇਤਿਹਾਸ ਦੇ ਅਰਥ ਹੀ ਬਦਲ ਜਾਂਦੇ ਹਨ।ਸਭ ਤੋਂ ਦੁੱਖ ਵਾਲੀ ਗੱਲ ਇਹ ਹੈ ਕਿ ਜਿਨ੍ਹਾਂ ਪੁਲਿਸ ਅਧਿਕਾਰੀਆਂ ਦੇ ਸਮੇਂ ਹਜ਼ਾਰਾਂ ਨੌਜਵਾਨ ਗਾਇਬ ਹੋਏ, ਜਿਨ੍ਹਾਂ ਉੱਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾਂ ਦੇ ਦੋਸ਼ ਲੱਗੇ, ਜਿਨ੍ਹਾਂ ਦੇ ਦੌਰ ਵਿੱਚ ਫਰਜੀ ਮੁਕਾਬਲੇ ਆਮ ਸ਼ਬਦ ਬਣ ਗਿਆ, ਉਹਨਾਂ ਲੋਕਾਂ ਨੂੰ ਅੱਜ ਸ਼ਾਂਤੀ ਦੇ ਦੂਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਕਈਆਂ ਦੀਆਂ ਕਿਤਾਬਾਂ ਯੂਨੀਵਰਸਿਟੀਆਂ ਵਿੱਚ ਪੜ੍ਹਾਈਆਂ ਜਾਂਦੀਆਂ ਹਨ। ਮੀਡੀਆ ਉਹਨਾਂ ਦੇ ਇੰਟਰਵਿਊ ਕਰਦਾ ਹੈ। ਪਰ ਉਹਨਾਂ ਮਾਵਾਂ ਦੀ ਆਵਾਜ਼ ਕੌਣ ਸੁਣਦਾ ਹੈ ਜਿਨ੍ਹਾਂ ਦੇ ਪੁੱਤ ਕਦੇ ਵਾਪਸ ਨਹੀਂ ਆਏ,ਉਹਨਾਂ ਚੁੱਲਿਆਂ ਦੇ ਦਰਦ ਨੂੰ ਕੌਣ ਲਿਖੇਗਾ ਜਿੰਨਾਂ ਵਿੱਚ ਦਹਾਕਿਆਂ ਤੋਂ ਅੱਗ ਨਹੀ ਬਲ਼ੀ ਅਤੇ ਉਹਨਾਂ ਪਿੰਡਾਂ ਦੀ ਗਵਾਹੀ ਕੌਣ ਲਿਖੇਗਾ ਜਿੱਥੇ ਲੰਮੇ ਅਰਸੇ ਤੋ ਬਰਾਤ ਨਹੀ ਚੜੀ।ਸਿੱਖ ਇਤਿਹਾਸ ਦਾ ਸਭ ਤੋਂ ਵੱਡਾ ਦੁਖਾਂਤ ਇਹ ਹੈ ਕਿ ਝੂਠ ਨੂੰ ਵਾਰ-ਵਾਰ ਦੁਹਰਾਕੇ ਸੱਚ ਬਣਾਇਆ ਜਾ ਰਿਹਾ ਹੈ।ਇਸ ਲਈ ਲੋੜ ਹੈ ਕਿ ਸਿੱਖ ਆਪਣੇ ਇਤਿਹਾਸ ਨੂੰ ਖੁਦ ਲਿਖਣ,ਪਿੰਡਾਂ ਦੀਆਂ ਗਵਾਹੀਆਂ ਇਕੱਠੀਆਂ ਕੀਤੀਆਂ ਜਾਣ,ਜੇਲ੍ਹਾਂ ਕੱਟ ਚੁੱਕੇ ਸਿੰਘਾਂ ਦੀਆਂ ਦਾਸਤਾਨਾਂ ਲਿਖੀਆਂ ਜਾਣ।

ਸ਼ਹੀਦ ਪਰਿਵਾਰਾਂ ਦੀਆਂ ਗੱਲਾਂ ਬਾਤਾਂ ਰਿਕਾਰਡ ਕੀਤੀਆਂ ਜਾਣ। 1984 ਤੋਂ ਬਾਅਦ ਦੇ ਪੰਜਾਬ ਨੂੰ ਸਿੱਖ ਨਜ਼ਰੀਏ ਤੋਂ ਡੌਕੂਮੈਂਟ ਕੀਤਾ ਜਾਵੇ। ਯੂਨੀਵਰਸਿਟੀਆਂ ਵਿੱਚ ਖੋਜ ਹੋਵੇ। ਨੌਜਵਾਨਾਂ ਨੂੰ ਦੋਵੇਂ ਪੱਖ ਪੜ੍ਹਾਏ ਜਾਣ ਤਾਂ ਜੋ ਉਹ ਝੂਠੇ ਬਿਰਤਾਂਤ ਨੂੰ ਵੀ ਸਮਝ ਸਕਣ। ਜੇ ਸਿੱਖ ਆਪਣੇ ਇਤਿਹਾਸ ਨੂੰ ਸਾਂਭਣ ਲਈ ਗੰਭੀਰ ਨਹੀ ਹੋਣਗੇ,ਤਾਂ ਵਿਰੋਧੀ ਤਾਕਤਾਂ ਸਿੱਖ ਇਤਿਹਾਸ ਨੂੰ ਆਪਣੇ ਢੰਗ ਨਾਲ ਪਰਿਭਾਸ਼ਿਤ ਕਰਨਗੀਆਂ।ਇਸ ਲਈ ਉਸ ਝੂਠੇ ਬਿਰਤਾਂਤ ਨੂੰ ਚੁਣੌਤੀ ਦੇਣ ਦੀ ਲੋੜ ਹੈ ,ਜੋ ਜੂਨ 1984 ਨੂੰ ਓਪਰੇਸ਼ਨ ਅਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਨੂੰ ਸਮੱਸਿਆ ਕਹਿੰਦਾ ਹੈ, ਪਰ ਉਹਨਾਂ ਦੇ ਪਿੱਛੇ ਖੜ੍ਹੇ ਲੱਖਾਂ ਸਿੱਖਾਂ ਦੀ ਮਨੋਸਥਿਤੀ ਨਹੀਂ ਸਮਝਦਾ,ਜਾਂ ਇਹ ਕਹਿਣਾ ਵੀ ਗਲਤ ਨਹੀ ਹੋਵੇਗਾ ਕਿ ਉਸ ਸਿੱਖ ਮਨੋ ਸਥਿੱਤੀ ਨੂੰ ਹੀ ਬਦਲਣਾ ਚਾਹੁੰਦਾ ਹੈ,ਜਿਹੜੀ ਜੂਨ 1984 ਦੇ ਫੌਜੀ ਹਮਲੇ ਨੂੰ ਤੀਜੇ ਘੱਲੂਘਾਰੇ ਦੇ ਨਾਮ ਨਾਲ ਯਾਦ ਕਰਦੀ ਹੈ,ਜਿਸਦੇ ਜਖਮ ਸਿੱਖ ਮਨਾਂ ਵਿੱਚ ਰਹਿੰਦੀ ਦੁਨੀਆਂ ਤੱਕ ਰਿਸਦੇ ਰਹਿਣਗੇ।







ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Gillson
TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਸੀਬੀਐਸਈ ਦੀ ਅਵਿਵਸਥਾ ਨੇ ਵਿਦਿਆਰਥੀਆਂ ਦੇ ਵਿਦੇਸ਼ੀ ਦਾਖਲਿਆਂ ਅਤੇ ਆਈਆਈਟੀ ਦੇ ਸੁਪਨਿਆਂ ਨੂੰ ਝਟਕਾ ਦਿੱਤਾ

ਭਾਰਤ ਵਿੱਚ ਲੱਖਾਂ ਵਿਦਿਆਰਥੀਆਂ ਲਈ ਬਾਰ੍ਹਵੀਂ ਜਮਾਤ ਦੇ ਬੋਰਡ ਇਮਤਿਹਾਨ ਸਿਰਫ਼ ਅੰਕ ਪ੍ਰਾਪਤ ਕਰਨ ਦਾ ਸਾਧਨ ਨਹੀਂ ਹੁੰਦੇ, ਸਗੋਂ ਉਨ੍ਹਾਂ ਦੇ ਭਵਿੱਖ ਦੀ ਦਿਸ਼ਾ ਤੈਅ ਕਰਨ ਵਾਲਾ ਮਹੱਤਵਪੂਰਨ ਮੋੜ ਹੁੰਦੇ ਹਨ। ਇਨ੍ਹਾਂ ਨਤੀਜਿਆਂ ਦੇ ਆਧਾਰ 'ਤੇ ਹੀ ਵਿਦਿਆਰਥੀਆਂ ਨੂੰ ਦੇਸ਼ ਅਤੇ ਵਿਦੇਸ਼ ਦੀਆਂ ਪ੍ਰਸਿੱਧ ਯੂਨੀਵਰਸਿਟੀਆਂ ਵਿੱਚ ਦਾਖਲੇ, ਵਜ਼ੀਫ਼ੇ ਅਤੇ ਉੱਚ ਸਿੱਖਿਆ ਦੇ ਮੌਕੇ ਮਿਲਦੇ ਹਨ। ਪਰ ਜਦੋਂ ਨਤੀਜਿਆਂ ਜਾਂ ਮੁੜ-ਮੁਲਾਂਕਣ ਦੀ ਪ੍ਰਕਿਰਿਆ ਵਿੱਚ ਗੜਬੜੀ ਆ ਜਾਂਦੀ ਹੈ, ਤਾਂ ਇਸ ਦਾ ਸਿੱਧਾ ਪ੍ਰਭਾਵ ਵਿਦਿਆਰਥੀਆਂ ਦੇ ਸੁਪਨਿਆਂ 'ਤੇ ਪੈਂਦਾ ਹੈ।

ਹਾਲ ਹੀ ਵਿੱਚ ਸੀਬੀਐਸਈ ਦੇ ਨਤੀਜਿਆਂ ਅਤੇ ਮੁੜ-ਮੁਲਾਂਕਣ ਪ੍ਰਕਿਰਿਆ ਨਾਲ ਜੁੜੇ ਵਿਵਾਦਾਂ ਨੇ ਹਜ਼ਾਰਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਕਈ ਵਿਦਿਆਰਥੀਆਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੇ ਅੰਕ ਉਮੀਦ ਤੋਂ ਘੱਟ ਆਏ, ਜਦਕਿ ਮੁੜ-ਮੁਲਾਂਕਣ ਦੀ ਪ੍ਰਕਿਰਿਆ ਵਿੱਚ ਦੇਰੀ ਅਤੇ ਤਕਨੀਕੀ ਸਮੱਸਿਆਵਾਂ ਕਾਰਨ ਉਨ੍ਹਾਂ ਨੂੰ ਕਈ ਮਹੱਤਵਪੂਰਨ ਮੌਕਿਆਂ ਤੋਂ ਹੱਥ ਧੋਣਾ ਪਿਆ। ਸਭ ਤੋਂ ਵੱਧ ਪ੍ਰਭਾਵ ਉਨ੍ਹਾਂ ਵਿਦਿਆਰਥੀਆਂ 'ਤੇ ਪਿਆ ਜੋ ਵਿਦੇਸ਼ੀ ਯੂਨੀਵਰਸਿਟੀਆਂ ਵਿੱਚ ਦਾਖਲੇ ਲਈ ਅਰਜ਼ੀਆਂ ਦੇ ਚੁੱਕੇ ਸਨ। ਅਮਰੀਕਾ, ਕੈਨੇਡਾ, ਬ੍ਰਿਟੇਨ, ਆਸਟ੍ਰੇਲੀਆ ਅਤੇ ਹੋਰ ਦੇਸ਼ਾਂ ਦੀਆਂ ਯੂਨੀਵਰਸਿਟੀਆਂ ਅੰਤਿਮ ਅੰਕ-ਪੱਤਰਾਂ ਦੇ ਆਧਾਰ 'ਤੇ ਹੀ ਦਾਖਲਾ ਪੱਕਾ ਕਰਦੀਆਂ ਹਨ। ਕਈ ਯੂਨੀਵਰਸਿਟੀਆਂ ਵੱਲੋਂ ਦਿੱਤੇ ਜਾਣ ਵਾਲੇ ਵਜ਼ੀਫ਼ੇ ਵੀ ਨਿਰਧਾਰਿਤ ਅੰਕਾਂ ਨਾਲ ਜੁੜੇ ਹੁੰਦੇ ਹਨ। ਜਦੋਂ ਵਿਦਿਆਰਥੀ ਆਪਣੇ ਅੰਕਾਂ ਦੇ ਮੁੜ-ਮੁਲਾਂਕਣ ਦੇ ਨਤੀਜਿਆਂ ਦੀ ਉਡੀਕ ਕਰ ਰਹੇ ਸਨ, ਉਸੇ ਸਮੇਂ ਯੂਨੀਵਰਸਿਟੀਆਂ ਦੀਆਂ ਅੰਤਿਮ ਮਿਆਦਾਂ ਖ਼ਤਮ ਹੋ ਗਈਆਂ। ਨਤੀਜੇ ਵਜੋਂ ਕਈ ਹੋਣਹਾਰ ਵਿਦਿਆਰਥੀ ਦਾਖਲੇ ਅਤੇ ਵਜ਼ੀਫ਼ਿਆਂ ਦੇ ਮੌਕਿਆਂ ਤੋਂ ਵਾਂਝੇ ਰਹਿ ਗਏ।

ਇਸ ਸਮੱਸਿਆ ਦਾ ਇੱਕ ਹੋਰ ਪੱਖ ਆਈਆਈਟੀ ਦਾਖਲਿਆਂ ਨਾਲ ਵੀ ਜੁੜਿਆ ਹੋਇਆ ਹੈ। ਭਾਵੇਂ ਕਿ ਆਈਆਈਟੀ ਵਿੱਚ ਦਾਖਲਾ ਮੁੱਖ ਤੌਰ 'ਤੇ ਜੇਈਈ ਪ੍ਰੀਖਿਆ ਦੇ ਆਧਾਰ 'ਤੇ ਹੁੰਦਾ ਹੈ, ਪਰ ਬੋਰਡ ਦੇ ਅੰਕ ਵੀ ਵਿਦਿਆਰਥੀਆਂ ਦੀ ਯੋਗਤਾ ਅਤੇ ਸਮੁੱਚੇ ਅਕਾਦਮਿਕ ਪ੍ਰੋਫ਼ਾਈਲ ਲਈ ਮਹੱਤਵ ਰੱਖਦੇ ਹਨ। ਕਈ ਵਿਦਿਆਰਥੀਆਂ ਨੇ ਜੇਈਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਪਰ ਬੋਰਡ ਦੇ ਅੰਕ ਉਮੀਦ ਤੋਂ ਘੱਟ ਆਉਣ ਕਾਰਨ ਉਹ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ ਹੋ ਗਏ। ਕੁਝ ਵਿਦਿਆਰਥੀਆਂ ਲਈ ਤਾਂ ਇਹ ਡਰ ਵੀ ਪੈਦਾ ਹੋ ਗਿਆ ਕਿ ਕਿਤੇ ਉਨ੍ਹਾਂ ਦੀ ਸਾਲਾਂ ਦੀ ਮਿਹਨਤ ਵਿਅਰਥ ਨਾ ਚਲੀ ਜਾਵੇ।


ਡਿਜ਼ੀਟਲ ਮੁਲਾਂਕਣ ਪ੍ਰਣਾਲੀ ਨੂੰ ਲੈ ਕੇ ਵੀ ਸਵਾਲ ਉੱਠੇ ਹਨ। ਅਧਿਆਪਕਾਂ ਅਤੇ ਸਿੱਖਿਆ ਮਾਹਿਰਾਂ ਦਾ ਮੰਨਣਾ ਹੈ ਕਿ ਜੇਕਰ ਸਕੈਨ ਕੀਤੀਆਂ ਉੱਤਰ-ਪੁਸਤਕਾਂ ਦੀ ਗੁਣਵੱਤਾ ਜਾਂ ਤਕਨੀਕੀ ਪ੍ਰਕਿਰਿਆ ਵਿੱਚ ਕੋਈ ਕਮੀ ਰਹਿ ਜਾਂਦੀ ਹੈ, ਤਾਂ ਇਸ ਦਾ ਅਸਰ ਵਿਦਿਆਰਥੀਆਂ ਦੇ ਅੰਕਾਂ 'ਤੇ ਪੈ ਸਕਦਾ ਹੈ। ਇਸ ਲਈ ਡਿਜ਼ੀਟਲ ਪ੍ਰਣਾਲੀ ਨੂੰ ਹੋਰ ਪਾਰਦਰਸ਼ੀ ਅਤੇ ਭਰੋਸੇਯੋਗ ਬਣਾਉਣ ਦੀ ਲੋੜ ਹੈ।

ਇਹ ਘਟਨਾ ਸਾਨੂੰ ਸਿੱਖਿਆ ਪ੍ਰਣਾਲੀ ਵਿੱਚ ਸੁਧਾਰਾਂ ਦੀ ਜ਼ਰੂਰਤ ਵੱਲ ਇਸ਼ਾਰਾ ਕਰਦੀ ਹੈ। ਮੁੜ-ਮੁਲਾਂਕਣ ਦੀ ਪ੍ਰਕਿਰਿਆ ਤੇਜ਼, ਪਾਰਦਰਸ਼ੀ ਅਤੇ ਸਮਾਂਬੱਧ ਹੋਣੀ ਚਾਹੀਦੀ ਹੈ। ਵਿਦੇਸ਼ੀ ਯੂਨੀਵਰਸਿਟੀਆਂ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਲਈ ਅਜਿਹੀ ਵਿਵਸਥਾ ਹੋਣੀ ਚਾਹੀਦੀ ਹੈ ਜਿਸ ਨਾਲ ਉਹ ਅੰਤਿਮ ਨਤੀਜਿਆਂ ਦੀ ਉਡੀਕ ਕਰਦੇ ਹੋਏ ਵੀ ਆਪਣੇ ਦਾਖਲੇ ਸੁਰੱਖਿਅਤ ਰੱਖ ਸਕਣ।

ਵਿਦਿਆਰਥੀਆਂ ਦੇ ਅੰਕ ਸਿਰਫ਼ ਕਾਗਜ਼ ਉੱਤੇ ਲਿਖੇ ਅੰਕ ਨਹੀਂ ਹੁੰਦੇ: ਇਹ ਉਨ੍ਹਾਂ ਦੀ ਸਾਲਾਂ ਦੀ ਮਿਹਨਤ, ਉਮੀਦਾਂ ਅਤੇ ਸੁਪਨਿਆਂ ਦਾ ਪ੍ਰਤੀਕ ਹੁੰਦੇ ਹਨ। ਜੇਕਰ ਪ੍ਰਸ਼ਾਸਨਿਕ ਗੜਬੜੀਆਂ ਕਾਰਨ ਇਹ ਸੁਪਨੇ ਟੁੱਟਦੇ ਹਨ, ਤਾਂ ਇਸ ਦਾ ਨੁਕਸਾਨ ਸਿਰਫ਼ ਇੱਕ ਵਿਦਿਆਰਥੀ ਨੂੰ ਨਹੀਂ, ਸਗੋਂ ਪੂਰੇ ਸਮਾਜ ਨੂੰ ਹੁੰਦਾ ਹੈ।ਭਾਰਤ ਨੂੰ ਇੱਕ ਅਜਿਹੀ ਪ੍ਰੀਖਿਆ ਅਤੇ ਮੁਲਾਂਕਣ ਪ੍ਰਣਾਲੀ ਦੀ ਲੋੜ ਹੈ ਜੋ ਵਿਦਿਆਰਥੀਆਂ ਦਾ ਭਰੋਸਾ ਜਿੱਤ ਸਕੇ ਅਤੇ ਉਨ੍ਹਾਂ ਦੇ ਭਵਿੱਖ ਨੂੰ ਅਨਿਸ਼ਚਿਤਤਾ ਦੇ ਹਵਾਲੇ ਨਾ ਕਰੇ। ਆਖ਼ਰਕਾਰ, ਦੇਸ਼ ਦਾ ਭਵਿੱਖ ਉਸ ਦੀ ਨੌਜਵਾਨ ਪੀੜ੍ਹੀ ਦੇ ਸੁਪਨਿਆਂ ਨਾਲ ਹੀ ਬਣਦਾ ਹੈ, ਅਤੇ ਉਨ੍ਹਾਂ ਸੁਪਨਿਆਂ ਦੀ ਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ







Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280


SUNSHINE AUTO CARE INC
WE REPAIR ALL"
AUTO • DIESEL TRUCKS • TRAILERS
All Makes & Models
FULL SERVICE AUTO & DIESEL REPAIR
Engine Diagnostics
Brake Service
Engine Diagnostics
Brake Service
Suspension & Steering
Diesel Truck Repair
Trailer Repair
Reliable • Professional • Fast Service
1003 MOFFAT BLVD.• MANTECA, CA 95336
209-239-1551

# ਵਿਸ਼ਵ ਭੋਜਨ ਸੁਰੱਖਿਆ ਦਿਵਸ

ਖਾਣਾ ਇਨਸਾਨੀ ਜੀਵਨ ਦਾ ਅਧਾਰ ਹੈ। ਇਹ ਸਾਨੂੰ ਊਰਜਾ ਦਿੰਦਾ ਹੈ, ਸਿਹਤ ਰੱਖਦਾ ਹੈ ਅਤੇ ਸਾਡੀ ਰੋਜ਼ਾਨਾ ਜ਼ਿੰਦਗੀ ਨੂੰ ਚਲਾਉਂਦਾ ਹੈ। ਪਰ ਜਦੋਂ ਇਹੀ ਖਾਣਾ ਅਸੁਰੱਖਿਅਤ ਹੋ ਜਾਵੇ ਤਾਂ ਇਹ ਬੀਮਾਰੀਆਂ, ਦਰਦ ਅਤੇ ਇਸ ਤੋਂ ਵੀ ਵੱਧ ਨੁਕਸਾਨ ਦਾ ਕਾਰਨ ਬਣ ਜਾਂਦਾ ਹੈ। ਇਸੇ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਹਰ ਸਾਲ 7 ਜੂਨ ਨੂੰ ਵਿਸ਼ਵ ਭਰ ਵਿੱਚ ਵਿਸ਼ਵ ਭੋਜਨ ਸੁਰੱਖਿਆ ਦਿਵਸ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮਕਸਦ ਲੋਕਾਂ ਵਿੱਚ ਭੋਜਨ ਸੁਰੱਖਿਆ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਭੋਜਨ ਰਾਹੀਂ ਹੋਣ ਵਾਲੀਆਂ ਬੀਮਾਰੀਆਂ ਤੋਂ ਬਚਾਅ ਲਈ ਯਤਨ ਕਰਨਾ ਹੈ।

ਸਾਲ 2026 ਵਿੱਚ ਇਸ ਦਿਨ ਦਾ ਥੀਮ ਹੈ " ਫਰੋਮ ਬਰਡਨ ਟੂ ਸਲੂਸ਼ਨਸ-ਸੇਫ ਫੂਡ ਐਵਰੀਵੇਅਰ"। ਇਸ ਥੀਮ ਰਾਹੀਂ ਯੂਨਾਈਟਿਡ ਨੇਸ਼ਨਜ਼ ਦੀ ਏਜੰਸੀਆਂ ਵਿਸ਼ਵ ਸਿਹਤ ਸੰਸਥਾ ਅਤੇ ਭੋਜਨ ਅਤੇ ਖੇਤੀਬਾੜੀ ਸੰਸਥਾ ਇਸ ਗੱਲ ਤੇ ਜ਼ੋਰ ਦੇ ਰਹੀਆਂ ਹਨ ਕਿ ਭੋਜਨ ਸੁਰੱਖਿਆ ਨਾਲ ਜੁੜੀਆਂ ਸਮੱਸਿਆਵਾਂ ਦੇ ਬੋਝ ਤੋਂ ਹੱਲਾਂ ਵੱਲ ਵਧਣਾ ਚਾਹੀਦਾ ਹੈ। ਇਸ ਥੀਮ ਤਹਿਤ ਡਾਟਾ ਅਤੇ ਵਿਗਿਆਨਕ ਖੋਜਾਂ ਦੀ ਮਦਦ ਨਾਲ ਭੋਜਨ ਰਾਹੀਂ ਹੋਣ ਵਾਲੀਆਂ ਬੀਮਾਰੀਆਂ ਨੂੰ ਘਟਾਉਣ ਲਈ ਠੋਸ ਕਦਮ ਉਠਾਉਣ ਤੇ ਚਰਚਾ ਹੋ ਰਹੀ ਹੈ। ਇਸ ਸਾਲ ਇਸ ਦਿਨ ਨੂੰ ਲੈ ਕੇ ਵਿਸ਼ਵ ਭਰ ਵਿੱਚ ਵੱਖ-ਵੱਖ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਵਿਸ਼ਵ ਭੋਜਨ ਸੁਰੱਖਿਆ ਦਿਵਸ ਦੀ ਸ਼ੁਰੂਆਤ 2018 ਵਿੱਚ ਯੂਨਾਈਟਿਡ ਨੇਸ਼ਨਜ਼ ਜਨਰਲ ਅਸੈਂਬਲੀ ਵੱਲੋਂ ਇੱਕ ਰੈਜ਼ੋਲਿਊਸ਼ਨ ਰਾਹੀਂ ਹੋਈ ਸੀ। ਇਸ ਤੋਂ ਬਾਅਦ 2019 ਤੋਂ ਇਸ ਨੂੰ ਰਸਮੀ ਤੌਰ ਤੇ ਮਨਾਇਆ ਜਾਣ ਲੱਗਾ। ਇਸ ਦਿਨ ਦਾ ਉਦੇਸ਼ ਭੋਜਨ ਸੁਰੱਖਿਆ ਨੂੰ ਇੱਕ ਵਿਸ਼ਵਵਿਆਪੀ ਮੁੱਦਾ ਬਣਾਉਣਾ ਅਤੇ ਇਸ ਵੱਲ ਸਰਕਾਰਾਂ, ਉਦਯੋਗ ਅਤੇ ਆਮ ਲੋਕਾਂ ਦਾ ਧਿਆਨ ਖਿੱਚਣਾ ਹੈ। ਇਸ ਦਿਨ ਰਾਹੀਂ ਲੋਕਾਂ ਨੂੰ ਇਹ ਯਾਦ ਕਰਵਾਇਆ ਜਾਂਦਾ ਹੈ ਕਿ ਭੋਜਨ ਸੁਰੱਖਿਆ ਸਿਰਫ਼ ਇੱਕ ਵਿਅਕਤੀਗਤ ਮੁੱਦਾ ਨਹੀਂ ਬਲਕਿ ਇਹ ਆਰਥਿਕਤਾ, ਸਿਹਤ ਅਤੇ ਟਿਕਾਊ ਵਿਕਾਸ ਨਾਲ ਜੁੜਿਆ ਹੋਇਆ ਹੈ। ਦੁਨੀਆ ਭਰ ਵਿੱਚ ਹਰ ਸਾਲ ਲਗਭਗ 60 ਕਰੋੜ ਲੋਕ ਭੋਜਨ ਰਾਹੀਂ ਹੋਣ ਵਾਲੀਆਂ ਬੀਮਾਰੀਆਂ ਦਾ ਸ਼ਿਕਾਰ ਹੁੰਦੇ ਹਨ। ਇਨ੍ਹਾਂ ਵਿੱਚੋਂ ਲਗਭਗ 4 ਲੱਖ ਲੋਕਾਂ ਦੀ ਮੌਤ ਹੋ ਜਾਂਦੀ ਹੈ। ਇਹ ਬੀਮਾਰੀਆਂ ਬਹੁਤੀਆਂ ਵਾਰ ਬੈਕਟੀਰੀਆ, ਵਾਇਰਸ, ਪੈਰਾਸਾਈਟ ਜਾਂ ਰਸਾਇਣਕ ਤੱਤਾਂ ਕਾਰਨ ਹੁੰਦੀਆਂ ਹਨ। ਗਰੀਬ ਤੇ ਘੱਟ ਆਮਦਨ ਵਾਲੇ ਲੋਕ ਅਤੇ ਛੋਟੀ ਉਮਰ ਦੇ ਬੱਚੇ ਇਸ ਤੋਂ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਇਹ ਬੀਮਾਰੀਆਂ ਨਾ ਸਿਰਫ਼ ਸਿਹਤ ਨੂੰ ਨੁਕਸਾਨ ਪਹੁੰਚਾਉਂਦੀਆਂ ਹਨ ਬਲਕਿ ਲੋਕਾਂ ਦੀ ਆਰਥਿਕਤਾ ਅਤੇ ਰੋਜ਼ਗਾਰ ਤੇ ਵੀ ਬੁਰਾ ਅਸਰ ਪਾਉਂਦੀਆਂ ਹਨ। ਇਸ ਲਈ ਭੋਜਨ ਸੁਰੱਖਿਆ ਨੂੰ ਗੰਭੀਰਤਾ ਨਾਲ ਲੈਣਾ ਬਹੁਤ ਜ਼ਰੂਰੀ ਹੈ।

ਭਾਰਤ ਵਰਗੇ ਉੱਭਰਦੇ ਦੇਸ਼ ਵਿੱਚ ਭੋਜਨ ਸੁਰੱਖਿਆ ਦੀ ਚੁਣੌਤੀ ਹੋਰ ਵੀ ਵੱਡੀ ਹੈ। ਵਧਦੀ ਆਬਾਦੀ, ਤੇਜ਼ ਉਦਯੋਗੀਕਰਨ ਅਤੇ ਬਦਲਦੀਆਂ ਖਾਣ-ਪੀਣ ਦੀਆਂ ਆਦਤਾਂ ਨੇ ਇਸ ਮੁੱਦੇ ਨੂੰ ਗੰਭੀਰ ਬਣਾ ਦਿੱਤਾ ਹੈ। ਗਲੀ-ਮੋਹੱਲਿਆਂ ਵਿੱਚ ਵਿਕਣ ਵਾਲਾ ਸਟ੍ਰੀਟ ਫੂਡ, ਅਸਾਨੀ ਨਾਲ ਉਪਲਬਧ ਪ੍ਰੋਸੈੱਸਡ ਫੂਡ ਅਤੇ ਖੇਤੀਬਾੜੀ ਵਿੱਚ ਵਰਤੀਆਂ ਜਾਣ ਵਾਲੀਆਂ ਰਸਾਇਣਕ ਖਾਦਾਂ ਤੇ ਕੀਟਨਾਸ਼ਕ ਭੋਜਨ ਨੂੰ ਪ੍ਰਦੂਸ਼ਿਤ ਕਰ ਰਹੇ ਹਨ। ਇਸ ਤੋਂ ਇਲਾਵਾ ਭੋਜਨ ਸਪਲਾਈ ਚੇਨ ਵਿੱਚ ਸਟੋਰੇਜ ਅਤੇ ਟ੍ਰਾਂਸਪੋਰਟੇਸ਼ਨ ਦੌਰਾਨ ਵੀ ਬਹੁਤੀਆਂ ਵਾਰ ਸੁਰੱਖਿਆ ਦੇ ਮਾਪਦੰਡਾਂ ਦੀ ਅਣਦੇਖੀ ਹੋ ਜਾਂਦੀ ਹੈ। ਇਸ ਲਈ ਭਾਰਤ ਸਰਕਾਰ ਵੱਲੋਂ ਭੋਜਨ ਸੁਰੱਖਿਆ ਅਤੇ ਮਾਨਕ ਅਥਾਰਿਟੀ ਆਫ ਇੰਡੀਆ ਵਰਗੀਆਂ ਸੰਸਥਾਵਾਂ ਰਾਹੀਂ ਬਹੁਤ ਯਤਨ ਕੀਤੇ ਜਾ ਰਹੇ ਹਨ। ਫੂਡ ਸੇਫਟੀ ਅਤੇ ਸਟੈਂਡਰਡਜ਼ ਐਕਟ ਤਹਿਤ ਬਹੁਤ ਸਾਰੀਆਂ ਗਾਈਡਲਾਈਨਜ਼ ਬਣਾਈਆਂ ਗਈਆਂ ਹਨ ਤਾਂ ਜੋ ਭੋਜਨ ਉਤਪਾਦਕ ਤੋਂ ਲੈ ਕੇ ਖਪਤਕਾਰ ਤੱਕ ਹਰ ਪੜਾਅ ਤੇ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਭੋਜਨ ਸੁਰੱਖਿਆ ਵਿੱਚ ਵਿਗਿਆਨ ਅਤੇ ਤਕਨਾਲੋਜੀ ਦੀ ਭੂਮਿਕਾ ਬਹੁਤ ਅਹਿਮ ਹੈ। ਆਧੁਨਿਕ ਟੈਸਟਿੰਗ ਤਕਨੀਕਾਂ, ਬਾਇਓਟੈਕਨਾਲੋਜੀ ਅਤੇ ਡਿਜੀਟਲ ਟ੍ਰੇਸਿੰਗ ਸਿਸਟਮ ਭੋਜਨ ਨੂੰ ਪ੍ਰਦੂਸ਼ਣ ਤੋਂ ਬਚਾਉਣ ਵਿੱਚ ਮਦਦ ਕਰ ਰਹੇ ਹਨ। ਇਸ ਤੋਂ ਇਲਾਵਾ ਖੇਤੀਬਾੜੀ ਵਿੱਚ ਟਿਕਾਊ ਢੰਗਾਂ ਨੂੰ ਅਪਣਾਉਣਾ ਵੀ ਬਹੁਤ ਜ਼ਰੂਰੀ ਹੈ। ਇਸ ਵਿਸ਼ਵ ਭੋਜਨ ਸੁਰੱਖਿਆ ਦਿਵਸ ਤੇ ਇਸ ਗੱਲ ਤੇ ਵੀ ਚਰਚਾ ਹੋ ਰਹੀ ਹੈ ਕਿ ਜਲਵਾਯੂ ਤਬਦੀਲੀ ਭੋਜਨ ਸੁਰੱਖਿਆ ਲਈ ਵੱਡੀ ਚੁਣੌਤੀ ਬਣ ਰਹੀ ਹੈ। ਬਦਲਦਾ ਮੌਸਮ ਫਸਲਾਂ ਉਤੇ ਅਸਰ ਪਾ ਰਿਹਾ ਹੈ ਅਤੇ ਨਵੀਆਂ ਬੀਮਾਰੀਆਂ ਪੈਦਾ ਕਰ ਰਿਹਾ ਹੈ।

ਇਸ ਲਈ ਵਿਗਿਆਨਕ ਖੋਜਾਂ ਨੂੰ ਵਧਾਉਣ ਅਤੇ ਉਨ੍ਹਾਂ ਨੂੰ ਫੀਲਡ ਵਿੱਚ ਲਾਗੂ ਕਰਨ ਦੀ ਲੋੜ ਹੈ। ਭੋਜਨ ਸੁਰੱਖਿਆ ਲਈ ਹਰ ਵਿਅਕਤੀ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਘਰ ਵਿੱਚ ਖਾਣਾ ਬਣਾਉਂਦੇ ਵੇਲੇ ਹੱਥ ਧੋਣਾ, ਤਾਜ਼ਾ ਖਾਣਾ ਵਰਤਣਾ, ਫਰਿੱਜ ਦੀ ਸਫਾਈ ਰੱਖਣਾ ਅਤੇ ਖਰਾਬ ਖਾਣੇ ਨੂੰ ਸੁੱਟਣ ਵਰਗੀਆਂ ਛੋਟੀਆਂ ਆਦਤਾਂ ਬਹੁਤ ਵੱਡਾ ਫਰਕ ਲਿਆ ਸਕਦੀਆਂ ਹਨ। ਬਾਹਰ ਖਾਣਾ ਖਾਣ ਵੇਲੇ ਵੀ ਇਹ ਧਿਆਨ ਰੱਖਣਾ ਚਾਹੀਦਾ ਹੈ ਕਿ ਖਾਣਾ ਸਾਫ਼ ਅਤੇ ਤਾਜ਼ਾ ਹੋਵੇ। ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਭੋਜਨ ਸੁਰੱਖਿਆ ਬਾਰੇ ਸਿਖਾਉਣਾ ਚਾਹੀਦਾ ਹੈ ਤਾਂ ਜੋ ਉਹ ਭਵਿੱਖ ਵਿੱਚ ਇਸ ਨੂੰ ਆਪਣੀ ਆਦਤ ਬਣਾ ਲੈਣ। ਸਕੂਲਾਂ ਅਤੇ ਕਾਲਜਾਂ ਵਿੱਚ ਵੀ ਇਸ ਬਾਰੇ ਵਰਕਸ਼ਾਪਾਂ ਅਤੇ ਜਾਗਰੂਕਤਾ ਪ੍ਰੋਗਰਾਮ ਚਲਾਏ ਜਾਣੇ ਚਾਹੀਦੇ ਹਨ।ਉਦਯੋਗ ਵੱਲੋਂ ਵੀ ਭੋਜਨ ਸੁਰੱਖਿਆ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਫੈਕਟਰੀਆਂ ਵਿੱਚ ਗੁਣਵੱਤਾ ਨਿਯੰਤਰਣ, ਸਟੈਂਡਰਡਜ਼ ਦੀ ਪਾਲਣਾ ਅਤੇ ਟ੍ਰਾਂਸਪੋਰਟੇਸ਼ਨ ਵਿੱਚ ਠੰਡੀ ਚੇਨ ਦੀ ਵਰਤੋਂ ਯਕੀਨੀ ਬਣਾਉਣੀ ਚਾਹੀਦੀ ਹੈ। ਸਰਕਾਰਾਂ ਨੂੰ ਵੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਉਣੀ ਚਾਹੀਦੀ ਹੈ ਅਤੇ ਛੋਟੇ ਉਦਯੋਗਾਂ ਅਤੇ ਖੇਤੀਬਾੜੀ ਉਤਪਾਦਕਾਂ ਨੂੰ ਟ੍ਰੇਨਿੰਗ ਅਤੇ ਸਹਾਇਤਾ ਪ੍ਰਦਾਨ ਕਰਨੀ ਚਾਹੀਦੀ ਹੈ। ਵਿਸ਼ਵ ਭੋਜਨ ਸੁਰੱਖਿਆ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਭੋਜਨ ਸੁਰੱਖਿਆ ਇੱਕ ਸਾਂਝੀ ਜ਼ਿੰਮੇਵਾਰੀ ਹੈ। ਇਸ ਨਾਲ ਜੁੜੀਆਂ ਬੀਮਾਰੀਆਂ ਬਹੁਤੀਆਂ ਵਾਰ ਰੋਕੀਆਂ ਜਾ ਸਕਦੀਆਂ ਹਨ। ਇਸ ਲਈ ਸਾਨੂੰ ਆਪਣੀਆਂ ਆਦਤਾਂ ਬਦਲਣੀਆਂ ਪੈਣਗੀਆਂ ਅਤੇ ਭੋਜਨ ਉਤਪਾਦਨ ਤੋਂ ਲੈ ਕੇ ਖਪਤ ਤੱਕ ਹਰ ਪੜਾਅ ਤੇ ਧਿਆਨ ਦੇਣਾ ਪਵੇਗਾ। ਇਸ ਦਿਨ ਤੇ ਆਓ ਆਪਣਾ ਵਾਅਦਾ ਕਰੀਏ ਕਿ ਅਸੀਂ ਸੁਰੱਖਿਅਤ ਭੋਜਨ ਲਈ ਯਤਨ ਕਰਾਂਗੇ ਅਤੇ ਆਪਣੇ ਆਲੇ-ਦੁਆਲੇ ਵਿੱਚ ਵੀ ਇਸ ਬਾਰੇ ਜਾਗਰੂਕਤਾ ਫੈਲਾਵਾਂਗੇ। ਜਦੋਂ ਤੱਕ ਹਰ ਇੱਕ ਵਿਅਕਤੀ ਇਸ ਮੁੱਦੇ ਨੂੰ ਆਪਣਾ ਨਹੀਂ ਬਣਾਉਂਦਾ, ਉਦੋਂ ਤੱਕ ਇਸ ਲਕਸ਼ ਨੂੰ ਹਾਸਲ ਕਰਨਾ ਮੁਸ਼ਕਲ ਰਹੇਗਾ। ਇਸ ਲਈ ਇਸ ਵਿਸ਼ਵ ਭੋਜਨ ਸੁਰੱਖਿਆ ਦਿਵਸ ਤੇ ਆਓ ਇੱਕਜੁੱਟ ਹੋ ਕੇ ਇੱਕ ਸੁਰੱਖਿਅਤ ਅਤੇ ਸਿਹਤਮੰਦ ਭਵਿੱਖ ਬਣਾਉਣ ਵੱਲ ਵਧੀਏ। ਭੋਜਨ ਸੁਰੱਖਿਆ ਨਾ ਸਿਰਫ਼ ਸਾਡੀ ਸਿਹਤ ਬਚਾਉਂਦੀ ਹੈ ਬਲਕਿ ਇਹ ਇੱਕ ਬਿਹਤਰ ਸਮਾਜ ਅਤੇ ਟਿਕਾਊ ਭਵਿੱਖ ਦੀ ਨੀਂਹ ਵੀ ਰੱਖਦੀ ਹੈ।

SANJHI SOCH
ਸੰਦੀਪ ਕੁਮਾਰ
ਐਮਸੀਏ, ਐਮ.ਏ ਮਨੋਵਿਗਿਆਨ
7009807121
liberalthinker1621@gmail.com



**Now Open New Banquet Hall in Sacramento**

*For more info: Contact Paul : (916)334-6000*




SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Imperial Spice
Resturant Bar & Banquet Hall
Vibrant flavors of
North and South Indian cuisine.
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੈਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਬਾਲ ਵਿਆਹ

ਭਾਰਤੀ ਕਾਨੂੰਨ ਅਨੁਸਾਰ 18 ਸਾਲ ਤੋਂ ਘੱਟ ਉਮਰ ਦੀ ਔਰਤ ਅਤੇ 21 ਸਾਲ ਤੋਂ ਘੱਟ ਉਮਰ ਦੇ ਮਰਦ ਦੇ ਵਿਆਹ ਨੂੰ ਬਾਲ ਵਿਆਹ ਕਹਿੰਦੇ ਹਨ। ਬਹੁਤੇ ਵਿਆਹਾਂ ਵਿੱਚ ਘੱਟ ਉਮਰ ਦੀਆਂ ਔਰਤਾਂ ਸ਼ਾਮਿਲ ਹੁੰਦੀਆਂ ਹਨ। ਜਿਹਨਾਂ ਵਿੱਚੋਂ ਬਹੁਤ ਗਰੀਬ ਸਮਾਜਿਕ ਆਰਥਿਕ ਹਾਲਾਤ ਵਿੱਚ ਹਨ।ਭਾਰਤ ਵਿੱਚ ਬਹੁਤ ਪੁਰਾਣੇ ਸਮੇਂ ਤੋਂ ਹੀ ਬਾਲ ਵਿਆਹ ਪ੍ਰਥਾ ਪ੍ਰਚਲਿਤ ਸੀ। ਇੰਟਰਨੈਸ਼ਨਲ ਸੈਂਟਰ ਫਾਰ ਰਿਸਰਚ ਆਨ ਵੂਮੈਨ ਯੂਨੀਸੈਫ ਪ੍ਰਕਾਸ਼ਨਾਂ ਨੇ ਅੰਦਾਜਾ ਲਗਾਇਆ ਹੈ ਕਿ ਸਾਲ 1998 ਦੇ ਛੋਟੇ ਨਮੂਨੇ ਸਰਵੇਖਣਾਂ ਤੋਂ ਭਾਰਤ ਦੀ ਬਾਲ ਵਿਆਹ ਦਰ 47% ਹੈ। ਜਦੋਂ ਕਿ ਸੰਯੁਕਤ ਰਾਸ਼ਟਰ ਦੀ ਰਿਪੋਰਟ 2005 ਵਿੱਚ 30% ਹੈ।ਅਨਪੜਾਂ ਵਿੱਚ ਬਾਲ ਵਿਆਹ ਵਧੇਰੇ ਪ੍ਰਚਲਿਤ ਹੈ। ਕੁੜੀ ਦੇ ਮਾਪੇ ਕੁੜੀ ਨੂੰ ਬੋਝ ਮਹਿਸੂਸ ਕਰਦੇ ਹਨ। ਆਰਥਿਕ ਤੰਗੀ ਵੀ ਬਾਲ ਵਿਆਹ ਦਾ ਇੱਕ ਕਾਰਨ ਹੈ। ਜ਼ਿਆਦਾਤਰ ਬਾਲ ਵਿਆਹ ਵਿੱਚ ਲੜਕੀ ਦੀ ਉਮਰ ਘੱਟ ਹੁੰਦੀ ਹੈ ਕਈ ਵਾਰ ਤਾਂ ਇੱਕ ਬਜ਼ੁਰਗ ਆਦਮੀ ਨਾਲ ਇੱਕ ਛੋਟੀ ਉਮਰ ਦੀ ਲੜਕੀ ਵਿਆਹ ਦਿੱਤੀ ਜਾਂਦੀ ਹੈ।

ਕਈ ਪਛੜੇ ਵਰਗਾਂ ਵਿੱਚ ਅੱਜ ਵੀ ਇਹ ਮੰਨਿਆ ਜਾਂਦਾ ਹੈ ਕਿ ਜੇਕਰ ਮਹਾਵਾਰੀ ਸ਼ੁਰੂ ਹੋਣ ਤੋਂ ਬਾਅਦ ਲੜਕੀਆਂ ਦਾ ਵਿਆਹ ਕੀਤਾ ਜਾਂਦਾ ਹੈ ਤਾਂ ਇਸ ਨਾਲ ਮਾਪਿਆਂ ਨੂੰ ਕੋਈ ਪੁੰਨ ਨਹੀਂ ਮਿਲਦਾ ਕਿਉਂਕਿ ਲੜਕੀਆਂ ਅਪਵਿੱਤਰ ਹੋ ਜਾਂਦੀਆਂ ਹਨ। ਅੱਜ ਵੀ ਦੇਸ਼ ਦੇ ਕਈ ਪਛੜੇ ਇਲਾਕਿਆਂ ਵਿੱਚ ਮਾਪੇ ਆਪਣੀ ਇੱਜ਼ਤ ਨੂੰ ਆਪਣੀ ਬੱਚੀ ਨਾਲ ਜੋੜਦੇ ਹਨ। ਉਨਾਂ ਦਾ ਮੰਨਣਾ ਹੈ ਕਿ ਲੜਕੀ ਦੀ ਇੱਜ਼ਤ ਨਾਲ ਹੀ ਉਨ੍ਹਾਂ ਦੀ ਇੱਜ਼ਤ ਬਰਕਰਾਰ ਰਹੇਗੀ। ਅਜਿਹੇ ਵਿੱਚ ਉਹ ਹਮੇਸ਼ਾ ਇਸ ਡਰ ਵਿੱਚ ਰਹਿੰਦੇ ਹਨ ਕਿ ਕਿਤੇ ਉਨ੍ਹਾਂ ਦੀ ਲੜਕੀ ਜਵਾਨੀ ਵਿੱਚ ਦਾਖਲ ਹੋਣ ਤੋਂ ਬਾਅਦ ਕਿਸੇ ਗਲਤ ਰਸਤੇ ਤੇ ਨਾ ਚਲੀ ਜਾਵੇ ਇਸ ਲਈ ਇਸ ਡਰ ਤੋਂ ਨਿਕਲਣ ਲਈ ਉਹ ਜਲਦੀ ਵਿਆਰ ਕਰਨ ਦਾ ਰਸਤਾ ਚੁਣਦੇ ਹਨ।ਬਾਲ ਵਿਆਹ ਦੇ ਕਈ ਨੁਕਸਾਨ ਹਨ। ਇਸ ਨਾਲ ਬੱਚਿਆਂ ਦਾ ਬਚਪਨ ਖ਼ਤਮ ਹੋ ਜਾਂਦਾ ਹੈ, ਬਾਲ ਵਿਆਹ ਕਾਰਨ ਲੜਕੀਆਂ ਕਈ ਵਾਰ ਛੋਟੀ ਉਮਰ ਵਿੱਚ ਵਿਧਵਾ ਹੋ ਜਾਂਦੀਆਂ ਹਨ। ਬਾਲ ਵਿਆਹ ਵਿਰੁੱਧ ਪਹਿਲਾ ਕਾਨੂੰਨ 1929 ਵਿੱਚ ਬਣਾਇਆ ਗਿਆ ਸੀ। ਜੋ 1930 ਅਪਰੈਲ ਦੀ ਪਹਿਲੀ ਤਰੀਕ ਨੂੰ ਪੂਰੇ ਦੇਸ਼ ਵਿੱਚ ਲਾਗੂ ਕੀਤਾ ਗਿਆ ਸੀ। ਇਸ ਤੋਂ ਬਾਅਦ ਇਸ ਐਕਟ ਵਿੱਚ ਸਮੇਂ ਅਨੁਸਾਰ ਸੋਧ ਕੀਤੀ ਗਈ ਅਤੇ ਭਾਰਤ ਸਰਕਾਰ ਨੇ 2006 ਵਿੱਚ ਬਾਲ ਵਿਆਹ ਰੋਕੂ ਕਾਨੂੰਨ ਬਣਾਇਆ ਜੋ ਕਿ 1 ਨਵੰਬਰ 2007 ਨੂੰ ਲਾਗੂ ਕੀਤਾ ਗਿਆ।ਅੰਤ ਵਿੱਚ ਅਸੀ ਕਹਿ ਸਕਦੇ ਹਾਂ ਕਿ ਬਾਲ ਵਿਆਹ ਇੱਕ ਮਾੜੀ ਪ੍ਰਥਾ ਹੈ ਜੋ ਕਿ ਬੱਚਿਆਂ ਲਈ ਹਾਨੀਕਾਰਕ ਹੈ ਮਾਪਿਆਂ ਨੂੰ ਜਾਗਰੂਕ ਹੋ ਕੇ ਇਸ ਪ੍ਰਥਾ ਦਾ ਵਿਰੋਧ ਕਰਨਾ ਚਾਹੀਦਾ ਹੈ ਕਿ ਲੜਕੀ ਦਾ 18 ਸਾਲ ਤੋਂ ਬਾਅਦ ਅਤੇ ਲੜਕੇ ਦਾ 21 ਸਾਲ ਤੋਂ ਬਾਅਦ ਵਿਆਹ ਕੀਤਾ ਜਾਵੇ ਤਾਂ ਜੋ ਉਹ ਇੱਕ ਚੰਗੇ ਨਾਗਰਿਕ ਬਨਣ ਅਤੇ ਸਮਾਜ ਨੂੰ ਇੱਕ ਸਹੀ ਉਦਾਹਰਣ ਪੇਸ਼ ਕਰਨ।

**ਡਾ. ਦਿਨੇਸ਼ ਕੁਮਾਰ**
ਲੈਕਚਰਾਰ ਫਿਜ਼ਿਕਸ
ਗੌਰਮਿੰਟ ਵਿਕਟੋਰੀਆ ਗਰਲਜ਼
ਸੀਨੀਅਰ ਸੈਕੰਡਰੀ ਸਕੂਲ ਪਟਿਆਲਾ

# ਡਾਇਰੀ ਦਾ ਪੰਨਾ/ਰਾਹ ਜਾਂ ਮੈਂ?

ਰਾਤ ਦੇ ਸੁੰਨੇ ਵਕਤ ਵਿੱਚ, ਜਦੋਂ ਧਰਤੀ ਆਪਣੀ ਸਾਹ ਲੈਣ ਦੀ ਧੁਨ ਹੌਲੀ ਕਰ ਲੈਂਦੀ ਹੈ,ਇੱਕ ਦਿਨ ਮੈਂ ਇਕੱਲਾ ਨਹਿਰ ਦੇ ਕੰਢੇ ਕੰਢੇ ਤੁਰ ਰਿਹਾ ਸਾਂ। ਪੈਰਾਂ ਹੇਠਾਂ ਮਿੱਟੀ ਸੀ, ਪਰ ਦਿਲ ਅੰਦਰ ਸਵਾਲਾਂ ਦੀ ਧੂੜ ਉੱਡ ਰਹੀ ਸੀ।ਮਨ ਵਿੱਚ ਇਹ ਸਵਾਲ ਉਮੜਿਆ ਕਿ ਮੈਂ ਤੁਰ ਰਿਹਾ ਹਾਂ, ਜਾਂ ਇਹ ਰਾਹ ਮੈਨੂੰ ਤੋਰ ਰਿਹਾ ਹੈ?

ਹਰ ਕਦਮ ਨਾਲ ਇੱਕ ਅਹਿਸਾਸ ਜੁੜਿਆ ਹੋਇਆ ਸੀ, ਜਿਵੇਂ ਕੋਈ ਅਦਿੱਖ ਹੱਥ ਮੇਰੀਆਂ ਰਗਾਂ ਵਿੱਚ ਖ਼ਿਆਲਾਂ ਦੀ ਅੱਗ ਭੜਕਾ ਰਿਹਾ ਹੋਵੇ। ਹਵਾ ਦੇ ਝੌਂਕੇ ਮੇਰੇ ਕੰਨਾਂ ਵਿੱਚ ਕੁਝ ਫੁਸਫੁਸਾ ਰਹੇ ਸਨ।

ਮੈਂ ਰੁਕਿਆ... ਤੇ ਪਿੱਛੇ ਮੁੜ ਕੇ ਵੇਖਿਆ।

ਪੈਰਾਂ ਦੇ ਨਿਸ਼ਾਨ ਮੇਰੇ ਸੀ, ਪਰ ਕਹਾਣੀ ਉਹਨਾਂ ਦੀ ਸੀ, ਜੋ ਮੈਂ ਨਾਲ ਪੜ ਸਕਿਆ। ਨਾ ਕਹਾਣੀ ਨੂੰ ਮਾਣ ਸਕਿਆ। ਹਰ ਨਿਸ਼ਾਨ ਵਿੱਚ ਇੱਕ ਅਧੂਰਾ ਸੁਪਨਾ ਦਫਨ ਸੀ, ਇੱਕ ਦੁਆ, ਜੋ ਅਸਮਾਨ ਤੱਕ ਨਹੀਂ ਸੀ ਪਹੁੰਚੀ।

ਇਹ ਰਾਹ ਵੀ ਅਜੀਬ ਨੇ! ਨਾ ਇਹ ਕਦੇ ਪੁੱਛਦੇ ਨੇ ਕਿ ਤੂੰ ਕਿਥੋਂ ਆਇਆ ਏਂ?,

ਨਾ ਇਹ ਦੱਸਦੇ ਨੇ ਕਿ ਤੈਨੂੰ ਕਿੱਥੇ ਲੈ ਜਾਣਾ ਏਂ।

ਇਹ ਸਿਰਫ਼ ਤੋਰੀ ਰੱਖਦੇ ਨੇ...ਬਸ ਤੋਰੀ ਰਖਦੇ ਨੇ, ਉਹ ਵੀ ਬਿਨਾ ਕਿਸੇ ਵਾਅਦੇ ਦੇ।

ਤੁਰਦੇ ਤੁਰਦੇ ਅਚਾਨਕ ਇੱਕ ਖ਼ਿਆਲ ਉੱਭਰਿਆ, ਸ਼ਾਇਦ ਮੈਂ ਨਹੀਂ ਤੁਰ ਰਿਹਾ... ਸ਼ਾਇਦ ਇਹ ਰਾਹ ਮੇਰੇ ਅੰਦਰ ਤੁਰਦੇ ਜਾ ਰਹੇ ਨੇ। ਇਹ ਮੇਰੀ ਰੂਹ ਦੇ ਰਾਹ ਨੇ , ਇਹ ਮੇਰੇ ਮਨ ਦੇ ਮੋੜ ਨੇ, ਇਹ ਮੇਰੀ ਜ਼ਿੰਦਗੀ ਦੇ ਚੌਰਾਹੇ ਨੇ। ਸਭ ਕੁਝ ਮੇਰੇ ਅੰਦਰ ਹੀ ਵੱਸਦਾ ਹੈ।

ਜਦੋਂ ਮਨ ਅੰਨ੍ਹੇਰੇ ਵਿੱਚ ਡੁੱਬ ਜਾਂਦਾ ਹੈ,
ਤਾਂ ਰਾਹ ਵੀ ਸੁੰਨੇ ਸੁੰਨੇ ਲੱਗਣ ਲੱਗਦੇ ਨੇ।
ਪਰ ਜਦੋਂ ਅੰਦਰ ਇੱਕ ਦੀਵਾ ਜਗ ਪੈਂਦਾ ਹੈ,
ਤਾਂ ਉਹੀ ਰਾਹ ਚਾਨਣ ਦੇ ਸਾਗਰ ਬਣ ਜਾਂਦੇ ਨੇ।ਮੈਂ ਫਿਰ ਤੁਰਨਾ ਸ਼ੁਰੂ ਕੀਤਾ,
ਪਰ ਇਸ ਵਾਰੀ ਪੈਰਾਂ ਨਾਲ ਨਹੀਂ, ਸਮਝ ਨਾਲ।
ਮੇਰਾ ਹਰ ਕਦਮ ਇੱਕ ਜਵਾਬ ਸੀ, ਹਰ ਸਾਹ ਇੱਕ ਦਿਸ਼ਾ ਸੀ। ਹੁਣ ਮੈਨੂੰ ਸਮਝ ਆਈ ਕਿ
ਰਾਹ ਕਦੇ ਨਹੀਂ ਤੁਰਦੇ ਹੁੰਦੇ...ਤੁਰਦਾ ਤਾਂ ਇਨਸਾਨ ਹੀ ਹੈ ਪਰ ਜਦੋਂ ਉਹ ਆਪਣੇ ਆਪ ਤੋਂ ਦੂਰ ਹੋ ਜਾਵੇ, ਤਾਂ ਉਸਨੂੰ ਲੱਗਣ ਲੱਗਦਾ ਹੈ ਜਿਵੇਂ ਰਾਹ ਉਸਨੂੰ 'ਘਸੀਟ' ਰਹੇ ਨੇ ਮੱਲੋਜੋਰੀ।
ਮੈਂ ਮੁਸਕੁਰਾਇਆ,ਤੇ ਹੌਲੀ ਜਿਹਾ ਕਿਹਾ
"ਮੈਂ ਹੀ 'ਰਾਹ' ਹਾਂ, ਤੇ ਮੈਂ ਹੀ 'ਪਾਂਧੀ' ਹਾਂ।"
ਉਸ ਵੇਲੇ ਹਵਾ ਵੀ ਰੁਕ ਗਈ,
ਜਿਵੇਂ ਕੁਦਰਤ ਨੇ ਮੇਰੇ ਜਵਾਬ ਨੂੰ ਸਵੀਕਾਰ ਲਿਆ ਸੀ।



SANJHI SOCH
ਰਮਨ ਜੈਪੁਰਾ
98781 11627

LARRY T. NIERMEYER
Attorney at Law




OFFERING SERVICES IN THE FOLLOWING AREAS





1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation

PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


Pal Films Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


ਕਈ ਵੀਰਾਂ ਦੇ
LICENSE CANCEL
ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।
ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ
ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ
Green Card ਨਹੀਂ ਹੈ | I-485 Application ਅਜੇ Pending ਹੈ।
Ghuman Law Group ਤੁਹਾਡੇ ਨਾਲ ਹੈ
ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :
Green Card Case ਨੂੰ ਜਲਦੀ ਹੱਲ ਕਰਨ ਵਿੱਚ
CDL ਅਤੇ ਕੰਮ ਨੂੰ ਬਚਾਉਣ ਲਈ Legal Guidance
Deportation ਜਾਂ Immigration Detention Cases ਵਿੱਚ Legal Advice
Appeals ਅਤੇ Immigration Process ਵਿੱਚ ਸਹਾਇਤਾ
Estate Planning ਰਾਹੀਂ Property ਅਤੇ Assets ਨੂੰ safe ਕਰਨ ਵਿੱਚ ਮਦਦ
ਤੁਹਾਡੇ ਪਰਿਵਾਰ ਦੇ ਭਵਿੱਖ ਨੂੰ Secure ਬਣਾਉਣ ਵਿੱਚ ਸਹਾਇਤਾ
GHUMAN LAW GROUP INC.
Criminal Defense, Family and Immigration Law
Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ
ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)
Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

## ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR



# ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

## ਸਿਰ.ਫ ਇਕ ਕਾਲ - ਵੱਡੀ ਬੱਚਤ

# 510-706-1300

singhsolarusa@gmail.com

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency
CST # 207524-40

Special Fares To India
From
West-coast (us) On
Air India Direct Flights



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US
(510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 221**

ਰਾਗੁ ਗਉੜੀ ਅਸਟਪਦੀਆ ਮਹਲਾ ੧ ਗਉੜੀ ਗੁਆਰੇਰੀ ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

ਨਿਧਿ ਸਿਧਿ ਨਿਰਮਲ ਨਾਮੁ ਬੀਚਾਰੁ ॥ ਪੂਰਨ ਪੂਰਿ ਰਹਿਆ ਬਿਖੁ ਮਾਰਿ ॥ ਤ੍ਰਿਕੁਟੀ ਛੂਟੀ ਬਿਮਲ ਮਝਾਰਿ ॥ ਗੁਰ ਕੀ ਮਤਿ ਜੀਇ ਆਈ ਕਾਰਿ ॥੧॥ ਇਨ ਬਿਧਿ ਰਾਮ ਰਮਤ ਮਨੁ ਮਾਨਿਆ ॥ ਗਿਆਨ ਅੰਜਨੁ ਗੁਰ ਸਬਦਿ ਪਛਾਨਿਆ ॥੧॥ ਰਹਾਉ ॥ ਇਕੁ ਸੁਖੁ ਮਾਨਿਆ ਸਹਜਿ ਮਿਲਾਇਆ ॥ ਨਿਰਮਲ ਬਾਣੀ ਭਰਮੁ ਚੁਕਾਇਆ ॥ ਲਾਲ ਭਏ ਸੂਹਾ ਰੰਗੁ ਮਾਇਆ ॥ ਨਦਰਿ ਭਈ ਬਿਖੁ ਠਾਕਿ ਰਹਾਇਆ ॥੨॥ ਉਲਟ ਭਈ ਜੀਵਤ ਮਰਿ ਜਾਗਿਆ ॥ ਸਬਦਿ ਰਵੇ ਮਨੁ ਹਰਿ ਸਿਉ ਲਾਗਿਆ ॥ ਰਸੁ ਸੰਗ੍ਰਹਿ ਬਿਖੁ ਪਰਹਰਿ ਤਿਆਗਿਆ ॥ ਭਾਇ ਬਸੇ ਜਮ ਕਾ ਭਉ ਭਾਗਿਆ ॥੩॥ ਸਾਦ ਰਹੇ ਬਾਦੰ ਅਹੰਕਾਰਾ ॥ ਚਿਤੁ ਹਰਿ ਸਿਉ ਰਾਤਾ ਹੁਕਮਿ ਅਪਾਰਾ ॥ ਜਾਤਿ ਰਹੇ ਪਤਿ ਕੇ ਆਚਾਰਾ ॥ ਦ੍ਰਿਸਟਿ ਭਈ ਸੁਖੁ ਆਤਮ ਧਾਰਾ ॥੪॥ {ਪੰਨਾ 221}

ਭਾਵ ਅਰਥ:-

ਗੁਰੂ ਦੀ ਦਿੱਤੀ ਹੋਈ ਮਤਿ ਮੇਰੇ ਚਿੱਤ ਵਿਚ ਕਾਰੀ ਆ ਗਈ ਹੈ (ਲਾਭਵੰਦੀ ਹੋ ਗਈ ਹੈ) । (ਉਸ ਮਤਿ ਦੀ ਬਰਕਤਿ ਨਾਲ) ਪਵਿਤ੍ਰ ਹਰਿ-ਨਾਮ ਵਿਚ ਲੀਨ ਰਹਿਣ ਕਰਕੇ ਮੇਰੀ ਅੰਦਰਲੀ ਖਿੱਝ ਮੁੱਕ ਗਈ ਹੈ, ਮੈਂ ਮਾਇਆ ਦੇ ਜ਼ਹਰ ਨੂੰ (ਆਪਣੇ ਅੰਦਰੋਂ) ਮਾਰ ਲਿਆ ਹੈ। ਹੁਣ ਮੈਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸ ਰਿਹਾ ਹੈ। ਪਰਮਾਤਮਾ ਦਾ ਨਿਰਮਲ ਨਾਮ ਤੇਰੇ ਵਾਸਤੇ (ਆਤਮਕ) ਖ਼ਜ਼ਾਨਾ ਹੈ, ਪਰਮਾਤਮਾ ਦੇ ਗੁਣਾਂ ਦੀ ਵਿਚਾਰ ਹੀ ਮੇਰੇ ਵਾਸਤੇ (ਰਿੱਧੀਆਂ) ਸਿੱਧੀਆਂ ਹੈ।1।

ਗੁਰੂ ਦੇ ਸ਼ਬਦ ਵਿਚ ਜੁੜ ਕੇ ਮੈਂ ਉਹ (ਆਤਮਕ) ਸੁਰਮਾ ਲੱਭ ਲਿਆ ਹੈ, ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਦੇਂਦਾ ਹੈ। ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਮੇਰਾ ਮਨ (ਸਿਮਰਨ ਵਿਚ) ਇਸ ਤਰ੍ਹਾਂ ਗਿੱਝ ਗਿਆ ਹੈ ਕਿ ਹੁਣ ਸਿਮਰਨ ਤੋਂ ਬਿਨਾ ਰਹਿ ਹੀ ਨਹੀਂ ਸਕਦਾ।1। ਰਹਾਉ।

(ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ) ਪਵਿਤ੍ਰ ਬਾਣੀ ਨੇ ਮੇਰੀ ਭਟਕਣਾ ਮੁਕਾ ਦਿੱਤੀ ਹੈ, ਮੈਨੂੰ ਸਹਜ ਅਵਸਥਾ ਵਿਚ ਮਿਲਾ ਦਿੱਤਾ ਹੈ, (ਹੁਣ ਮੇਰਾ ਮਨ) ਮੰਨ ਗਿਆ ਹੈ ਕਿ ਇਹੀ (ਆਤਮਕ) ਸੁਖ (ਸਭ ਸੁਖਾਂ ਤੋਂ ਸ੍ਰੇਸ਼ਟ ਸੁਖ ਹੈ) । (ਸਿਮਰਨ ਦੀ ਬਰਕਤ ਨਾਲ ਨਾਮ ਵਿਚ ਰੰਗੀਜ ਕੇ ਮੇਰਾ ਮਨ ਮਜੀਠ ਵਰਗੇ ਪੱਕੇ ਰੰਗ ਵਾਲਾ) ਲਾਲ ਹੋ ਗਿਆ ਹੈ। ਮਾਇਆ ਦਾ ਰੰਗ ਮੈਨੂੰ ਕਸੁੰਭ ਦੇ ਰੰਗ ਵਰਗਾ ਕੱਚਾ, ਸੂਹਾ ਦਿੱਸ ਪਿਆ ਹੈ। (ਮੇਰਾ ਉਤੇ ਪਰਮਾਤਮਾ ਦੀ ਮਿਹਰ ਦੀ) ਨਜ਼ਰ ਹੋਈ ਹੈ, ਮੈਂ ਮਾਇਆ ਦੇ ਜ਼ਹਿਰ ਨੂੰ (ਆਪਣੇ ਉਤੇ ਅਸਰ ਕਰਨੋਂ) ਰੋਕ ਲਿਆ ਹੈ।2।

(ਮੇਰੀ ਸੁਰਤ ਮਾਇਆ ਦੇ ਮੋਹ ਵੱਲੋਂ) ਪਰਤ ਪਈ ਹੈ, ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ (ਮੇਰਾ ਮਨ ਮਾਇਆ ਵੱਲੋਂ) ਮਰ ਗਿਆ ਹੈ, ਮੈਨੂੰ ਆਤਮਕ ਜਾਗ ਆ ਗਈ ਹੈ। ਗੁਰੂ ਦੇ ਸ਼ਬਦ ਰਾਹੀਂ ਮੈਂ ਸਿਮਰਨ ਕਰ ਰਿਹਾ ਹਾਂ, ਮੇਰਾ ਮਨ ਪਰਮਾਤਮਾ ਨਾਲ ਪ੍ਰੀਤ ਪਾ ਚੁਕਾ ਹੈ। (ਆਤਮਕ) ਆਨੰਦ (ਆਪਣੇ ਅੰਦਰ) ਇਕੱਠਾ ਕਰ ਕੇ ਮੈਂ ਮਾਇਆ ਦੇ ਜ਼ਹਿਰ ਨੂੰ (ਆਪਣੇ ਅੰਦਰੋਂ) ਦੂਰ ਕਰ ਕੇ (ਸਦਾ ਲਈ) ਤਿਆਗ ਦਿੱਤਾ ਹੈ। ਪਰਮਾਤਮਾ ਦੇ ਪ੍ਰੇਮ ਵਿਚ ਟਿਕਣ ਕਰਕੇ ਮੇਰਾ ਮੌਤ ਦਾ ਡਰ ਦੂਰ ਹੋ ਗਿਆ ਹੈ।3।

(ਸਿਮਰਨ ਦੀ ਬਰਕਤ ਕਰਕੇ ਮੇਰੇ ਅੰਦਰੋਂ ਮਾਇਕ ਪਦਾਰਥਾਂ ਦੇ) ਚਸਕੇ ਦੂਰ ਹੋ ਗਏ ਹਨ, (ਮਨ ਵਿਚ ਨਿੱਤ ਹੋ ਰਿਹਾ ਮਾਇਆ ਵਾਲਾ) ਝਗੜਾ ਮਿਟ ਗਿਆ ਹੈ, ਅਹੰਕਾਰ ਰਹਿ ਗਿਆ ਹੈ। ਮੇਰਾ ਚਿੱਤ ਹੁਣ ਪਰਮਾਤਮਾ (ਦੇ ਨਾਮ) ਨਾਲ ਰੰਗਿਆ ਗਿਆ ਹੈ, ਮੈਂ ਹੁਣ ਉਸ ਬੇਅੰਤ ਪ੍ਰਭੂ ਦੀ ਰਜ਼ਾ ਵਿਚ ਟਿਕ ਗਿਆ ਹਾਂ। ਜਾਤ-ਵਰਨ ਅਤੇ ਲੋਕ-ਲਾਜ ਦੀ ਖ਼ਾਤਰ ਕੀਤੇ ਜਾਣ ਵਾਲੇ ਧਰਮ-ਕਰਮ ਬੱਸ ਹੋ ਗਏ ਹਨ। (ਮੇਰੇ ਉਤੇ ਪ੍ਰਭੂ ਦੀ) ਮਿਹਰ ਦੀ ਨਿਗਾਹ ਹੋਈ ਹੈ, ਮੈਨੂੰ ਆਤਮਕ ਸੁਖ ਮਿਲ ਗਿਆ ਹੈ।4।

ਤੁਝ ਬਿਨੁ ਕੋਇ ਨ ਦੇਖਉ ਮੀਤੁ ॥ ਕਿਸੁ ਸੇਵਉ ਕਿਸੁ ਦੇਵਉ ਚੀਤੁ ॥ ਕਿਸੁ ਪੂਛਉ ਕਿਸੁ ਲਾਗਉ ਪਾਇ ॥ ਕਿਸੁ ਉਪਦੇਸਿ ਰਹਾ ਲਿਵ ਲਾਇ ॥੫॥ ਗੁਰ ਸੇਵੀ ਗੁਰ ਲਾਗਉ ਪਾਇ ॥ ਭਗਤਿ ਕਰੀ ਰਾਚਉ ਹਰਿ ਨਾਇ ॥ ਸਿਖਿਆ ਦੀਖਿਆ ਭੋਜਨ ਭਾਉ ॥ ਹੁਕਮਿ ਸੰਜੋਗੀ ਨਿਜ ਘਰਿ ਜਾਉ ॥੬॥ ਗਰਬ ਗਤੰ ਸੁਖ ਆਤਮ ਧਿਆਨਾ ॥ ਜੋਤਿ ਭਈ ਜੋਤੀ ਮਾਹਿ ਸਮਾਨਾ ॥ ਲਿਖਤੁ ਮਿਟੈ ਨਹੀ ਸਬਦੁ ਨੀਸਾਨਾ ॥ ਕਰਤਾ ਕਰਣਾ ਕਰਤਾ ਜਾਨਾ ॥੭॥ ਨਹ ਪੰਡਿਤੁ ਨਹ ਚਤੁਰੁ ਸਿਆਨਾ ॥ ਨਹ ਭੂਲੋ ਨਹ ਭਰਮਿ ਭੁਲਾਨਾ ॥ ਕਥਉ ਨ ਕਥਨੀ ਹੁਕਮੁ ਪਛਾਨਾ ॥ ਨਾਨਕ ਗੁਰਮਤਿ ਸਹਜਿ ਸਮਾਨਾ ॥੮॥੧॥ {ਪੰਨਾ 221}

ਭਾਵ ਅਰਥ:-

(ਗੁਰੂ ਦੇ ਸ਼ਬਦ ਦੀ ਬਰਕਤ ਨਾਲ, ਹੇ ਪ੍ਰਭੂ!) ਮੈਨੂੰ ਤੈਥੋਂ ਬਿਨਾ ਕੋਈ ਹੋਰ (ਪੱਕਾ) ਮਿੱਤਰ ਨਹੀਂ ਦਿਸਦਾ। ਮੈਂ ਹੁਣ ਕਿਸੇ ਹੋਰ ਨੂੰ ਨਹੀਂ ਸਿਮਰਦਾ, ਮੈਂ ਕਿਸੇ ਹੋਰ ਨੂੰ ਆਪਣਾ ਮਨ ਨਹੀਂ ਭੇਂਟ ਕਰਦਾ। ਮੈਂ ਕਿਸੇ ਹੋਰ ਤੋਂ ਸਲਾਹ ਨਹੀਂ ਪੁੱਛਦਾ। ਮੈਂ ਕਿਸੇ ਹੋਰ ਦੇ ਪੈਰੀਂ ਨਹੀਂ ਲਗਦਾ ਫਿਰਦਾ। ਮੈਂ ਕਿਸੇ ਹੋਰ ਦੇ ਉਪਦੇਸ਼ ਵਿਚ ਸੁਰਤ ਨਹੀਂ ਜੋੜਦਾ ਫਿਰਦਾ।5।

(ਗੁਰੂ ਦੇ ਸ਼ਬਦ ਨੇ ਹੀ ਮੈਨੂੰ ਤੇਰੇ ਗਿਆਨ ਦਾ ਸੁਰਮਾ ਦਿੱਤਾ ਹੈ, ਇਸ ਵਾਸਤੇ) ਮੈਂ ਗੁਰੂ ਦੀ ਹੀ ਸੇਵਾ ਕਰਦਾ ਹਾਂ, ਗੁਰੂ ਦੀ ਹੀ ਚਰਨੀਂ ਲੱਗਦਾ ਹਾਂ। (ਗੁਰੂ ਦੀ ਸਹਾਇਤਾ ਨਾਲ ਹੀ, ਹੇ ਭਾਈ!) ਮੈਂ ਪਰਮਾਤਮਾ ਦੀ ਭਗਤੀ ਕਰਦਾ ਹਾਂ, ਹਰੀ ਦੇ ਨਾਮ ਵਿਚ ਟਿਕਦਾ ਹਾਂ। ਗੁਰੂ ਦੀ ਸਿੱਖਿਆ, ਗੁਰੂ ਦੀ ਦੀਖਿਆ, ਗੁਰੂ ਦੇ ਪ੍ਰੇਮ ਨੂੰ ਹੀ ਮੈਂ ਆਪਣੇ ਆਤਮਾ ਦਾ ਭੋਜਨ ਬਣਾਇਆ ਹੈ। ਪ੍ਰਭੂ ਦੀ ਰਜ਼ਾ ਵਿਚ ਹੀ ਇਹ ਪਿਛਲੇ ਕਰਮਾਂ ਦਾ ਅੰਕੁਰ ਫੁੱਟਿਆ ਹੈ, ਤੇ ਮੈਂ ਆਪਣੇ ਅਸਲ ਘਰ (ਪ੍ਰਭੂ-ਚਰਨਾਂ) ਵਿਚ ਟਿਕਿਆ ਬੈਠਾ ਹਾਂ।6।

(ਸਿਮਰਨ ਦੀ ਬਰਕਤ ਨਾਲ) ਅਹੰਕਾਰ ਦੂਰ ਹੋ ਗਿਆ ਹੈ, ਆਤਮਕ ਆਨੰਦ ਵਿਚ ਮੇਰੀ ਸੁਰਤ ਟਿਕ ਗਈ ਹੈ, ਮੇਰੇ ਆਤਮਕ ਚਾਨਣ ਹੋ ਗਿਆ ਹੈ, ਮੇਰੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਗਈ ਹੈ। (ਮੇਰੇ ਹਿਰਦੇ ਵਿਚ) ਉੱਕਰਿਆ ਹੋਇਆ ਗੁਰ-ਸ਼ਬਦ (ਰੂਪ) ਲੇਖ ਹੁਣ ਅਜਿਹਾ ਪਰਗਟ ਹੋ ਗਿਆ ਹੈ ਕਿ ਮਿਟ ਨਹੀਂ ਸਕਦਾ। ਮੈਂ ਕਰਤੇ ਤੇ (ਕਰਤੇ ਦੀ) ਰਚਨਾ ਨੂੰ ਕਰਤਾਰ-ਰੂਪ ਹੀ ਜਾਣ ਲਿਆ ਹੈ, (ਮੈਂ ਕਰਤਾਰ ਨੂੰ ਹੀ ਸ੍ਰਿਸ਼ਟੀ ਦਾ ਰਚਨਹਾਰਾ ਜਾਣ ਲਿਆ ਹੈ) ।7।

ਮੈਂ ਕੋਈ ਪੰਡਿਤ ਨਹੀਂ ਹਾਂ, ਮੈਂ ਚਤੁਰ ਨਹੀਂ ਹਾਂ, ਮੈਂ ਸਿਆਣਾ ਨਹੀਂ ਹਾਂ, (ਭਾਵ, ਮੈਂ ਕਿਸੇ ਵਿਦਵਤਾ ਚਤੁਰਾਈ ਸਿਆਣਪ ਦਾ ਆਸਰਾ ਨਹੀਂ ਲਿਆ) ਤਾਂਹੀਓਂ ਮੈਂ (ਰਸਤੇ ਤੋਂ) ਖੁੰਝਿਆ ਨਹੀਂ, ਭਟਕਣਾ ਵਿਚ ਪੈ ਕੇ ਕੁਰਾਹੇ ਨਹੀਂ ਪਿਆ। ਮੈਂ ਕੋਈ ਚਤੁਰਾਈ ਦੀਆਂ ਗੱਲਾਂ ਨਹੀਂ ਕਰਦਾ। ਹੇ ਨਾਨਕ! (ਆਖ-) ਮੈਂ ਤਾਂ ਸਤਿਗੁਰੂ ਦੀ ਮਤਿ ਲੈ ਕੇ ਪਰਮਾਤਮਾ ਦੇ ਹੁਕਮ ਨੂੰ ਪਛਾਣਿਆ ਹੈ (ਭਾਵ, ਮੈਂ ਇਹ ਸਮਝਿਆ ਹੈ ਕਿ ਪ੍ਰਭੂ ਦੇ ਹੁਕਮ ਵਿਚ ਤੁਰਨਾ ਹੀ ਸਹੀ ਰਸਤਾ ਹੈ, ਤੇ ਮੈਂ ਅਡੋਲ ਅਵਸਥਾ ਵਿਚ ਟਿਕ ਗਿਆ ਹਾਂ।8।1।

ਗਉੜੀ ਗੁਆਰੇਰੀ ਮਹਲਾ ੧ ॥

ਮਨੁ ਕੁੰਚਰੁ ਕਾਇਆ ਉਦਿਆਨੈ ॥ ਗੁਰੁ ਅੰਕਸੁ ਸਚੁ ਸਬਦੁ ਨੀਸਾਨੈ ॥ ਰਾਜ ਦੁਆਰੈ ਸੋਭ ਸੁ ਮਾਨੈ ॥੧॥ ਚਤੁਰਾਈ ਨਹ ਚੀਨਿਆ ਜਾਇ ॥ ਬਿਨੁ ਮਾਰੇ ਕਿਉ ਕੀਮਤਿ ਪਾਇ ॥੧॥ ਰਹਾਉ ॥ ਘਰ ਮਹਿ ਅੰਮ੍ਰਿਤੁ ਤਸਕਰੁ ਲੇਈ ॥ ਨੰਨਾਕਾਰੁ ਨ ਕੋਇ ਕਰੇਈ ॥ ਰਾਖੈ ਆਪਿ ਵਡਿਆਈ ਦੇਈ ॥੨॥ ਨੀਲ ਅਨੀਲ ਅਗਨਿ ਇਕ ਠਾਈ ॥ ਜਲਿ ਨਿਵਰੀ ਗੁਰਿ ਬੂਝ ਬੁਝਾਈ ॥ ਮਨੁ ਦੇ ਲੀਆ ਰਹਸਿ ਗੁਣ ਗਾਈ ॥੩॥ ਜੈਸਾ ਘਰਿ ਬਾਹਰਿ ਸੋ ਤੈਸਾ ॥ ਬੈਸਿ ਗੁਫਾ ਮਹਿ ਆਖਉ ਕੈਸਾ ॥ ਸਾਗਰਿ ਡੂਗਰਿ ਨਿਰਭਉ ਐਸਾ ॥੪॥ {ਪੰਨਾ 221}

ਭਾਵ ਅਰਥ:-

ਮਨ ਨੂੰ ਵਿਕਾਰਾਂ ਵਲੋਂ ਮਾਰਨ ਤੋਂ ਬਿਨਾ ਮਨ ਦੀ ਕਦਰ ਨਹੀਂ ਪੈ ਸਕਦੀ (ਭਾਵ, ਉਹੀ ਮਨ ਆਦਰ-ਸਤਕਾਰ ਦਾ ਹੱਕਦਾਰ ਹੁੰਦਾ ਹੈ, ਜੇਹੜਾ ਵੱਸ ਵਿਚ ਆ ਜਾਂਦਾ ਹੈ) । ਚਤੁਰਾਈ ਨਾਲ ਇਹ ਪਛਾਣ ਨਹੀਂ ਹੁੰਦੀ ਕਿ (ਚਤੁਰਾਈ ਦਿਖਾਉਣ ਵਾਲਾ) ਮਨ ਕੀਮਤ ਪਾਉਣ ਦਾ ਹੱਕਦਾਰ ਹੋ ਗਿਆ ਹੈ।1। ਰਹਾਉ।

(ਇਸ) ਸਰੀਰ ਜੰਗਲ ਵਿਚ ਮਨ ਹਾਥੀ (ਸਮਾਨ) ਹੈ। (ਜਿਸ ਮਨ-ਹਾਥੀ ਦੇ ਸਿਰ ਉਤੇ) ਗੁਰੂ ਕੁੰਡਾ ਹੋਵੇ ਅਤੇ ਸਦਾ-ਥਿਰ (ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ) ਸ਼ਬਦ ਨਿਸ਼ਾਨ (ਝੁੱਲ ਰਿਹਾ) ਹੋਵੇ, (ਉਹ ਮਨ-ਹਾਥੀ) ਪ੍ਰਭੂ-ਪਾਤਸ਼ਾਹ ਦੇ ਦਰ ਤੇ ਸੋਭਾ ਪਾਂਦਾ ਹੈ ਉਹ ਆਦਰ ਪਾਂਦਾ ਹੈ।1।

(ਮਨੁੱਖ ਦੇ ਹਿਰਦੇ-) ਘਰ ਵਿਚ ਨਾਮ-ਅੰਮ੍ਰਿਤ ਮੌਜੂਦ ਹੈ, (ਪਰ ਮੋਹ ਵਿਚ ਫਸਿਆ ਹੋਇਆ ਮਨ-) ਚੋਰ (ਉਸ ਅੰਮ੍ਰਿਤ ਨੂੰ) ਚੁਰਾਈ ਜਾਂਦਾ ਹੈ, (ਇਹ ਮਨ ਏਨਾ ਆਕੀ ਹੋਇਆ ਪਿਆ ਹੈ ਕਿ ਕੋਈ ਜੀਵ ਇਸ ਦੇ ਅੱਗੇ ਨਾਂਹ-ਨੁੱਕਰ ਨਹੀਂ ਕਰ ਸਕਦਾ। ਪਰਮਾਤਮਾ ਆਪ ਜਿਸ (ਦੇ ਅੰਦਰ ਵੱਸਦੇ ਅੰਮ੍ਰਿਤ) ਦੀ ਰਾਖੀ ਕਰਦਾ ਹੈ, ਉਸ ਨੂੰ ਵਡਿਆਈ ਬਖ਼ਸ਼ਦਾ ਹੈ।2।

(ਇਸ ਮਨ ਵਿਚ) ਤ੍ਰਿਸ਼ਨਾ ਦੀ ਬੇਅੰਤ ਅੱਗ ਇਕੋ ਥਾਂ ਤੇ ਪਈ ਹੈ, ਜਿਸ ਨੂੰ ਗੁਰੂ ਨੇ (ਤ੍ਰਿਸ਼ਨਾ-ਅੱਗ ਤੋਂ ਬਚਣ ਦੀ) ਸਮਝ ਬਖ਼ਸ਼ੀ ਹੈ, ਉਸ ਦੀ ਇਹ ਅੱਗ ਪ੍ਰਭੂ ਦੇ ਨਾਮ-ਜਲ ਨਾਲ ਬੁਝ ਜਾਂਦੀ ਹੈ, (ਪਰ ਜਿਸ ਨੇ ਭੀ ਨਾਮ-ਜਲ ਲਿਆ ਹੈ) ਆਪਣਾ ਮਨ (ਵੱਟੇ ਵਿਚ) ਦੇ ਕੇ ਲਿਆ ਹੈ, ਉਹ (ਫਿਰ) ਚਾਉ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੁਣ ਗਾਂਦਾ ਹੈ।2।

(ਜੇ ਮਨ-ਹਾਥੀ ਦੇ ਸਿਰ ਤੇ ਗੁਰੂ-ਕੁੰਡਾ ਨਹੀਂ ਹੈ ਤਾਂ) ਜਿਹੋ ਜਿਹਾ (ਅਮੋੜ) ਇਹ ਗ੍ਰਿਹਸਤ ਵਿਚ (ਰਹਿੰਦਿਆਂ) ਹੈ, ਉਹੋ ਜਿਹਾ (ਅਮੋੜ) ਇਹ ਬਾਹਰ (ਜੰਗਲਾਂ ਵਿਚ ਰਹਿੰਦਿਆਂ) ਹੁੰਦਾ ਹੈ। ਪਹਾੜ ਦੀ ਗੁਫ਼ਾ ਵਿਚ ਭੀ ਬੈਠ ਕੇ ਮੈਂ ਕੀਹ ਆਖਾਂ ਕਿ ਕਿਹੋ ਜਿਹਾ ਬਣ ਗਿਆ ਹੈ? (ਗੁਫ਼ਾ ਵਿਚ ਟਿਕੇ ਰਿਹਾਂ ਭੀ ਇਹ ਮਨ ਅਮੋੜ ਹੀ ਰਹਿੰਦਾ ਹੈ) । ਸਮੁੰਦਰ ਵਿਚ ਵੜੇ (ਤੀਰਥਾਂ ਵਿਚ ਚੁੱਭੀ ਲਾਏ, ਚਾਹੇ) ਪਹਾੜ (ਦੀ ਗੁਫ਼ਾ) ਵਿਚ ਬੈਠੇ, ਇਹ ਇਕੋ ਜਿਹਾ ਨਿਡਰ ਰਹਿੰਦਾ ਹੈ।4।

ਮੂਏ ਕਉ ਕਹੁ ਮਾਰੇ ਕਉਨੁ ॥ ਨਿਡਰੇ ਕਉ ਕੈਸਾ ਡਰੁ ਕਵਨੁ ॥ ਸਬਦਿ ਪਛਾਨੈ ਤੀਨੇ ਭਉਨ ॥੫॥ ਜਿਨਿ ਕਹਿਆ ਤਿਨਿ ਕਹਨੁ ਵਖਾਨਿਆ ॥ ਜਿਨਿ ਬੂਝਿਆ ਤਿਨਿ ਸਹਜਿ ਪਛਾਨਿਆ ॥ ਦੇਖਿ ਬੀਚਾਰਿ ਮੇਰਾ ਮਨੁ ਮਾਨਿਆ ॥੬॥ ਕੀਰਤਿ ਸੂਰਤਿ ਮੁਕਤਿ ਇਕ ਨਾਈ ॥ ਤਹੀ ਨਿਰੰਜਨੁ ਰਹਿਆ ਸਮਾਈ ॥ ਨਿਜ ਘਰਿ ਬਿਆਪਿ ਰਹਿਆ ਨਿਜ ਠਾਈ ॥੭॥ ਉਸਤਤਿ ਕਰਹਿ ਕੇਤੇ ਮੁਨਿ ਪ੍ਰੀਤਿ ॥ ਤਨਿ ਮਨਿ ਸੂਚੈ ਸਾਚੁ ਸੁ ਚੀਤਿ ॥ ਨਾਨਕ ਹਰਿ ਭਜੁ ਨੀਤਾ ਨੀਤਿ ॥੮॥੨॥ {ਪੰਨਾ 221-222}

ਭਾਵ ਅਰਥ:-

ਪਰ ਜੇ ਇਹ (ਮਨ-ਹਾਥੀ ਗੁਰੂ-ਕੁੰਡੇ ਦੇ ਅਧੀਨ ਰਹਿ ਕੇ ਵਿਕਾਰਾਂ ਵਲੋਂ) ਮਰ ਜਾਏ ਤਾਂ ਕੋਈ ਵਿਕਾਰ ਇਸ ਤੇ ਚੋਟ ਨਹੀਂ ਕਰ ਸਕਦਾ। ਜੇ ਇਹ (ਗੁਰੂ-ਕੁੰਡੇ ਦੇ ਡਰ ਵਿਚ ਰਹਿ ਕੇ) ਨਿਡਰ (ਦਲੇਰ) ਹੋ ਜਾਏ, ਤਾਂ ਦੁਨੀਆ ਵਾਲਾ ਕੋਈ ਡਰ ਇਸ ਨੂੰ ਪੋਹ ਨਹੀਂ ਸਕਦਾ (ਕਿਉਂਕਿ) ਗੁਰੂ ਦੇ ਸ਼ਬਦ ਵਿਚ ਜੁੜ ਕੇ ਇਹ ਪਛਾਣ ਲੈਂਦਾ ਹੈ ਕਿ (ਇਸ ਦਾ ਰਾਖਾ ਪਰਮਾਤਮਾ) ਤਿੰਨਾਂ ਹੀ ਭਵਨਾਂ ਵਿਚ ਹਰ ਥਾਂ ਵੱਸਦਾ ਹੈ।5।

ਜਿਸ ਮਨੁੱਖ ਨੇ (ਨਿਰੀ ਮਨ ਦੀ ਚਤੁਰਾਈ ਨਾਲ ਹੀ ਇਹ) ਕਹਿ ਦਿੱਤਾ (ਕਿ ਪਰਮਾਤਮਾ ਤਿੰਨਾਂ ਭਵਨਾਂ ਵਿਚ ਹਰ ਥਾਂ ਮੌਜੂਦ ਹੈ) ਉਸ ਨੇ ਜ਼ਬਾਨੀ ਜ਼ਬਾਨੀ ਹੀ ਆਖ ਦਿੱਤਾ (ਉਸ ਦਾ ਮਨ-ਹਾਥੀ ਅਜੇ ਭੀ ਅਮੋੜ ਹੈ) । ਜਿਸ ਨੇ (ਗੁਰੂ-ਅੰਕੁਸ ਦੇ ਅਧੀਨ ਰਹਿ ਕੇ ਇਹ ਭੇਤ) ਸਮਝ ਲਿਆ, ਉਸ ਨੇ ਅਡੋਲ ਆਤਮਕ ਅਵਸਥਾ ਵਿਚ ਟਿਕ ਕੇ (ਉਸ ਤਿੰਨਾਂ ਭਵਨਾਂ ਵਿਚ ਵੱਸਦੇ ਨੂੰ) ਪਛਾਣ ਭੀ ਲਿਆ। (ਹਰ ਥਾਂ ਪ੍ਰਭੂ ਦਾ) ਦਰਸਨ ਕਰ ਕੇ ਪ੍ਰਭੂ ਦੇ ਗੁਣਾਂ ਨੂੰ ਵਿਚਾਰ ਕੇ ਉਸ ਦਾ 'ਮੇਰਾ, ਮੇਰਾ' ਆਖਣ ਵਾਲਾ ਮਨ (ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ) ਗਿੱਝ ਜਾਂਦਾ ਹੈ।6।

ਜਿਸ ਹਿਰਦੇ ਵਿਚ ਇਕ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੈ, ਉਥੇ ਸੋਭਾ ਹੈ, ਉਥੇ ਸੁੰਦਰਤਾ ਹੈ, ਉਥੇ ਵਿਕਾਰਾਂ ਤੋਂ ਖ਼ਲਾਸੀ ਹੈ, ਉਥੇ ਹੀ ਮਾਇਆ ਦੇ ਪ੍ਰਭਾਵ ਤੋਂ ਰਹਿਤ ਪਰਮਾਤਮਾ ਹਰ ਵੇਲੇ ਮੌਜੂਦ ਹੈ। (ਉਹ ਹਿਰਦਾ ਪਰਮਾਤਮਾ ਦਾ ਆਪਣਾ ਘਰ ਬਣ ਗਿਆ, ਆਪਣਾ ਨਿਵਾਸ-ਥਾਂ ਬਣ ਗਿਆ) , ਉਸ ਆਪਣੇ ਘਰ ਵਿਚ, ਉਸ ਆਪਣੇ ਨਿਵਾਸ-ਥਾਂ ਵਿਚ ਪਰਮਾਤਮਾ ਹਰ ਵੇਲੇ ਮੌਜੂਦ ਹੈ।7।

ਅਨੇਕਾਂ ਹੀ ਮੁਨੀ ਲੋਕ (ਮਨ-ਹਾਥੀ ਨੂੰ ਗੁਰੂ-ਕੁੰਡੇ ਦੇ ਅਧੀਨ ਕਰ ਕੇ) ਪਵਿਤ੍ਰ ਸਰੀਰ ਨਾਲ ਪਵਿਤ੍ਰ ਮਨ ਨਾਲ ਪਿਆਰ ਵਿਚ ਜੁੜ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਉਹਨਾਂ ਦੇ ਹਿਰਦੇ ਵਿਚ ਵੱਸਦਾ ਹੈ।

ਹੇ ਨਾਨਕ! ਤੂੰ ਭੀ (ਇਸੇ ਤਰ੍ਹਾਂ) ਸਦਾ ਸਦਾ ਉਸ ਪਰਮਾਤਮਾ ਦਾ ਭਜਨ ਕਰ।8।

ਅੰਗ 222

ਗਉੜੀ ਗੁਆਰੇਰੀ ਮਹਲਾ ੧ ॥

ਨਾ ਮਨੁ ਮਰੈ ਨ ਕਾਰਜੁ ਹੋਇ ॥ ਮਨੁ ਵਸਿ ਦੂਤਾ ਦੁਰਮਤਿ ਦੋਇ ॥ ਮਨੁ ਮਾਨੈ ਗੁਰ ਤੇ ਇਕੁ ਹੋਇ ॥੧॥ ਨਿਰਗੁਣ ਰਾਮੁ ਗੁਣਹ ਵਸਿ ਹੋਇ ॥ ਆਪੁ ਨਿਵਾਰਿ ਬੀਚਾਰੇ ਸੋਇ ॥੧॥ ਰਹਾਉ ॥ ਮਨੁ ਭੂਲੋ ਬਹੁ ਚਿਤੈ ਵਿਕਾਰੁ ॥ ਮਨੁ ਭੂਲੋ ਸਿਰਿ ਆਵੈ ਭਾਰੁ ॥ ਮਨੁ ਮਾਨੈ ਹਰਿ ਏਕੰਕਾਰੁ ॥੨॥ ਮਨੁ ਭੂਲੋ ਮਾਇਆ ਘਰਿ ਜਾਇ ॥ ਕਾਮਿ ਬਿਰੂਧਉ ਰਹੈ ਨ ਠਾਇ ॥ ਹਰਿ ਭਜੁ ਪ੍ਰਾਣੀ ਰਸਨ ਰਸਾਇ ॥੩॥ ਗੈਵਰ ਹੈਵਰ ਕੰਚਨ ਸੁਤ ਨਾਰੀ ॥ ਬਹੁ ਚਿੰਤਾ ਪਿੜ ਚਾਲੈ ਹਾਰੀ ॥ ਜੂਐ ਖੇਲਣੁ ਕਾਚੀ ਸਾਰੀ ॥੪॥ ਸੰਪਉ ਸੰਚੀ ਭਏ ਵਿਕਾਰ ॥ ਹਰਖ ਸੋਕ ਉਭੇ ਦਰਵਾਰਿ ॥ ਸੁਖੁ ਸਹਜੇ ਜਪਿ ਰਿਦੈ ਮੁਰਾਰਿ ॥੫॥ {ਪੰਨਾ 222}

ਭਾਵ ਅਰਥ:-

ਪਰਮਾਤਮਾ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਹੈ, ਤੇ, ਉੱਚੇ ਆਤਮਕ ਗੁਣਾਂ ਦੇ ਵੱਸ ਵਿਚ ਹੈ (ਭਾਵ, ਜੋ ਮਨੁੱਖ ਉੱਚੇ ਆਤਮਕ ਗੁਣਾਂ ਨੂੰ ਆਪਣੇ ਅੰਦਰ ਵਸਾਂਦਾ ਹੈ, ਪਰਮਾਤਮਾ ਉਸ ਨਾਲ ਪਿਆਰ ਕਰਦਾ ਹੈ) । ਜੇਹੜਾ ਮਨੁੱਖ ਆਪਾ-ਭਾਵ ਦੂਰ ਕਰ ਲੈਂਦਾ ਹੈ ਉਹ ਸ਼ੁਭ ਗੁਣਾਂ ਨੂੰ ਆਪਣੇ ਮਨ ਵਿਚ ਵਸਾਂਦਾ ਹੈ।1। ਰਹਾਉ।

ਜਿਤਨਾ ਚਿਰ ਮਨੁੱਖ ਦਾ ਮਨ ਕਾਮਾਦਿਕ ਵਿਕਾਰਾਂ ਦੇ ਵੱਸ ਵਿਚ ਹੈ, ਕੋਝੀ ਮਤਿ ਦੇ ਅਧੀਨ ਹੈ, ਮੇਰ-ਤੇਰ ਦੇ ਕਾਬੂ ਵਿਚ ਹੈ, ਉਤਨਾ ਚਿਰ ਮਨ (ਤ੍ਰਿਸ਼ਨਾ ਵਲੋਂ) ਮਰਦਾ ਨਹੀਂ ਤੇ ਉਤਨਾ ਚਿਰ (ਪਰਮਾਤਮਾ ਨਾਲ ਇੱਕ-ਰੂਪ ਹੋਣ ਦਾ) ਜਨਮ-ਮਨੋਰਥ ਭੀ ਸਿਰੇ ਨਹੀਂ ਚੜ੍ਹਦਾ। ਜਦੋਂ ਗੁਰੂ ਤੋਂ (ਸਿੱਖਿਆ ਲੈ ਕੇ ਮਨੁੱਖ ਦਾ) ਮਨ (ਸਿਫ਼ਤਿ-ਸਾਲਾਹ ਵਿਚ) ਗਿੱਝ ਜਾਂਦਾ ਹੈ, ਤਦੋਂ ਇਹ ਪਰਮਾਤਮਾ ਨਾਲ ਇੱਕ-ਰੂਪ ਹੋ ਜਾਂਦਾ ਹੈ।1।

(ਮਾਇਆ-ਵੱਸ ਹੋ ਕੇ ਜਿਤਨਾ ਚਿਰ) ਮਨ ਕੁਰਾਹੇ ਪਿਆ ਰਹਿੰਦਾ ਹੈ, ਉਤਨਾ ਚਿਰ ਇਹ ਵਿਕਾਰ ਹੀ ਵਿਕਾਰ ਚਿਤਵਦਾ ਰਹਿੰਦਾ ਹੈ, (ਮਨੁੱਖ ਦੇ) ਸਿਰ ਉਤੇ ਵਿਕਾਰਾਂ ਦਾ ਬੋਝ ਇਕੱਠਾ ਹੁੰਦਾ ਜਾਂਦਾ ਹੈ। ਪਰ ਜਦੋਂ (ਗੁਰੂ ਤੋਂ ਸਿੱਖਿਆ ਲੈ ਕੇ) ਮਨ (ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ) ਪਰਚਦਾ ਹੈ, ਤਦੋਂ ਇਹ ਪਰਮਾਤਮਾ ਨਾਲ ਇਕ-ਸੁਰ ਹੋ ਜਾਂਦਾ ਹੈ।2।

(ਮਾਇਆ ਦੇ ਅਸਰ ਹੇਠ ਆ ਕੇ) ਕੁਰਾਹੇ ਪਿਆ ਮਨ ਮਾਇਆ ਦੇ ਘਰ ਵਿਚ (ਮੁੜ ਮੁੜ) ਜਾਂਦਾ ਹੈ, ਕਾਮ-ਵਾਸਨਾ ਵਿਚ ਫਸਿਆ ਹੋਇਆ ਮਨ ਟਿਕਾਣੇ-ਸਿਰ ਨਹੀਂ ਰਹਿੰਦਾ। (ਇਸ ਮਾਇਆ ਦੇ ਪ੍ਰਭਾਵ ਤੋਂ ਬਚਣ ਲਈ) ਹੇ ਪ੍ਰਾਣੀ! ਆਪਣੀ ਜੀਭ ਨੂੰ (ਅੰਮ੍ਰਿਤ ਰਸ ਵਿਚ) ਰਸਾ ਕੇ ਪਰਮਾਤਮਾ ਦਾ ਭਜਨ ਕਰ।3।

ਵਧੀਆ ਹਾਥੀ, ਵਧੀਆ ਘੋੜੇ, ਸੋਨਾ, ਪੁੱਤਰ, ਇਸਤ੍ਰੀ = (ਇਹਨਾਂ ਦਾ ਮੋਹ) ਜੂਏ ਦੀ ਖੇਡ ਹੈ, (ਚਉਪੜ ਦੀਆਂ) ਕੱਚੀਆਂ ਨਰਦਾਂ (ਮੁੜ ਮੁੜ ਮਾਰ ਖਾਂਦੀਆਂ ਹਨ, ਤਿਵੇਂ ਇਸ ਜੂਏ ਦੀ ਖੇਡ ਖੇਡਣ ਵਾਲੇ ਦਾ ਮਨ ਕਮਜ਼ੋਰ ਰਹਿ ਕੇ ਵਿਕਾਰਾਂ ਦੀਆਂ ਚੋਟਾਂ ਖਾਂਦਾ ਰਹਿੰਦਾ ਹੈ) । (ਪੁੱਤਰ ਇਸਤ੍ਰੀ ਆਦਿਕ ਦੇ ਮੋਹ ਦੇ ਕਾਰਨ) ਮਨ ਨੂੰ ਬਹੁਤ ਚਿੰਤਾ ਵਿਆਪਦੀ ਹੈ, ਤੇ, ਆਖ਼ਿਰ ਇਸ ਜਗਤ-ਅਖਾੜੇ ਤੋਂ ਮਨੁੱਖ ਬਾਜ਼ੀ ਹਾਰ ਕੇ ਜਾਂਦਾ ਹੈ।4।

ਜਿਉਂ ਜਿਉਂ ਮਨੁੱਖ ਧਨ ਜੋੜਦਾ ਹੈ ਮਨ ਵਿਚ ਵਿਕਾਰ ਪੈਦਾ ਹੁੰਦੇ ਜਾਂਦੇ ਹਨ, (ਕਦੇ ਖ਼ੁਸ਼ੀ ਕਦੇ ਚਿੰਤਾ) ਇਹ ਖ਼ੁਸ਼ੀ ਤੇ ਸਹਮ ਸਦਾ ਮਨੁੱਖ ਦੇ ਬੂਹੇ ਉਤੇ ਖਲੋਤੇ ਹੀ ਰਹਿੰਦੇ ਹਨ। ਪਰ ਹਿਰਦੇ ਵਿਚ ਪਰਮਾਤਮਾ ਦਾ ਸਿਮਰਨ ਕੀਤਿਆਂ ਮਨ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ।5।

ਨਦਰਿ ਕਰੇ ਤਾ ਮੇਲਿ ਮਿਲਾਏ ॥ ਗੁਣ ਸੰਗ੍ਰਹਿ ਅਉਗਣ ਸਬਦਿ ਜਲਾਏ ॥ ਗੁਰਮੁਖਿ ਨਾਮੁ ਪਦਾਰਥੁ ਪਾਏ ॥੬॥ ਬਿਨੁ ਨਾਵੈ ਸਭ ਦੂਖ ਨਿਵਾਸੁ ॥ ਮਨਮੁਖ ਮੂੜ ਮਾਇਆ ਚਿਤ ਵਾਸੁ ॥ ਗੁਰਮੁਖਿ ਗਿਆਨੁ ਧੁਰਿ ਕਰਮਿ ਲਿਖਿਆਸੁ ॥੭॥ ਮਨੁ ਚੰਚਲੁ ਧਾਵਤੁ ਫੁਨਿ ਧਾਵੈ ॥ ਸਾਚੇ ਸੂਚੇ ਮੈਲੁ ਨ ਭਾਵੈ ॥ ਨਾਨਕ ਗੁਰਮੁਖਿ ਹਰਿ ਗੁਣ ਗਾਵੈ ॥੮॥੩॥ {ਪੰਨਾ 222}

ਭਾਵ ਅਰਥ:-

(ਪਰ ਜੀਵ ਦੇ ਕੀਹ ਵੱਸ?) ਜਦੋਂ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਤਦੋਂ ਗੁਰੂ ਇਸ ਨੂੰ ਆਪਣੇ ਸ਼ਬਦ ਵਿਚ ਜੋੜ ਕੇ ਪ੍ਰਭੂ-ਚਰਨਾਂ ਵਿਚ ਮਿਲਾ ਦੇਂਦਾ ਹੈ। (ਗੁਰੂ ਦੇ ਸਨਮੁਖ ਹੋ ਕੇ) ਜੀਵ ਆਤਮਕ ਗੁਣ (ਆਪਣੇ ਅੰਦਰ) ਇਕੱਠੇ ਕਰ ਕੇ ਗੁਰ-ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਔਗੁਣ ਸਾੜ ਦੇਂਦਾ ਹੈ। ਗੁਰੂ ਦੇ ਸਨਮੁਖ ਹੋ ਕੇ ਮਨੁੱਖ ਨਾਮ-ਧਨ ਲੱਭ ਲੈਂਦਾ ਹੈ।6।

ਪ੍ਰਭੂ ਦੇ ਨਾਮ ਵਿਚ ਜੁੜਨ ਤੋਂ ਬਿਨਾ ਮਨੁੱਖ ਦੇ ਮਨ ਵਿਚ ਸਾਰੇ ਦੁੱਖ-ਕਲੇਸ਼ਾਂ ਦਾ ਡੇਰਾ ਆ ਲੱਗਦਾ ਹੈ, ਮੂਰਖ ਮਨਮੁਖ ਦੇ ਚਿੱਤ ਦਾ ਵਾਸਾ ਮਾਇਆ (ਦੇ ਮੋਹ) ਵਿਚ ਹੀ ਰਹਿੰਦਾ ਹੈ। ਧੁਰੋਂ ਪਰਮਾਤਮਾ ਦੀ ਮਿਹਰ ਨਾਲ (ਜਿਸ ਦੇ ਮੱਥੇ ਉਤੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ) ਲੇਖ ਉੱਘੜਦਾ ਹੈ, ਉਹ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ।7।

(ਆਤਮਕ ਗੁਣਾਂ ਤੋਂ ਸੱਖਣਾ) ਮਨ ਚੰਚਲ ਰਹਿੰਦਾ ਹੈ (ਮਾਇਆ ਦੇ ਪਿੱਛੇ) ਦੌੜਦਾ ਹੈ ਮੁੜ ਮੁੜ ਦੌੜਦਾ ਹੈ। ਸਦਾ-ਥਿਰ ਰਹਿਣ ਵਾਲੇ ਤੇ (ਵਿਕਾਰਾਂ ਦੀ ਭਿੱਟ ਤੋਂ) ਸੁੱਚੇ ਪਰਮਾਤਮਾ ਨੂੰ (ਮਨੁੱਖ ਦੇ ਮਨ ਦੀ ਇਹ) ਮੈਲ ਚੰਗੀ ਨਹੀਂ ਲੱਗਦੀ (ਇਸ ਵਾਸਤੇ ਇਹ ਪਰਮਾਤਮਾ ਤੋਂ ਵਿਛੁੜਿਆ ਰਹਿੰਦਾ ਹੈ) ।

ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਪਰਮਾਤਮਾ ਦੇ ਗੁਣ ਗਾਂਦਾ ਹੈ (ਤੇ ਉਸ ਦਾ ਜਨਮ-ਮਨੋਰਥ ਸਿਰੇ ਚੜ੍ਹ ਜਾਂਦਾ ਹੈ) ।8।

ਗਉੜੀ ਗੁਆਰੇਰੀ ਮਹਲਾ ੧ ॥

ਹਉਮੈ ਕਰਤਿਆ ਨਹ ਸੁਖੁ ਹੋਇ ॥ ਮਨਮਤਿ ਝੂਠੀ ਸਚਾ ਸੋਇ ॥ ਸਗਲ ਬਿਗੂਤੇ ਭਾਵੈ ਦੋਇ ॥ ਸੋ ਕਮਾਵੈ ਧੁਰਿ ਲਿਖਿਆ ਹੋਇ ॥੧॥ ਐਸਾ ਜਗੁ ਦੇਖਿਆ ਜੂਆਰੀ ॥ ਸਭਿ ਸੁਖ ਮਾਗੈ ਨਾਮੁ ਬਿਸਾਰੀ ॥੧॥ ਰਹਾਉ ॥ ਅਦਿਸਟੁ ਦਿਸੈ ਤਾ ਕਹਿਆ ਜਾਇ ॥ ਬਿਨੁ ਦੇਖੇ ਕਹਣਾ ਬਿਰਥਾ ਜਾਇ ॥ ਗੁਰਮੁਖਿ ਦੀਸੈ ਸਹਜਿ ਸੁਭਾਇ ॥ ਸੇਵਾ ਸੁਰਤਿ ਏਕ ਲਿਵ ਲਾਇ ॥੨॥ ਸੁਖੁ ਮਾਂਗਤ ਦੁਖੁ ਆਗਲ ਹੋਇ ॥ ਸਗਲ ਵਿਕਾਰੀ ਹਾਰੁ ਪਰੋਇ ॥ ਏਕ ਬਿਨਾ ਝੂਠੇ ਮੁਕਤਿ ਨ ਹੋਇ ॥ ਕਰਿ ਕਰਿ ਕਰਤਾ ਦੇਖੈ ਸੋਇ ॥੩॥ ਤ੍ਰਿਸਨਾ ਅਗਨਿ ਸਬਦਿ ਬੁਝਾਏ ॥ ਦੂਜਾ ਭਰਮੁ ਸਹਜਿ ਸੁਭਾਏ ॥ ਗੁਰਮਤੀ ਨਾਮੁ ਰਿਦੈ ਵਸਾਏ ॥ ਸਾਚੀ ਬਾਣੀ ਹਰਿ ਗੁਣ ਗਾਏ ॥੪॥ {ਪੰਨਾ 222}

ਭਾਵ ਅਰਥ:-

ਮੈਂ ਵੇਖਿਆ ਹੈ ਕਿ ਜਗਤ ਜੂਏ ਦੀ ਖੇਡ ਖੇਡਦਾ ਹੈ, ਅਜੇਹੀ (ਖੇਡ ਖੇਡਦਾ ਹੈ ਕਿ) ਸੁਖ ਤਾਂ ਸਾਰੇ ਹੀ ਮੰਗਦਾ ਹੈ, ਪਰ (ਜਿਸ ਨਾਮ ਤੋਂ ਸੁਖ ਮਿਲਦੇ ਹਨ ਉਸ) ਨਾਮ ਨੂੰ ਵਿਸਾਰ ਰਿਹਾ ਹੈ।1। ਰਹਾਉ।

(ਆਪਣੇ ਮਨ ਦੀ ਅਗਵਾਈ ਵਿਚ ਰਹਿ ਕੇ) ਹਰ ਵੇਲੇ ਆਪਣੇ ਹੀ ਵਡੱਪਣ ਤੇ ਸੁਖ ਦੀਆਂ ਗੱਲਾਂ ਕਰਦਿਆਂ ਸੁਖ ਨਹੀਂ ਮਿਲ ਸਕਦਾ। ਮਨ ਦੀ ਸਿਆਣਪ ਨਾਸਵੰਤ ਪਦਾਰਥਾਂ ਵਿਚ (ਜੋੜਦੀ ਹੈ) , ਉਹ ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ (ਤੇ ਸੁਖ ਦਾ ਸੋਮਾ ਹੈ। 'ਮਨ ਮਤਿ' ਤੇ 'ਪਰਮਾਤਮਾ' ਦਾ ਸੁਭਾਉ ਵੱਖ-ਵੱਖ ਹੈ, ਦੋਹਾਂ ਦਾ ਮੇਲ ਨਹੀਂ। ਸੁਖ ਕਿਥੋਂ ਆਵੇ?) ਜਿਨ੍ਹਾਂ ਨੂੰ (ਨਾਮ ਵਿਸਾਰ ਕੇ) ਮੇਰ-ਤੇਰ ਚੰਗੀ ਲੱਗਦੀ ਹੈ, ਉਹ ਸਾਰੇ ਖ਼ੁਆਰ ਹੀ ਹੁੰਦੇ ਹਨ। (ਪਰ ਜੀਵ ਦੇ ਕੀਹ ਵੱਸ?) (ਕੀਤੇ ਕਰਮਾਂ ਅਨੁਸਾਰ ਜੀਵ ਦੇ ਮੱਥੇ ਉਤੇ) ਜੋ ਧੁਰੋਂ ਲੇਖ ਲਿਖਿਆ ਹੁੰਦਾ ਹੈ, ਉਸੇ ਦੇ ਅਨੁਸਾਰ ਇਥੇ ਕਮਾਈ ਕਰਦਾ ਹੈ (ਨਾਮ-ਸਿਮਰਨ ਛੱਡ ਕੇ ਨਾਸਵੰਤ ਪਦਾਰਥਾਂ ਵਿਚੋਂ ਸੁਖ ਭਾਲਣ ਦੇ ਵਿਅਰਥ ਜਤਨ ਕਰਦਾ ਹੈ) ।1।

ਪਰਮਾਤਮਾ (ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ; ਜੇ ਅੱਖੀਂ ਦਿੱਸੇ, ਤਾਂ ਹੀ (ਉਸ ਨੂੰ ਮਿਲਣ ਦੀ ਖਿੱਚ ਪੈਦਾ ਹੋਵੇ, ਤੇ) ਉਸ ਦਾ ਨਾਮ ਲੈਣ ਨੂੰ ਚਿੱਤ ਕਰੇ। ਅੱਖੀਂ ਦਿੱਸਣ ਤੋਂ ਬਿਨਾ (ਉਸ ਦੇ ਦੀਦਾਰ ਦੀ ਖਿੱਚ ਨਹੀਂ ਬਣਦੀ ਤੇ ਤਾਂਘ ਨਾਲ) ਉਸ ਦਾ ਨਾਮ ਲਿਆ ਨਹੀਂ ਜਾ ਸਕਦਾ (ਖਿੱਚ ਬਣੀ ਰਹਿੰਦੀ ਹੈ ਦਿੱਸਦੇ ਪਦਾਰਥਾਂ ਨਾਲ) । ਗੁਰੂ ਦੇ ਸਨਮੁਖ ਰਿਹਾਂ ਮਨੁੱਖ ਦਾ ਮਨ (ਦਿੱਸਦੇ ਪਦਾਰਥਾਂ ਵਲੋਂ ਹਟ ਕੇ) ਅਡੋਲਤਾ ਵਿਚ ਟਿਕਦਾ ਹੈ, ਪ੍ਰਭੂ-ਪ੍ਰੇਮ ਵਿਚ ਲੀਨ ਹੁੰਦਾ ਹੈ ਤੇ ਇਸ ਤਰ੍ਹਾਂ ਅੰਤਰ-ਆਤਮੇ ਉਹ ਪ੍ਰਭੂ ਦਿੱਸ ਪੈਂਦਾ ਹੈ। ਗੁਰੂ ਦੇ ਸਨਮੁਖ ਮਨੁੱਖ ਦੀ ਸੁਰਤਿ ਗੁਰੂ ਦੀ ਦੱਸੀ ਸੇਵਾ ਵਿਚ ਜੁੜਦੀ ਹੈ, ਉਸ ਦੀ ਲਿਵ ਇਕ ਪਰਮਾਤਮਾ ਵਿਚ ਲੱਗਦੀ ਹੈ।2।

(ਪ੍ਰਭੂ ਦਾ ਨਾਮ ਵਿਸਾਰ ਕੇ) ਸੁਖ ਮੰਗਿਆਂ (ਸਗੋਂ) ਬਹੁਤਾ ਦੁੱਖ ਵਧਦਾ ਹੈ (ਕਿਉਂਕਿ) ਮਨੁੱਖ ਸਾਰੇ ਵਿਕਾਰਾਂ ਦਾ ਹਾਰ ਪ੍ਰੋ ਕੇ (ਆਪਣੇ ਗਲ ਵਿਚ ਪਾ ਲੈਂਦਾ ਹੈ) । ਨਾਸਵੰਤ ਪਦਾਰਥਾਂ ਦੇ ਮੋਹ ਵਿਚ ਫਸੇ ਹੋਏ ਨੂੰ ਪਰਮਾਤਮਾ ਦੇ ਨਾਮ ਤੋਂ ਬਿਨਾ (ਦੁੱਖਾਂ ਤੇ ਵਿਕਾਰਾਂ ਤੋਂ) ਖ਼ਲਾਸੀ ਹਾਸਲ ਨਹੀਂ ਹੁੰਦੀ। (ਪ੍ਰਭੂ ਦੀ ਇਉਂ ਹੀ ਰਜ਼ਾ ਹੈ) ਉਹ ਕਰਤਾਰ ਆਪ ਹੀ ਸਭ ਕੁਝ ਕਰ ਕੇ ਆਪ ਹੀ ਇਸ ਖੇਡ ਨੂੰ ਵੇਖ ਰਿਹਾ ਹੈ।3।

ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁਝਾਂਦਾ ਹੈ; ਅਡੋਲ ਅਵਸਥਾ ਵਿਚ ਟਿਕ ਕੇ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ ਉਸ ਦੀ ਮਾਇਕ ਪਦਾਰਥਾਂ ਵਲ ਦੀ ਭਟਕਣਾ ਮੁੱਕ ਜਾਂਦੀ ਹੈ। ਗੁਰੂ ਦੀ ਸਿੱਖਿਆ ਉਤੇ ਤੁਰ ਕੇ ਉਹ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹੈ। ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਉਹ ਪਰਮਾਤਮਾ ਦੇ ਗੁਣ ਗਾਂਦਾ ਹੈ (ਤੇ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ) ।4।

ਤਨ ਮਹਿ ਸਾਚੋ ਗੁਰਮੁਖਿ ਭਾਉ ॥ ਨਾਮ ਬਿਨਾ ਨਾਹੀ ਨਿਜ ਠਾਉ ॥ ਪ੍ਰੇਮ ਪਰਾਇਣ ਪ੍ਰੀਤਮ ਰਾਉ ॥ ਨਦਰਿ ਕਰੇ ਤਾ ਬੂਝੈ ਨਾਉ ॥੫॥ ਮਾਇਆ ਮੋਹੁ ਸਰਬ ਜੰਜਾਲਾ ॥ ਮਨਮੁਖ ਕੁਚੀਲ ਕੁਛਿਤ ਬਿਕਰਾਲਾ ॥ ਸਤਿਗੁਰੁ ਸੇਵੇ ਚੂਕੈ ਜੰਜਾਲਾ ॥ ਅੰਮ੍ਰਿਤ ਨਾਮੁ ਸਦਾ ਸੁਖੁ ਨਾਲਾ ॥੬॥ ਗੁਰਮੁਖਿ ਬੂਝੈ ਏਕ ਲਿਵ ਲਾਏ ॥ ਨਿਜ ਘਰਿ ਵਾਸੈ ਸਾਚਿ ਸਮਾਏ ॥ ਜੰਮਣੁ ਮਰਣਾ ਠਾਕਿ ਰਹਾਏ ॥ ਪੂਰੇ ਗੁਰ ਤੇ ਇਹ ਮਤਿ ਪਾਏ ॥੭॥ ਕਥਨੀ ਕਥਉ ਨ ਆਵੈ ਓਰੁ ॥ ਗੁਰੁ ਪੁਛਿ ਦੇਖਿਆ ਨਾਹੀ ਦਰੁ ਹੋਰੁ ॥ ਦੁਖੁ ਸੁਖੁ ਭਾਣੈ ਤਿਸੈ ਰਜਾਇ ॥ ਨਾਨਕੁ ਨੀਚੁ ਕਹੈ ਲਿਵ ਲਾਇ ॥੮॥੪॥ {ਪੰਨਾ 222-223}

ਅਰਥ: (ਉਂਵ ਤਾਂ) ਹਰੇਕ ਸਰੀਰ ਵਿਚ ਸਦਾ-ਥਿਰ ਪ੍ਰਭੂ ਵੱਸਦਾ ਹੈ, ਪਰ ਗੁਰੂ ਦੀ ਸਰਨ ਪਿਆਂ ਹੀ ਉਸ ਦੇ ਨਾਲ ਪ੍ਰੇਮ ਜਾਗਦਾ ਹੈ (ਤੇ ਮਨੁੱਖ ਨਾਮ ਸਿਮਰਦਾ ਹੈ) ਨਾਮ ਤੋਂ ਬਿਨਾ ਮਨ ਇੱਕ ਟਿਕਾਣੇ ਉਤੇ ਆ ਹੀ ਨਹੀਂ ਸਕਦਾ। ਪ੍ਰੀਤਮ ਪ੍ਰਭੂ ਭੀ ਪ੍ਰੇਮ ਦੇ ਅਧੀਨ ਹੈ (ਜੇਹੜਾ ਉਸ ਨਾਲ ਪ੍ਰੇਮ ਕਰਦਾ ਹੈ) ਪ੍ਰਭੂ ਉਸ ਉਤੇ ਮਿਹਰ ਦੀ ਨਜ਼ਰ ਕਰਦਾ ਹੈ ਤੇ ਉਹ ਉਸ ਦੇ ਨਾਮ ਦੀ ਕਦਰ ਸਮਝਦਾ ਹੈ।5।

ਮਾਇਆ ਦਾ ਮੋਹ ਸਾਰੇ (ਮਾਇਕ) ਬੰਧਨ ਪੈਦਾ ਕਰਦਾ ਹੈ, (ਇਸੇ ਕਰਕੇ) ਮਨ ਦੇ ਮੁਰੀਦ ਮਨੁੱਖ ਦਾ ਜੀਵਨ ਗੰਦਾ ਭੈੜਾ ਤੇ ਡਰਾਉਣਾ ਬਣ ਜਾਂਦਾ ਹੈ। ਜੇਹੜਾ ਮਨੁੱਖ ਗੁਰੂ ਦਾ ਦੱਸਿਆ ਰਸਤਾ ਫੜਦਾ ਹੈ, ਉਸ ਦੇ ਮਾਇਆ ਵਾਲੇ ਬੰਧਨ ਟੁੱਟ ਜਾਂਦੇ ਹਨ, ਉਹ ਆਤਮਕ ਜੀਵਨ ਦੇਣ ਵਾਲਾ ਨਾਮ ਜਪਦਾ ਹੈ, ਤੇ ਸਦਾ ਹੀ ਆਤਮਕ ਆਨੰਦ ਆਪਣੇ ਅੰਦਰ ਮਾਣਦਾ ਹੈ।6।

ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਨਾਮ ਦੀ ਕਦਰ) ਸਮਝਦਾ ਹੈ, ਇਕ ਪਰਮਾਤਮਾ ਵਿਚ ਸੁਰਤਿ ਜੋੜਦਾ ਹੈ, ਆਪਣੇ ਸ੍ਵੈ ਸਰੂਪ ਵਿਚ ਟਿਕਿਆ ਰਹਿੰਦਾ ਹੈ, ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਲੀਨ ਰਹਿੰਦਾ ਹੈ। ਉਹ ਆਪਣਾ ਜਨਮ ਮਰਨ ਦਾ ਗੇੜ ਰੋਕ ਲੈਂਦਾ ਹੈ। ਪਰ ਇਹ ਅਕਲ ਉਹ ਪੂਰੇ ਗੁਰੂ ਤੋਂ ਹੀ ਪ੍ਰਾਪਤ ਕਰਦਾ ਹੈ।7।

ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਮੈਂ ਉਸ ਦੇ ਗੁਣ ਗਾਂਦਾ ਹਾਂ। ਮੈਂ ਆਪਣੇ ਗੁਰੂ ਨੂੰ ਪੁੱਛ ਕੇ ਵੇਖ ਲਿਆ ਹੈ ਕਿ (ਉਸ ਪ੍ਰਭੂ ਤੋਂ ਬਿਨਾ ਸੁਖ ਦਾ) ਹੋਰ ਕੋਈ ਟਿਕਾਣਾ ਨਹੀਂ ਹੈ। ਜੀਵਾਂ ਨੂੰ ਦੁਖ ਤੇ ਸੁਖ ਉਸ ਪ੍ਰਭੂ ਦੀ ਰਜ਼ਾ ਵਿਚ ਹੀ ਉਸ ਪ੍ਰਭੂ ਦੇ ਭਾਣੇ ਵਿਚ ਹੀ ਮਿਲਦਾ ਹੈ। ਅੰਞਾਣ-ਮਤਿ ਨਾਨਕ (ਪ੍ਰਭੂ-ਚਰਨਾਂ ਵਿਚ) ਸੁਰਤਿ ਜੋੜ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਹੀ ਕਰਦਾ ਹੈ (ਇਸੇ ਵਿਚ ਹੀ ਸੁਖ ਹੈ) ।8।4।



SANJHI SOCH TV & DAILY NEWSPAPER




TO EXPAND YOUR BUSINESS IN INDIAN COMMUNITY

Through Newspaper & T.V, Advertise with us just as low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com | Sanjhi Soch TV NRI

# ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260